Advocate Dr. A.P.Singh
Advocate Manish Sharma
Advocate Pooja Bhaskar Sharma

# ਅੰਮ੍ਰਿਤਸਰ ’ਚ ਫੈਲਿਆ ਸਪਾ ਸੈਂਟਰਾਂ ਦਾ ਗੋਰਖ ਧੰਦਾ, ਰਸ਼ੀਅਨ-ਥਾਈ ਲੜਕੀਆਂ ਦੀ ਭਾਰੀ ਡਿਮਾਂਡ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 29 ਸਤੰਬਰ। ਸਪਾ ਤੇ ਮਸਾਜ ਸੈਂਟਰਾਂ ਦਾ ਗੋਰਖ ਧੰਦਾ ਅੰਮ੍ਰਿਤਸਰ ’ਚ ਮੁੜ ਅੰਦਰਖਾਤੇ ਬਾਦਸਤੂਰ ਚੱਲ ਰਿਹਾ ਹੈ। ਸ਼ਹਿਰ ਦੇ ਕਈ ਹੋਟਲਾਂ ਤੇ ਪ੍ਰਮੁੱਖ ਬਿਲਡਿੰਗਾਂ ’ਚ ਇਨ੍ਹਾਂ ਸੈਂਟਰਾਂ ਦਾ ਜਾਲ ਖੁੰਬਾਂ ਵਾਂਗ ਫੈਲ ਚੁੱਕਾ ਹੈ। ਗੱਲ ਸੂਬੇ ਦੀ ਕੀਤੀ ਜਾਵੇ ਤਾਂ ਸਭ ਤੋਂ ਵੱਧ ਸਪਾ ਸੈਂਟਰ ਪੰਜਾਬ ਦੀ ਆਰਥਿਕ ਰਾਜਧਾਨੀ ਕਹਾਏ ਜਾਣ ਵਾਲੇ ਸ਼ਹਿਰ ਲੁਧਿਆਣਾ, ਜਲੰਧਰ ਤੇ ਅੰਮ੍ਰਿਤਸਰ ਵਿਚ ਹੈ। ਇਨ੍ਹਾਂ ਤਿੰਨਾਂ ਸ਼ਹਿਰਾਂ ਵਿਚ ਇੰਨੀ ਵੱਡੀ ਗਿਣਤੀ ’ਚ ਸਪਾ ਤੇ ਮਸਾਜ ਸੈਂਟਰ ਹਨ, ਜੋ ਪੂਰੇ ਸੂਬੇ ਦੇ 80 ਫੀਸਦੀ ਤੋਂ ਵੀ ਵੱਧ ਬਣਦੇ ਹਨ। ਇਸੇ ਤੋਂ ਸਹਿਜੇ ਅੰਦਾਜ਼ਾ ਲਾਇਆ ਜਾ ਸਕਦਾ ਹੈ ਕਿ ਇਹ ਧੰਦਾ ਦਿਨੋ-ਦਿਨ ਕਿੰਨਾ ਵਧ-ਫੁਲ ਰਿਹਾ ਹੈ। ਅੰਮ੍ਰਿਤਸਰ ਦੀ ਕਮਿਸ਼ਨਰੇਟ ਪੁਲਸ ਨੇ ਹਾਲਾਂਕਿ ਕੁਝ ਸਮੇਂ ਤੋਂ ਕਾਫੀ ਸਪਾ ਸੈਂਟਰਾਂ ਵਿਚ ਰੇਡ ਕਰ ਕੇ ਕਈ ਖੁਲਾਸੇ ਕੀਤੇ ਹਨ ਅਤੇ ਉੱਥੋਂ ਦੇਸੀ ਤੇ ਵਿਦੇਸ਼ੀ ਲੜਕੀਆਂ ਨੂੰ ਬਰਾਮਦ ਕੀਤਾ ਹੈ ਪਰ ਅਜੇ ਵੀ ਅੰਦਰਖਾਤੇ ਇਹ ਗੋਰਖ ਧੰਦਾ ਬਾਦਸਤੂਰ ਜਾਰੀ ਹੈ। ਸੂਤਰਾਂ ਦੀ ਮੰਨੀਏ ਤਾਂ ਇਸ ਗੰਦੇ ਧੰਦੇ ਵਿਚ ਪੈਸਾ ਹੀ ਪੈਸਾ ਹੈ ਅਤੇ ਇਹ ਗੰਦਾ ਕੰਮ 12 ਮਹੀਨੇ ਤੇ 24 ਘੰਟੇ ਚੱਲਦਾ ਹੈ। ਜੇ ਇਸ ਕੰਮ ਪ੍ਰਤੀ ਲਾਗਤ ਦੀ ਗੱਲ ਕੀਤੀ ਜਾਵੇ ਤਾਂ ਸੰਚਾਲਕ ਨੂੰ ਇਕ ਹਾਈਫਾਈ ਬਿਲਡਿੰਗ ਵਿਚ ਆਪਣਾ ਸੈਂਟਰ ਲੈਣਾ ਪੈਂਦਾ ਹੈ ਅਤੇ ਉਸ ਨੂੰ ਚੰਗੇ ਢੰਗਨਾਲ ਡੈਕੋਰੇਟਿਡ ਹੋਣਾ ਚਾਹੀਦਾ ਹੈ, ਬਸ ਇਸ ਗੰਦੇ ਧੰਦੇ ਦੀ ਇਹੀ ਲਾਗਤ ਹੈ ਮਤਲਬ ਇਸ ਕੰਮ ਵਿਚ ਕੋਈ ਸਾਮਾਨ (ਪ੍ਰੋਡਕਟ) ਵਗੈਰਾ ਦਾ ਸਟਾਕ ਨਹੀਂ ਰੱਖਣਾ ਪੈਂਦਾ ਅਤੇ ਕਿਸੇ ਬ੍ਰਾਂਚ ਦੀ ਏਜੰਸੀ ਲੈਣ ਖਾਤਰ ਕਾਫੀ ਵੱਡੀ ਰਕਮ ਵੀ ਖਰਚ ਨਹੀਂ ਕਰਨੀ ਪੈਂਦੀ। ਇਸ ਤੋਂ ਸਪਸ਼ਟ ਹੈਕਿ ਪੰਜਾਬ ਦੇ ਵੱਡੇ ਸ਼ਹਿਰਾਂ ਅੰਮ੍ਰਿਤਸਰ, ਲੁਧਿਆਣਾ ਤੇ ਜਲੰਧਰ ਵਿਚ ਇਸ ਗੋਰਖ ਧੰਦੇ ਦਾ ਕਾਫੀ ਵੱਡਾ ਨੈੱਟਵਰਕ ਬਣ ਚੁੱਕਾ ਹੈ। ਬੀਤੇ ਸਮੇਂ ’ਚ ਜਲੰਧਰ ’ਚ ਫੜੇ ਗਏ ਇਕ ਮੁਲਜ਼ਮ ਤੋਂ ਪੁੱਛਗਿੱਛ ਦੌਰਾਨ ਪੁਲਸ ਨੇ ਲਿੰਕ ਨਾਲ ਲਿੰਕ ਜੋੜਿਆ ਤਾਂ ਇਹ ਮਾਮਲਾ ਸਿਰਫ ਜਲੰਧਰ ਹੀ ਨਹੀਂ, ਸਗੋਂ ਅੰਮ੍ਰਿਤਸਰ ਤੇ ਲੁਧਿਆਣਾ ਤਕ ਫੈਲਿਆ ਹੋਇਆ ਨਿਕਲਿਆ ਸੀ। ਉਸ ਵੇਲੇ ਇਸ ਹਾਈ ਪ੍ਰੋਫਾਈਲ ਨੈੱਟਵਰਕ ਨੇ ਕਾਫੀ ਸੁਰਖੀਆਂ ਬਟੋਰੀਆਂ ਸਨ। ਮਾਮਲਾ ਹਾਈ ਪ੍ਰੋਫਾਈਲ ਹੋਣ ਕਾਰਨ ਇਸ ਤੋਂ ਬਾਅਦ ਅੰਮ੍ਰਿਤਸਰ ’ਚ ਖੁੱਲ੍ਹੇ ਸਪਾ ਤੇ ਸਮਾਜ ਸੈਂਟਰ ਰਾਤੋ-ਰਾਤ ਹੀ ਜਿਵੇਂ ਬੰਦ ਹੋ ਗਏ ਸਨ। ਇਨ੍ਹਾਂ ਸੈਂਟਰਾਂ ਦੇ ਲੱਗੇ ਬੋਰਡ ਵੀ ਰਾਤੋ-ਰਾਤ ਗਾਇਬ ਹੋ ਗਏ ਅਤੇ ਇਨ੍ਹਾਂ ਦੇ ਸੰਚਾਲਕ ਵੀ ਅੰਡਰਗਰਾਊਂਡ ਹੋ ਗਏ ਸਨ। ਪੁਲਸ ਨੇ ਜਦੋਂ ਜਾਂਚ ਦੌਰਾਨ ਇਨ੍ਹਾਂ ਦੇ ਮੋਬਾਈਲ ਫੋਨ ਫਰੋਲੇ ਤਾਂ ਲੱਗਭਗ ਸਾਰਿਆਂ ਹੀ ਫੋਨ ਸਵਿੱਚ ਆਫ ਸਨ। ਇਸ ਸਾਰੇ ਕਾਂਡ ਕਾਰਨ ਇਸ ਗੰਦੇ ਧੰਦੇ ਨੂੰ ਚਲਾਉਣ ਵਾਲੇ ਸੂਬੇ ਦੇ ਲੱਗਭਗ ਸਾਰੇ ਸਪਾ ਤੇ ਮਸਾਜ ਸੈਂਟਰਾਂ ਦੇ ਸੰਚਾਲਕਾਂ ਨੂੰ ਹੱਥਾਂ-ਪੈਰਾਂ ਦੀ ਪੈ ਗਈ ਸੀ। ਅੰਮ੍ਰਿਤਸਰ ’ਚ ਮੁੱਖ ਤੌਰ ’ਤੇ ਇਹ ਸਪਾ ਸੈਂਟਰ ਪੌਸ਼ ਇਲਾਕਿਆਂ ਦੇ ਵੱਡੇ-ਵੱਡੇ ਹੋਟਲਾਂ, ਮਸ਼ਹੂਰ ਬਿਲਡਿੰਗਾਂ ਤੋਂ ਇਲਾਵਾ ਸਿਵਲਲਾਈਨ ਖੇਤਰਾਂ ਤੇ ਰਣਜੀਤ ਐਵੇਨਿਊ ਸਮੇਤ ਹੋਰ ਪੌਸ਼ ਖੇਤਰਾਂ ਵਿਚ ਹਨ। ਇਸ ਤੋਂ ਇਲਾਵਾ ਸ਼ਹਿਰ ਦੇ ਕੁਝ ਹੋਟਲਾਂ ਤੇ ਮੁੱਖ ਕਾਰੋਬਾਰੀ ਸਥਾਨਾਂ ’ਤੇ ਵੀ ਇਹ ਗੰਦਾ ਧੰਦਾ ਅੰਦਰਖਾਤੇ ਚੱਲਦਾ ਰਹਿੰਦਾ ਹੈ। ਇਹ ਸੈਂਟਰ ਅੰਮ੍ਰਿਤਸਰ ’ਚ ਪਿਛਲੇ 7-8 ਸਾਲਾਂ ਤੋਂ ਹੋਂਦ ਵਿਚ ਆਏ ਸਨ ਪਰ ਇਸ ਧੰਦੇ ਵਿਚ ਬੇਤਹਾਸ਼ਾ ਗੈਰ-ਕਾਨੂੰਨੀ ਕਮਾਈ ਵੇਖਦੇ ਹੋਏ ਇਹ ਗੋਰਖ ਧੰਦਾ ਇੰਨਾ ਵਧ-ਫੁਲ ਗਿਆ ਕਿ ਫਿਰ ਤਾਂ ਹੋਟਲਾਂ ਤੋਂ ਇਲਾਵਾ ਇਹ ਧੰਦਾ ਮੁੱਖ ਤੇ ਬਹੁਤ ਭੀੜ-ਭੜੱਕੇ ਵਾਲੇ ਬਾਜ਼ਾਰਾਂ ਵਿਚ ਸੈਂਟਰਾਂ ਦੇ ਰੂਪ ’ਚ ਫੈਲ ਗਿਆ। ਜਲੰਧਰ ਦਾ ਮਾਮਲਾ ਹੁਣ ਠੰਢਾ ਪੈਣ ਦੇ ਨਾਲ ਹੀ ਮੁੜ ਇਨ੍ਹਾਂ ਸਪਾ ਤੇ ਮਸਾਜ ਸੈਂਟਰਾਂ ਦਾ ਜਾਲ ਫੈਲ ਚੁੱਕਾ ਹੈ। ਜਾਣਕਾਰੀ ਅਨੁਸਾਰ ਨੌਜਵਾਨਾਂ ਤੋਂ ਇਲਾਵਾ ਕਈ ਸਫੇਦਪੋਸ਼ ਤੇ ਪ੍ਰਮੁੱਖ ਵਿਅਕਤੀ ਵੀ ਇਸ ਦੇ ਨਿਯਮਿਤ ਗਾਹਕ ਬਣ ਚੁੱਕੇ ਹਨ। ਇਹ ਵੀ ਪਤਾ ਲੱਗਾ ਹੈ ਕਿ ਸਭ ਤੋਂ ਜ਼ਿਆਦਾ ਡਿਮਾਂਡ ਰਸ਼ੀਅਨ ਤੇ ਥਾਈ ਲੜਕੀਆਂ ਦੀ ਹੁੰਦੀ ਸੀ। ਇਸ ਵੇਲੇ ਵੀ ਰਸ਼ੀਅਨ ਤੇ ਥਾਈ ਲੜਕੀਆਂ ਦੀ ਹੀ ਡਿਮਾਂਡ ਸੁਣੀ ਜਾ ਰਹੀ ਹੈ। ਪਹਿਲਾਂ ਇਸ ਗੰਦੇ ਧੰਦੇ ਵਿਚ ਰਸ਼ੀਅਨ ਲੜਕੀਆਂ ਦਾ ਹੀ ਦਬਦਬਾ ਸੀ ਪਰ ਫਿਰ ਇਨ੍ਹਾਂ ਦੀ ਜਗ?ਹਾ ਥਾਈ ਲੜਕੀਆਂ ਨੇ ਲੈ ਲਈ ਸੀ ਕਿਉਂਕਿ ਥਾਈ ਲੜਕੀਆਂ ਇਸ ਕੰਮ ਵਿਚ ਕਾਫੀ ਪ੍ਰੋਫੈਸ਼ਨਲ ਹੁੰਦੀਆਂ ਹਨ ਅਤੇ ਇਨ੍ਹਾਂ ਦੀ ਰਕਮ (ਮਿਹਨਤਾਨਾ) ਵੀ ਰਸ਼ੀਅਨ ਲੜਕੀਆਂ ਦੇ ਮੁਕਾਬਲੇ ਕਾਫੀ ਘੱਟ ਹੁੰਦਾ ਹੈ। ਦੱਸਣਯੋਗ ਹੈ ਕਿ ਸਾਲ 2020 ’ਚ ਥਾਣਾ ਸਿਵਲ ਲਾਈਨਸ ਦੀ ਪੁਲਸ ਨੇ ਲਾਰੈਂਸ ਰੋਡ ਦੇ ਨੇੜੇ ਅਤੇ ਐੱਮ. ਐੱਮ. ਮਾਲਵੀਆ ਰੋਡ ’ਤੇ ਸਥਿਤ 2-3 ਮਸਾਜ ਤੇ ਸਪਾ ਸੈਂਟਰਾਂ ਵਿਚ ਕਾਰਵਾਈ ਕਰ ਕੇ ਵੱਡਾ ਖੁਲਾਸਾ ਕੀਤਾ ਸੀ। ਉਸ ਮਾਮਲੇ ਚ ਵੀ ਥਾਈ ਲੜਕੀਆਂ ਨੂੰ ਭਾਰਤ ਵਿਚ ਲਿਆਉਣ ਵਾਲੇ ਨੈਕਸਸ ਦਾ ਪਰਦਾਫਾਸ਼ ਹੋਇਆ ਸੀ। ਇਹ ਪਰਦਾਫਾਸ਼ ਥਾਣਾ ਸਿਵਲ ਲਾਈਨਸ ਦੇ ਐੱਸ. ਐੱਚ. ਓ. ਰਹੇ ਸ਼ਿਵਦਰਸ਼ਨ ਸਿੰਘ ਸੰਧੂ (ਮੌਜੂਦਾ ਸਮੇਂ ’ਚ ਅੰਮ੍ਰਿਤਸਰ ਵੈਸਟ ਦੇ ਏ. ਸੀ. ਪੀ.) ਨੇ ਕੀਤਾ ਸੀ। ਉਸ ਦੌਰਾਨ ਜਾਂਚਵਿਚ ਪਤਾ ਲੱਗਾ ਸੀ ਕਿ ਥਾਈਲੈਂਡ ਤੋਂ ਕੋਈ ਦਲਾਲ ਇੱਥੇ 1-1 ਸਾਲ ਦੇ ਵੀਜ਼ਾ ’ਤੇ ਲੜਕੀਆਂ ਭਾਰਤ ਵਿਚ ਲਿਆਉਂਦੇ ਸਨ ਅਤ ਫਿਰ ਦੇਸ਼ ਦੇ ਵੱਖ-ਵੱਖ ਸੂਬਿਆਂ ਦੇ ਜ਼ਿਲਿਆਂ ਵਿਚ ਭੇਜਦਿੰਦੇ ਸਨ। ਖਾਸ ਗੱਲ ਇਹ ਸੀ ਕਿ ਇਹ ਲੋਕ ਇਨ੍ਹਾਂ ਲੜਕੀਆਂ ਨੂੰ ਕਿਸੇ ਇਕੋ ਜਗ?ਹਾ ’ਤੇ ਜ਼ਿਆਦਾ ਦੇਰ ਤਕ ਨਹੀਂ ਰੱਖਦੇ ਸਨ। ਇਹ ਲੋਕ ਰੋਟੇਸ਼ਨ ਨੀਤੀ ਤਹਿਤ ਇਨ੍ਹਾਂ ਲੜਕੀਆਂ ਦੀ ਇਕ ਸ਼ਹਿਰ ਤੋਂ ਦੂਜੇ ਸ਼ਹਿਰ ’ਚ 2-3 ਮਹੀਨਿਆਂ ਅੰਦਰ ਅਦਲੀ-ਬਦਲੀ ਕਰਦੇ ਰਹਿੰਦੇ ਸਨ ਅਤੇ ਇਹ ਸਿਲਸਿਲਾ ਹੁਣ ਵੀ ਚੱਲ ਰਿਹਾ ਹੈ। ਜਾਣਕਾਰੀ ਅਨੁਸਾਰ ਹੁਣ ਮਸਾਜ ਤੇ ਸਪਾ ਸੈਂਟਰਾਂ ਦਾ ਇਹ ਧੰਦਾ ਮੁੜਹੋਟਲਾਂ ਵਿਚ ਹੀ ਚਲਾ ਗਿਆ ਹੈ। ਇਸ ਗੋਰਖ ਧੰਦੇ ਦੇ ਸੰਚਾਲਕ ਆਪਣੇ ਪੂਰੇ ਸਟਾਫ ਦੀ ਅਦਲਾ-ਬਦਲੀ 2-3 ਮਹੀਨਿਆਂ ਅੰਦਰ ਕਰ ਦਿੰਦੇ ਹਨ ਤਾਂ ਜੋ ਕੋਈ ਵੀ ਸਟਾਫ ਮੈਂਬਰ ਕਿਸੇ ਅੱਗੇ ਇਸ ਸਬੰਧੀ ਮੂੰਹ ਨਾ ਖੋਲ੍ਹ ਸਕੇ। ਇਨ੍ਹਾਂ ਸੰਚਾਲਕਾਂ ਦਾ ਮੇਨ ਟਾਰਗੈੱਟ ਆਰਥਿਕ ਤੌਰ ’ਤੇ ਕਮਜ਼ੋਰ ਲੜਕੀਆਂ ਹੁੰਦੀਆਂ ਹਨ ਕਿਉਂਕਿ ਉਨ੍ਹਾਂ ਨੂੰ ਸਬਜ਼-ਬਾਗ ਵਿਖਾ ਕੇ ਅਤੇ ਮੋਟੀ ਰਕਮ ਦਾ ਲਾਲਚ ਦੇ ਕੇ ਉਹ ਆਪਣੇ ਝਾਂਸੇ ਵਿਚ ਲੈ ਲੈਂਦੇ ਹਨ। ਇਹ ਸੰਚਾਲਕ ਲੋਕਾਂ ਨਾਲ ਪੈਕੇਜ ਕਰਦੇ ਹਨ ਅਤੇ ਉਸੇ ਹਿਸਾਬ ਨਾਲ ਇੰਡੀਅਨ, ਰਸ਼ੀਅਨ ਜਾਂ ਥਾਈ ਲੜਕੀਆਂ ਨੂੰ ਗਾਹਕ ਦੇ ਸਾਹਮਣੇ ਡਿਮਾਂਡ ਅਨੁਸਾਰ ਪਰੋਸਦੇ ਹਨ।





## ਸਿੱਖ ਮਿਊਜ਼ੀਅਮ ਅਤੇ ਗੁਰੂ ਰਵੀਦਾਸ ਮਿਊਜ਼ੀਅਮ ਦੀ ਹੋਈ ਸਮੀਖਿਆ ਮੀਟਿੰਗ

ਚੰਡੀਗੜ੍ਹ, 24 ਸਤੰਬਰ: ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅੱਜ ਹਰਿਆਣਾ ਨਿਵਾਸ ਵਿੱਚ ਕੁਰੂਕਸ਼ੇਤਰ ਵਿੱਚ ਬਨਣ ਵਾਲੇ ਸਿੱਖ ਮਿਊਜ਼ੀਅਮ ਅਤੇ ਸੰਤ ਸ਼ਿਰੋਮਣੀ ਗੁਰੂ ਰਵੀਦਾਸ ਮਿਊਜ਼ੀਅਮ ਦੇ ਨਿਰਮਾਣ ਦੇ ਸਬੰਧ ਵਿੱਚ ਸਮੀਖਿਆ ਮੀਟਿੰਗ ਦੀ ਅਗਵਾਈ ਕੀਤੀ। ਮੀਟਿੰਗ ਵਿੱਚ ਕੇਂਦਰੀ ਊਰਜਾ ਅਤੇ ਆਵਾਸ ਅਤੇ ਸ਼ਹਿਰੀ ਕਾਰਜ ਮੰਤਰੀ ਸ੍ਰੀ ਮਨੋਹਰ ਲਾਲ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਰਹੇ। ਮੀਟਿੰਗ ਵਿੱਚ ਦੋਨੋਂ ਮਿਊਜ਼ੀਅਮ ਦੇ ਡਿਜਾਇਨ ਅਤੇ ਨਿਰਮਾਣ ਕੰਮਾਂ ’ਤੇ ਵਿਸਤਾਰ ਨਾਲ ਚਰਚਾ ਹੋਈ। ਅਧਿਕਾਰੀਆਂ ਤੋਂ ਸੁਝਾਅ ਲਏ ਗਏ ਅਤੇ ਇਹ ਨਿਰਦੇਸ਼ ਦਿੱਤਾ ਗਿਆ ਕਿ ਪਰਿਯੋਜਨਾਵਾਂ ਦਾ ਕੰਮ ਨਿਰਧਾਰਿਤ ਸਮੇਂ ਵਿੱਚ ਪੂਰਾ ਕੀਤਾ ਜਾਵੇ। ਮੁੱਖ ਮੰਤਰੀ ਨੇ ਕਿਹਾ ਕਿ ਮਿਊਜ਼ੀਅਮ ਗੁਰੂਆਂ ਦੀ ਯਾਦ ਅਤੇ ਸਿਖਿਆ ਨੂੰ ਸੰਭਾਲਣਗੇ ਅਤੇ ਨੌਜੁਆਨਾਂ ਨੂੰ ਉਨ੍ਹਾਂ ਦੇ ਜੀਵਨ ਦਰਸ਼ਨ ਤੇ ਆਦਰਸ਼ਾਂ ਤੋਂ ਪੇ?ਰਰਿਤ ਕਰਣਗੇ। ਨਾਲ ਹੀ ਮੀਟਿੰਗ ਵਿੱਚ ਮਿਊਜ਼ੀਅਮ ਦੀ ਵਿਸ਼ਾ ਵਸਤੂ, ਆਰਕੀਟੈਕਚਰ ਅਤੇ ਇੱਥੇ ਬਾਰੇ ਸੁਝਾਅ ਲਏ ਗਏ, ਤਾਂ ਜੋ ਪਰਿਯੋਜਨਾ ਨਾ ਸਿਰਫ ਸ਼ਾਨਦਾਰ ਦਿਖੇ ਸਗੋ ਸਮਾਜਿਕ ਅਤੇ ਇਤਹਾਸਿਕ ਮਹਤੱਵ ਵੀ ਸਪਸ਼ਟ ਰੂਪ ਨਾਲ ਪ੍ਰਦਰਸ਼ਿਤ ਕਰਨ। ਕੇਂਦਰੀ ਊਰਜਾ ਅਤੇ ਆਵਾਸ ਅਤੇ ਸ਼ਹਿਰੀ ਕਾਰਜ ਮੰਤਰੀ ਸ੍ਰੀ ਮਨੋਹਰ ਲਾਲ ਨੇ ਕਿਹਾ ਕਿ ਦੋਨੋਂ ਸਮਾਰਕਾਂ ਦੇ ਨਿਰਮਾਣ ਕੰਮਾਂ ’ਤੇ ਬਣੀ ਕਮੇਟੀਆਂ ਵਿਸਤਾਰ ਰੂਪ ਨਾਲ ਚਰਚਾ ਕਰਨ ਅਤੇ ਸਮਾਜ ਦੇ ਪ੍ਰਬੁੱਧਜਨਾਂ ਤੋਂ ਵੀ ਸੁਝਾਅ ਲੈਣ। ਮੀਟਿੰਗ ਵਿੱਚ ਸੂਬੇ ਦੇ ਵਿਰਾਸਤ ਤੇ ਸੈਰ-ਸਪਾਟਾ ਮੰਤਰੀ ਡਾ. ਅਰਵਿੰਦ ਸ਼ਰਮਾ, ਸਾਬਕਾ ਸਾਂਸਦ ਸ੍ਰੀ ਦੁਸ਼ਯੰਤ ਕੁਮਾਰ ਗੌਤਮ ਨੇ ਆਨਲਾਇਨ ਜੁੜ ਕੇ ਆਪਣੈ ਸੁਝਾਅ ਸਾਂਝਾ ਕੀਤੇ। ਇਸ ਦੌਰਾਨ ਮੁੱਖ ਮੰਤਰੀ ਦੇ ਮੁੱਖ ਪ੍ਰਧਾਨ ਸਕੱਤਰ ਸ੍ਰੀ ਰਾਜੇਸ਼ ਖੁੱਲਰ, ਪ੍ਰਧਾਨ ਸਕੱਤਰ ਸ੍ਰੀ ਅਰੁਣ ਗੁਪਤਾ ਸਮੇਤ ਕਹੀ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

## ਕਾਨੂੰਨ ਹੈ ਲੋਕਤੰਤਰ ਦੀ ਰੀੜ, ਨਾਗਰਿਕਾਂ ਦੇ ਅਧਿਕਾਰਾਂ ਦੀ ਕਰਦਾ ਹੈ ਰੱਖਿਆ - ਰਾਜਪਾਲ ਪ੍ਰੋਫੈਸਰ ਅਸ਼ੀਮ ਕੁਮਾਰ ਘੋਸ਼

ਚੰਡੀਗੜ੍ਹ, 29 ਸਤੰਬਰ। ਹਰਿਆਣਾ ਦੇ ਰਾਜਪਾਲ ਪ੍ਰੋਫੈਸਰ ਅਸ਼ੀਮ ਕੁਮਾਰ ਘੋਸ਼ ਨੇ ਕਿਹਾ ਕਿ ਕਾਨੂੰਲ ਲੋਕਤੰਤਰ ਦੀ ਰੀੜ ਹੈ, ਪਰ ਇਸ ਦੀ ਅਸਲੀ ਤਾਕਤ ਇਸ ਗੱਲ ਵਿੱਚ ਨਿਹਿਤ ਹੈ ਕਿ ਇਸ ਨੂੰ ਕਿੰਨੀ ਸਪਸ਼ਟਤਾ ਅਤੇ ਪ੍ਰਭਾਵੀ ਢੰਗ ਨਾਲ ਤਿਆਰ ਕੀਤਾ ਜਾਂਦਾ ਹੈ। ਵਿਧਾਈ ਪ੍ਰਾਰੂਪਣ ਸਿਰਫ ਸ਼ਬਦਾਂ ਨੂੰ ਕਾਗਜ਼ ’ਤੇ ਉਤਾਰਣਾ ਨਹੀਂ ਹੈ, ਸਗੋ ਇਹ ਨਿਆਂ ਨੂੰ ਜੀਵੰਤ ਤੇ ਸ਼ਾਸਨ ਨੂੰ ਮਜਬੂਤ ਕਰਨ ਅਤੇ ਨਾਗਰਿਕਾਂ ਦੇ ਅਧਿਕਾਰਾਂ ਦੀ ਰੱਖਿਆ ਕਰਨ ਦੇ ਬਾਰੇ ਵਿੱਚ ਹੈ। ਇਕ ਚੰਗੀ ਤਰ੍ਹਾ ਨਾਲ ਤਿਆਰ ਕੀਤਾ ਗਿਆ ਕਾਨੂੰਨ ਸਪਸ਼ਟਤਾ, ਏਕਰੂਪਤਾ ਅਤੇ ਨਿਰਪੱਖਤਾ ਯਕੀਨੀ ਕਰਦਾ ਹੈ। ਰਾਜਪਾਲ ਅੱਜ ਹਰਿਆਣਾ ਵਿਧਾਨਸਭਾ ਤੇ ਲੋਕਸਭਾ ਦੀ ਸੰਵਿਧਾਨ ਅਤੇ ਸੰਸਦੀ ਅਧਿਐਨ ਸੰਸਥਾਨ ਦੇ ਸੰਯੁਕਤ ਤੱਤਵਾਧਾਨ ਵਿੱਚ ਚੰਡੀਗੜ੍ਹ ਦੇ ਸੈਕਟਰ-26 ਸਥਿਤ ਮਹਾਤਮਾ ਗਾਂਧੀ ਰਾਜ ਲੋਕ ਪ੍ਰਸਾਸ਼ਨ ਸੰਸਥਾਨ ਵਿੱਚ ਵਿਧਾਇਖੀ ਪ੍ਰਾਰੂਪਾਂ ਅਤੇ ਸੰਵਰਧਨ ਵਿਸ਼ਾ ’ਤੇ ਹਰਿਆਣਾ ਵਿਧਾਨਸਭਾ ਤੇ ਹੋਰ ਵਿਭਾਗਾਂ ਦੇ ਕਰਮਚਾਰੀਆਂ ਤੇ ਅਧਿਕਾਰੀਆਂ ਲਈ ਆਯੋਜਿਤ ਦੋ ਦਿਨਾਂ ਦੀ ਸਿਖਲਾਈ ਕੈਂਪ ਦੇ ਸਮਾਪਨ ਸਮਾਰੋਹ ਵਿੱਚ ਬਤੌਰ ਮੁੱਖ ਮਹਿਮਾਨ ਸੰਬੋਧਿਤ ਕਰ ਰਹੇ ਸਨ। ਰਾਜਪਾਲ ਨੇ ਕਿਹਾ ਕਿ ਵਿਧਾਈ ਪ੍ਰਾਰੂਪਣ ਵੀ ਇੱਕ ਲੋਕਤਾਂਤਰਿਕ ਜਿਮੇਵਾਰੀ ਹੈ। ਇੱਕ ਚੁਣਿਆ ਹੋਇਆ ਜਨਪ੍ਰਤੀਨਿਧੀ (ਵਿਧਾਇਕ) ਜਨਤਾ ਦੀ ਇੱਛਾ ਦੀ ਪ੍ਰਤੀਨਿਧੀਤਵ ਕਰਦਾ ਹੈ। ਉੱਥੇ, ਵਿਧਾਈ ਪ੍ਰਾਰੂਪਣ ਨੂੰ ਤਿਆਰ ਕਰਨ ਵਿੱਚ ਲੱਗੇ ਅਧਿਕਾਰੀ ਤੇ ਕਰਮਚਾਰੀ ਵੀ ਅਹਿਮ ਭੁਮਿਕਾ ਨਿਭਾਉਂਦੇ ਹਨ। ਇਸ ਲਈ ਉਨ੍ਹਾਂ ਵਿੱਚ ਕੁਸ਼ਲਤਾਂ ਤੇ ਕੌਸ਼ਲਤਾ ਹੋਣੀ ਚਾਹੀਦੀ ਹੈ, ਤਾਂਹੀ ਇੱਕ ਸਧਿਆ ਹੋਇਆ ਕਾਨੂੰਨ ਬਣਾਦਾ ਹੈ ਜੋ ਕਿ ਰਾਜਨੀਤਿਕ ਦ੍ਰਿਸ਼ਟੀ ਅਤੇ ਵਿਵਹਾਰਕ ਸ਼ਾਸਨ ਦੇ ਵਿੱਚ ਸੇਤੂ ਦਾ ਕੰਮ ਕਰਦਾ ਹੈ। ਉਨ੍ਹਾਂ ਦੀ ਭੁਮਿਕਾ ਲਹੀ ਨਾ ਸਿਰਫ ਕਾਨੂੰਨ ਮਾਹਰਤਾ ਸਗੋ ਨੈਤਿਕ ਸੰਵੇਦਨਸ਼ੀਲਤਾ ਦੀ ਵੀ ਜਰੂਰਤ ਹੁੰਦੀ ਹੈ, ਤਾਂ ਜੋ ਇਹ ਸਕੀਨੀ ਹੋ ਸਕੇ ਕਿ ਕਾਨੂੰਨ ਦੀ ਭਾਸ਼ਾ ਨਿਆਂ, ਸਮਾਨਤਾ ਅਤੇ ਸੰਵੈਧਾਨਿਕ ਮੁੱਲਾਂ ਨੂੰ ਮੂਰਤ ਰੂਪ ਦਵੇ। ਉਨ੍ਹਾਂ ਨੇ ਕਿਹਾ ਕਿ ਹਰ ਨੀਤੀ, ਚਾਹੇ ਉਸ ਦਾ ਉਦੇਸ਼ ਕਿੰਨ੍ਹਾ ਵੀ ਨੇਕ ਕਿਉਂ ਨਾ ਹੋਵੇ, ਉਨ੍ਹੀ ਹੀ ਪ੍ਰਭਾਵੀ ਹੁੰਦੀ ਹੈ ਜਿਨ੍ਹਾਂ ਕਿ ਉਸ ਨੂੰ ਲਾਗੂ ਕਰਨ ਵਾਲਾ ਕਾਨੂੰਨ, ਵਿਧਾਈ ਪ੍ਰਾਰੂਪਣ ਇਹ ਨਿਰਧਾਰਿਤ ਕਰਦਾ ਹੈ ਕਿ ਕੋਈ ਨੀਤੀਗਤ ਵਾਅਦਾ ਜਮੀਨੀ ਪੱਧਰ ’ਤੇ ਮੌਜੂਦਾ ਬਦਲਾਅ ਲਿਆਏਗਾ ਜਾਂ ਨਹੀਂ। ਰਾਜਪਾਲ ਨੇ ਕਿਹਾ ਕਿ ਇੱਕ ਭਲਾਈਕਾਰੀ ਰਾਜ ਹੋਣ ਦੇ ਨਾਤੇ ਉਸ ਦੇ ਕਾਨੂੰਨ ਵੀ ਲੋਕਾਂ ਦੀ ਭਲਾਈ ਨੂੰ ਧਿਆਨ ਵਿੱਚ ਰੱਖ ਕੇ ਬਨਾਉਣੇ ਚਾਹੀਦੇ ਹਨ। ਬਿਹਤਰ ਵਿਧਾਈ ਪ੍ਰਾਰੂਪਣ ਲਈ ਅਧਿਕਾਰੀਆਂ ਤੇ ਕਰਮਚਾਰੀਆਂ ਵਿੱਚ ਨਾ ਸਿਰਫ ਭਾਸ਼ਾ ਅਤੇ ਕਾਨੂੰਨ ਵਿੱਚ ਨਿਪੁਣਤਾ ਹੋਣੀ ਚਾਹੀਦੀ ਹੈ, ਸਗੋ ਅਰਥਸ਼ਾਸਤਰ, ਸਮਾਜਸ਼ਾਸਤਰ, ਤਕਨਾਲੋਜੀ ਅਤੇ ਮਨੁੱਖ ਵਿਵਹਾਰ ਦੀ ਸਮਝ ਵੀ ਜਰੂਰੀ ਹੋਣੀ ਚਾਹੀਦੀ ਹੈ। ਕਿਸੇ ਵੀ ਦੇਸ਼ ਵਿੱਚ ਪ੍ਰਾਰੂਪਣ ਦੀ ਗੁਣਵੱਤਾ ਵਿੱਚ ਸੁਧਾਰ ਲਈ ਲਗਾਤਾਰ ਸਿਖਲਾਈ, ਵੱਖ-ਵੱਖ ਵਿਸ਼ਿਆਂ ਵਿੱਚ ਅਧਿਐਨ ਅਤੇ ਸਰਵੋਤਮ ਪ੍ਰਥਾਵਾਂ ਨੂੰ ਅਪਨਾਉਣਾ ਜਰੂਰੀ ਹੈ। ਉਨ੍ਹਾਂ ਨੇ ਕਿਹਾ ਕਿ ਜਿਵੇਂ-ਜਿਵੇਂ ਅਸੀਂ ਨਿਆਂ ਅਤੇ ਨਿਰਪੱਖਤਾ ਨਾਲ ਸੰਚਾਲਿਤ ਸਮਾਜ ਦੀ ਉਮੀਂਦਾਂ ਅਤੇ ਯਤਨ ਕਰਨ ਹਨ ਅਤੇ ਉਸੀ ਤਰ੍ਹਾ ਨਾਲ ਅਸੀਂ ਮਸੌਦਾ ਤਿਆਰ ਕਰਨ ਦੀ ਕਲਾ ਵਿੱਚ ਨਿਵੇਸ਼ ਕਰਨਾ ਹੋਵੇਗਾ। ਸਾਡੇ ਕਾਨੂੰਨਾਂ ਦੀ ਗੁਣਵੱਤਾ ਸਾਡੇ ਲੋਕਤੰਤਰ ਦੀ ਗੁਣਵੱਤਾ ਨੂੰ ਦਰਸ਼ਾਉਂਦੀ ਹੈ। ਸਪਸ਼ਟ ਮਸੌਦਾ ਤਿਆਰ ਕਰਨ ਨਾਲ ਸਪਸ਼ਟ ਨਿਆਂ ਪ੍ਰਾਪਤ ਹੁੰਦਾ ਹੈ ਅਤੇ ਸਪਸ਼ਟ ਨਿਆਂ ਇੱਕ ਵੱਧ ਮਜਬੂਤ, ਵੱਧ ਲਚੀਲਾ ਅਤੇ ਸਮਾਵੇਸ਼ੀ ਰਾਸ਼ਟਰ ਦਾ ਨਿਰਮਾਣ ਕਰਦਾ ਹੈ। ਉਨ੍ਹਾਂ ਨੇ ਰਾਜਪਾਲ ਨੂੰ ਇਸ ਗੱਲ ਨਾਲ ਜਾਣੂ ਕਰਾਇਆ ਕਿ ਹਰਿਆਣਾ ਵਿਧਾਨਸਭਾ ਦੇਸ਼ ਦੀ ਅਜਿਹੀ ਪਹਿਲੀ ਵਿਧਾਨਸਭਾ ਹੈ, ਜਿਸ ਵਿੱਚ ਵਿਧਾਈ ਪ੍ਰਾਰੂਪਣ ਲਈ ਆਪਣੇ ਸਕੱਤਰੇਤ ਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਲਈ ਵਿਧਾਈ ਪ੍ਰਾਰੂਪਣ ’ਤੇ ਦੋ ਦਿਨਾਂ ਦੀ ਸਿਖਲਾਈ ਵਰਕਸ਼ਾਪ ਦਾ ਆਯੋਜਨ ਕੀਤਾ ਹੈ। ਉਨ੍ਹਾਂ ਨੇ ਦਸਿਆ ਕਿ ਲੋਕਸਭਾ ਦੇ ਸਪੀਕਰ ਸ੍ਰੀ ਓਮ ਬਿਰਲਾ ਨੇ ਇਸ ਸਿਖਲਾਈ ਪ੍ਰੋਗਰਾਮ ਦਾ ਵਿਧੀਵਤ ਉਦਘਾਟਨ ਕੀਤਾ ਸੀ। ਸ੍ਰੀ ਬਿਰਲਾ ਹਰਿਆਣਾ ਦੀ 15ਵੀਂ ਵਿਧਾਨਸਭਾ ਗਠਨ ਦੇ ਬਾਅਦ ਪਿਛਲੇ ਇੱਕ ਸਾਲ ਵਿੱਚ ਚਾਰ ਵਾਰ ਹਰਿਆਣਾ ਵਿਧਾਨਸਭਾ ਦੇ ਲਈ ਦੌਰਾ ਕਰ ਚੁੱਕੇ ਹਨ।



# ਖੂਨ ਦੀ ਘਾਟ (ਅਨੀਮੀਆ) ਦੂਰ ਕਰੋ ਨੈਚੁਰੋਪੈਥੀ ਰਾਹੀਂ



ਭਾਰਤ ਵਰਗੇ ਦੇਸ਼ ਵਿੱਚ ਆਮ ਲੋਕਾਂ ਦੀਆਂ ਸਿਹਤ ਸਬੰਧੀ ਸਮੱਸਿਆਵਾਂ/ਮੁਸ਼ਕਲਾਂ ਬਹੁਤ ਜ਼ਿਆਦਾ ਹਨ। ਸਹੀ ਸਿੱਖਿਆ ਦੀ ਘਾਟ ਅਤੇ ਆਮ ਸਿਹਤ ਸਬੰਧੀ ਗਿਆਨ ਦੀ ਅਣਹੋਂਦ ਦੇ ਕਾਰਨ ਇੱਥੇ ਬਹੁਤ ਬਿਮਾਰੀਆਂ ਦੀ ਭਰਮਾਰ ਹੋਈ ਪਈ ਹੈ। ਸਿਹਤ ਅਤੇ ਸਿੱਖਿਆ ਦੋਵੇਂ ਬਹੁਤ ਹੀ ਅਹਿਮ ਵਿਸ਼ੇ ਹਨ ਅਤੇ ਸਾਡੀ ਬਹੁਤੀ ਵਸੋਂ ਨੂੰ ਇਨ੍ਹਾਂ ਦੋਵਾਂ ਹੀ ਵਿਸ਼ਿਆਂ ਪ੍ਰਤੀ ਦਿਲਚਸਪੀ ਘੱਟ ਹੈ ਜਾਂ ਬਿਲਕੁਲ ਵੀ ਨਹੀਂ ਹੈ। ਬਹੁਤ ਤਰ੍ਹਾਂ ਦੇ ਰੋਗਾਂ ਵਿਚੋਂ ਇੱਕ ਰੋਗ ਅਜਿਹਾ ਵੀ ਹੈ ਜਿਸ ਨੇ ਸਿਰਫ ਭਾਰਤ ਹੀ ਨਹੀਂ ਬਲਕਿ ਜ਼ਿਆਦਾਤਰ ਵਿਕਾਸਸ਼ੀਲ ਦੇਸ਼ਾਂ ਵਿੱਚ ਸਮੱਸਿਆ ਪੈਦਾ ਕੀਤੀ ਹੋਈ ਹੈ। ਉਹ ਰੋਗ ਹੈ, ਖੂਨ ਦੀ ਘਾਟ, ਭਾਵ 'ਅਨੀਮੀਆ'। ਜਦੋਂ ਵਿਅਕਤੀ ਦੇ ਸਰੀਰ ਵਿੱਚ ਲੋਹ ਤੱਤ ਦੀ ਘਾਟ ਹੋ ਜਾਂਦੀ ਹੈ ਤਾਂ ਉਸ ਨੂੰ ਅਨੀਮੀਆ ਨਾਮ ਦਾ ਰੋਗ ਹੋ ਜਾਂਦਾ ਹੈ। ਵਿਅਕਤੀ ਵਿੱਚ ਖੂਨ ਦੀ ਘਾਟ ਪੈਦਾ ਹੋ ਜਾਂਦੀ ਹੈ। ਚਿਹਰੇ ਦਾ ਰੰਗ ਪੀਲਾ ਪੈ ਜਾਂਦਾ ਹੈ ਜਾਂ ਚਿੱਟਾ ਦਿਖਣ ਲੱਗ ਜਾਂਦਾ ਹੈ। ਜ਼ਿੰਦਗੀ ਜਿਉਣ ਦੀ ਸਮਰੱਥਾ ਘੱਟ ਜਾਂਦੀ ਹੈ। ਸਰੀਰ ਜਲਦੀ ਥੱਕ ਜਾਂਦਾ ਹੈ। ਤੰਦਰੁਸਤੀ ਖਤਮ ਹੋਣੀ ਸ਼ੁਰੂ ਹੋ ਜਾਂਦੀ ਹੈ। ਸਾਹ ਫੁੱਲਣਾ, ਸਿਰ ਚਕਰਾਉਣਾ, ਅੱਖਾਂ ਅੱਗੇ ਹਨੇਰਾ ਆ ਜਾਣਾ, ਖੂਨ ਦੇ ਦਬਾਓ ਦਾ ਘੱਟ ਜਾਣਾ, ਥੋੜ੍ਹੇ ਜਿਹੇ ਕੰਮ ਦੇ ਨਾਲ ਹੀ ਦਿਲ ਦੀ ਧੜਕਣ ਦਾ ਵਧ ਜਾਣਾ, ਇਹ ਅਨੀਮੀਆ ਦੇ ਪ੍ਰਮੁੱਖ ਲੱਛਣ ਹਨ। ਖੂਨ ਨੂੰ ਲਾਲ ਰੰਗ ਦੇਣ ਵਾਲੇ ਹੀਮੋਗਲੋਬਿਨ ਨਾਂ ਦੇ ਤੱਤ ਦਾ ਜ਼ਿਆਦਾ ਭਾਗ ਖੂਨ ਵਿੱਚ ਹੋਣ ਕਾਰਨ ਅਨੀਮੀਆ ਮਹਿਸੂਸ ਹੋਣ 'ਤੇ ਹੀਮੋਗਲੋਬਿਨ (ਐਚ.ਬੀ.) ਦੀ ਜਾਂਚ ਕਰਕੇ ਪਤਾ ਲਗਾਇਆ ਜਾਂਦਾ ਹੈ ਕਿ ਕਿਤੇ ਹੀਮੋਗਲੋਬਿਨ ਦੀ ਘਾਟ ਤਾਂ ਨਹੀਂ। ਸਿਹਤ ਵਿਗਿਆਨੀਆਂ ਨੇ ਪੂਰੀ ਦੁਨੀਆਂ ਵਿੱਚ ਅਲੱਗ-ਅਲੱਗ ਉਮਰ ਦੇ ਲੋਕਾਂ ਦੇ ਖੂਨ ਦੇ ਨਮੂਨੇ ਟੈਸਟ ਕਰਕੇ ਇਹ ਪਤਾ ਲਗਾਇਆ ਹੈ ਕਿ ਜਿਸ ਵਿਅਕਤੀ ਦਾ ਹੀਮੋਗਲੋਬਿਨ ਘੱਟ ਹੈ ਉਹ ਵਿਅਕਤੀ ਖੂਨ ਦੀ ਘਾਟ ਭਾਵ ਅਨੀਮੀਆ ਦਾ ਸ਼ਿਕਾਰ ਹੁੰਦੇ ਹਨ। ਛੇ ਮਹੀਨਿਆਂ ਤੋਂ ਚਾਰ ਸਾਲ ਤੱਕ ਦੇ ਬੱਚਿਆਂ ਵਿੱਚ ਲਗਪਗ 10.5 ਮਿਲੀਗ੍ਰਾਮ, ਪੰਜ ਸਾਲ ਤੋਂ ਨੌਂ ਸਾਲ ਤੱਕ ਦੇ ਬੱਚਿਆਂ ਵਿੱਚ 11.5 ਮਿਲੀਗ੍ਰਾਮ, ਦਸ ਤੋਂ ਚੌਦਾਂ ਸਾਲ ਦੇ ਬੱਚਿਆਂ ਵਿੱਚ 12.5 ਮਿਲੀਗ੍ਰਾਮ, ਤੰਦਰੁਸਤ ਆਦਮੀ ਵਿੱਚ 14 ਮਿਲੀਗ੍ਰਾਮ, ਔਰਤਾਂ ਵਿੱਚ 12 ਮਿਲੀਗ੍ਰਾਮ ਅਤੇ ਗਰਭਵਤੀ ਔਰਤਾਂ ਵਿੱਚ ਵੀ 12.5 ਮਿਲੀਗ੍ਰਾਮ ਪ੍ਰਤੀ 100 ਗ੍ਰਾਮ ਹੀਮੋਗਲੋਬਿਨ (ਐਚ.ਬੀ.) ਹੋਣਾ ਚਾਹੀਦਾ ਹੈ। ਅਨੀਮੀਆ ਦਾ ਮੁੱਖ ਕਾਰਨ ਪੇਟ ਦੇ ਕੀੜੇ (ਆਮ ਤੌਰ 'ਤੇ ਹੁੱਕਵਰਮ) ਅਤੇ ਅਲੱਗ-ਅਲੱਗ ਤਰ੍ਹਾਂ ਦੇ ਪੈਰਾਸਾਈਟ ਹੋਣਾ ਮੰਨਿਆ ਜਾਂਦਾ ਹੈ, ਜਿਸ ਦੇ ਕਾਰਨ ਲੋਹ ਤੱਤ ਘਟਣ ਲੱਗ ਜਾਂਦਾ ਹੈ। ਲਾਲ ਲਹੂ ਕਣ ਖੂਨ ਨੂੰ ਹੀਮੋਗਲੋਬਿਨ ਕਾਰਨ ਸਿਰਫ ਲਾਲ ਰੰਗ ਹੀ ਨਹੀਂ ਦਿੰਦੇ ਬਲਕਿ ਸਰੀਰ ਦੇ ਹਰ ਭਾਗ ਨੂੰ ਤੰਦਰੁਸਤ ਬਣਾਈ ਰੱਖਦੇ ਹਨ ਅਤੇ ਤਾਕਤ ਵੀ ਦਿੰਦੇ ਹਨ। ਨਾਲ ਹੀ ਸਾਡੇ ਫੇਫੜਿਆਂ ਵਿਚੋਂ ਆਕਸੀਜਨ ਲੈ ਕੇ ਸਰੀਰ ਦੇ ਅਲੱਗ-ਅਲੱਗ ਭਾਗਾਂ ਵਿੱਚ ਪਹੁੰਚਾਉਂਦੇ ਹਨ। ਫਿਰ ਉਥੋਂ ਕਾਰਬਨ-ਡਾਈਆਕਸਾਈਡ ਲੈ ਫੇਫੜਿਆਂ ਵਿੱਚ ਪਹੁੰਚਦੇ ਹਨ। ਸਾਡੀ ਸਾਹ ਕ੍ਰਿਆ ਸਹੀ ਢੰਗ ਨਾਲ ਚਲਦੀ ਰਹੇ ਇਸ ਲਈ ਲਾਲ ਲਹੂ ਕਣਾਂ ਦਾ ਬਣਦੇ ਰਹਿਣਾ ਬਹੁਤ ਜ਼ਰੂਰੀ ਹੈ। ਲਾਲ ਲਹੂ ਕਣ ਮੁੱਖ ਰੂਪ ਵਿੱਚ ਜਿਗਰ ਅਤੇ ਤਿੱਲੀ ਵਿੱਚ ਬਣਦੇ ਹਨ ਅਤੇ ਉਥੋਂ ਹੀ ਇਹ ਲਹੂ ਕਣ ਹੌਲੀ-ਹੌਲੀ ਖੂਨ ਦੇ ਵਹਾਅ ਵਿੱਚ ਪਹੁੰਚਦੇ ਹਨ। ਜਿਨ੍ਹਾਂ ਕਾਰਨਾਂ ਕਰਕੇ ਖੂਨ ਦੀ ਘਾਟ ਹੁੰਦੀ ਹੈ, ਉਨ੍ਹਾਂ ਕਾਰਨਾਂ ਵਿੱਚ ਨੌਜਵਾਨ ਲੜਕਿਆਂ ਵਿੱਚ ਸਰੀਰ ਦੇ ਵਾਧੇ ਕਾਰਨ ਇਨ੍ਹਾਂ ਕਣਾਂ ਦੀ ਬਹੁਤ ਖਪਤ ਹੁੰਦੀ ਹੈ, ਜਿਸ ਕਾਰਨ ਖੂਨ ਦੀ ਘਾਟ ਹੋ ਜਾਂਦੀ ਹੈ। ਔਰਤਾਂ ਵਿਚ ਮਾਹਵਾਰੀ ਦੇ ਸਮੇਂ ਜੇ ਖੂਨ ਜ਼ਿਆਦਾ ਆਵੇ ਤਾਂ ਵੀ ਖੂਨ ਦੀ ਘਾਟ ਪੈਦਾ ਹੋ ਜਾਂਦੀ ਹੈ। ਔਰਤਾਂ ਵਿੱਚ ਆਮ ਤੌਰ 'ਤੇ ਲਾਲ ਲਹੂ ਕਣ ਘੱਟ ਹੀ ਵੇਖੇ ਜਾਂਦੇ ਹਨ। ਇਸ ਲਈ ਔਰਤਾਂ ਨੂੰ ਖੂਨ ਦੀ ਘਾਟ ਕੁਦਰਤੀ ਹੋ ਜਾਂਦੀ ਹੈ। ਗਰਭਵਤੀ ਔਰਤ ਦਾ ਸਰੀਰ ਲਹੂ ਕਣਾਂ ਦੀ ਜ਼ਿਆਦਾ ਮੰਗ ਕਰਦਾ ਹੈ ਅਤੇ ਮੰਗ ਨਾ ਪੂਰੀ ਹੋਣ 'ਤੇ ਮਾਂ ਅਤੇ ਗਰਭ ਵਿੱਚ ਪਲ ਰਹੇ ਬੱਚੇ ਦੋਹਾਂ ਵਿੱਚ ਖੂਨ ਦੀ ਘਾਟ ਪੈਦਾ ਹੋ ਜਾਂਦੀ ਹੈ। ਹੁਣ ਬੱਚੇ ਨੂੰ ਜਨਮ ਦੇਣ ਤੋਂ ਬਾਅਦ ਮਾਂ ਨੂੰ ਫਿਰ ਲੋਹ ਤੱਤ ਦੀ ਜ਼ਿਆਦਾ ਜ਼ਰੂਰਤ ਪੈਂਦੀ ਹੈ। ਇਹ ਜ਼ਰੂਰਤ ਪੂਰੀ ਨਾ ਹੋਣ ਕਰਕੇ ਅਨੀਮੀਆ ਹੋ ਜਾਂਦਾ ਹੈ। ਮਲੇਰੀਆ, ਟਾਈਫਾਈਡ, ਪੇਟ ਦੀਆਂ ਬਿਮਾਰੀਆਂ ਅਤੇ ਹਾਜ਼ਮੇ ਸਬੰਧੀ ਰੋਗਾਂ ਕਾਰਨ ਵੀ ਲੋਹ ਤੱਤ ਦੀ ਘਾਟ ਹੋ ਜਾਂਦੀ ਹੈ। ਨਕਸੀਰ ਆਉਣ 'ਤੇ ਜਾਂ ਬਵਾਸੀਰ ਵਾਲੇ ਮਰੀਜ਼ ਵੀ ਅਨੀਮੀਆ ਦੇ ਸ਼ਿਕਾਰ ਹੋ ਸਕਦੇ ਹਨ। ਜ਼ਿਆਦਾ ਚਾਹ ਪੀਣ ਜਾਂ ਸ਼ਰਾਬ ਵਗੈਰਾ ਪੀਣ ਨਾਲ ਸਰੀਰ ਵਿਚ ਖੂਨ ਦੀ ਘਾਟ ਹੋ ਜਾਂਦੀ ਹੈ, ਜਦਕਿ ਸਿਗਰਟ, ਗਾਂਜਾ, ਅਫੀਮ, ਭੁੱਕੀ, ਜ਼ਰਦਾ ਸਰੀਰ ਵਿੱਚ ਭੁੱਖ ਨਹੀਂ ਲੱਗਣ ਦਿੰਦਾ ਅਤੇ ਸਰੀਰ ਨੂੰ ਖੂਨ ਦੀ ਘਾਟ ਹੋ ਜਾਂਦੀ ਹੈ। ਬੇ-ਤਰਤੀਬਾ ਅਤੇ ਬੇ-ਹਿਸਾਬਾ ਵਰਤ ਰੱਖਣਾ ਅਤੇ ਸਰੀਰ ਦੀ ਮੰਗ ਦੇ ਅਨੁਸਾਰ ਪੌਸ਼ਟਿਕ ਅਤੇ ਕੁਦਰਤੀ ਭੋਜਨ ਦੀ ਅਣਹੋਂਦ ਕਾਰਲ, ਜ਼ਿਆਦਾ ਮਾਤਰਾ ਵਿੱਚ ਜ਼ਹਿਰੀਲੀਆਂ ਅਤੇ ਖਤਰਨਾਕ ਆਮ ਖਵਾਈਆਂ ਜਾਣ ਵਾਲੀਆਂ ਅੰਗਰੇਜ਼ੀ ਦਵਾਈਆਂ ਖਾਸ ਤੌਰ 'ਤੇ ਸਲਫਾ ਗਰੁੱਪ, ਕਲੋਰੋਮਾਈਸਟਿਨ, ਸਟਰੈਪਟੋਮਾਈਸਿਨ ਖਾਣ ਦੇ ਨਾਲ ਖੂਨ ਦੀ ਘਾਟ ਪੈਦਾ ਹੋ ਜਾਂਦੀ ਹੈ। ਕਿਸੇ ਦੁਰਘਟਨਾ ਕਾਰਨ ਸੱਟ ਵੱਜਣ ਕਾਰਨ, ਜ਼ਿਆਦਾ ਖੂਨ ਡੁੱਲ੍ਹਣ ਕਾਰਨ ਵੀ ਖੂਨ ਦੀ ਘਾਟ ਪੈਦਾ ਹੋ ਜਾਂਦੀ ਹੈ। ਇਹ ਤਾਂ ਹੋਈ ਕਾਰਨਾਂ ਦੀ ਗੱਲ। ਹੁਣ ਆਪਾਂ ਕੁਦਰਤੀ ਇਲਾਜ ਪ੍ਰਣਾਲੀ (ਨੈਚੁਰੋਪੈਥੀ) ਰਾਹੀਂ ਖੂਨ ਦੀ ਘਾਟ ਪੂਰੀ ਕਰਨ ਬਾਰੇ ਜਾਣਾਂਗੇ। ਆੜੂ, ਖੁਰਮਾਨੀ, ਗਾਜਰ, ਚੁਕੰਦਰ, ਅੰਗੂਰ, ਦਾਖਾਂ, ਮੁਨੱਕਾ, ਖਜੂਰ, ਪਾਲਕ, ਬਾਥੂ, ਪੁਦੀਨਾ, ਤਿਲ, ਗੰਨੇ ਦਾ ਰਸ ਇਸ ਰੋਗ ਨੂੰ ਜੜ੍ਹੋਂ ਖਤਮ ਕਰਨ ਲਈ ਬਹੁਤ ਵਧੀਆ ਤਰੀਕਿਆਂ ਵਿੱਚ ਸ਼ਾਮਲ ਹਨ। ਭਾਵੇਂ ਕਿ ਫਲ ਲੋਹ ਤੱਤ ਦੇ ਪ੍ਰਮੁੱਖ ਰੂਪ ਵਿੱਚ ਹਿੱਸੇਦਾਰ ਨਹੀਂ ਹਨ, ਪਰ ਇਨ੍ਹਾਂ ਦਾ ਜ਼ਿਆਦਾਤਰ ਲੋਹ ਤੱਤ ਖੂਨ ਵਿੱਚ ਬਹੁਤ ਜਲਦੀ ਮਿਲ ਜਾਂਦਾ ਹੈ।

17 ਸਾਲਾਂ ਦਾ ਦਲਜੀਤ ਪਿਛਲੇ ਤਿੰਨ ਸਾਲਾਂ ਤੋਂ ਖੂਨ ਦੀ ਘਾਟ (ਅਨੀਮੀਆ) ਦਾ ਰੋਗੀ ਸੀ। ਜਦ ਮੇਰੇ ਕੋਲ ਉਹ ਕੁਦਰਤੀ ਇਲਾਜ ਪ੍ਰਣਾਲੀ ਮੁਤਾਬਕ ਇਲਾਜ ਕਰਵਾਉਣ ਆਇਆ ਤਾਂ ਉਸ ਦਾ ਖੂਨ 3.8 ਮਿਲੀਗ੍ਰਾਮ ਸੀ। ਕੁਦਰਤੀ ਇਲਾਜ ਪ੍ਰਣਾਲੀ ਮੁਤਾਬਕ ਉਸ ਦਾ ਇਲਾਜ ਕਰਨ 'ਤੇ ਅੱਜ ਉਹ ਬਿਲਕੁਲ ਤੰਦਰੁਸਤ ਹੈ ਅਤੇ ਅੱਜ ਉਸ ਦਾ ਹੀਮੋਗਲੋਬਿਨ 12.4 ਮਿਲੀਗ੍ਰਾਮ ਹੈ ਅਤੇ ਇਲਾਜ ਖਤਮ ਹੋਣ 'ਤੇ 5 ਕੁ ਮਹੀਨਿਆਂ ਬਾਅਦ ਵੀ ਉਸ ਦਾ ਹੀਮੋਗਲੋਬਿਨ 12.5 ਮਿਲੀਗ੍ਰਾਮ ਦੇ ਲਗਪਗ ਹੀ ਰਹਿੰਦਾ ਹੈ। ਕਣਕ ਦੀਆਂ ਸੱਤ ਦਿਨ ਬਾਅਦ ਫੁਟੀਆਂ ਕਰੂੰਬਲਾਂ (ਵਹੀਟ ਗ੍ਰਾਸ) ਖੂਨ ਵਧਾਉਣ ਵਿੱਚ ਜਾਦੂ ਵਾਂਗ ਅਸਰ ਕਰਦੀਆਂ ਹਨ। ਵੈਸੇ ਤਾਂ ਸਧਾਰਨ ਜ਼ੁਕਾਮ ਤੋਂ ਲੈ ਕੇ ਕੈਂਸਰ ਤੱਕ ਦੇ ਰੋਗੀਆਂ ਨੂੰ ਵਹੀਟ ਗ੍ਰਾਸ ਬਹੁਤ ਜ਼ਬਰਦਸਤ ਕੁਦਰਤ ਦੀ ਦੇਣ ਹੈ ਅਤੇ ਥੈਲੇਸੀਮਿਆ ਵਰਗੀ ਬਿਮਾਰੀ ਨਾਲ ਲੜ ਰਹੇ ਬੱਚੇ ਅਤੇ ਵੱਡੇ ਦੋਹੇਂ ਤਰ੍ਹਾਂ ਦੇ ਰੋਗੀਆਂ ਲਈ ਵਹੀਟ ਗ੍ਰਾਸ ਇੱਕ ਆਸ ਦੀ ਕਿਰਨ ਬਣਿਆ ਹੋਇਆ ਹੈ।

ਬੇਸ਼ੱਕ ਬਜ਼ਾਰ ਵਿੱਚ ਲੋਹ ਤੱਤ ਨਾਲ ਸਬੰਧਤ ਗੋਲੀਆਂ, ਕੈਪਸੂਲ ਫੇਅਰਸ ਸਲਫੇਟ ਅਤੇ ਕਲੋਰਾਈਡ ਅਤੇ ਅਲੱਗ-ਅਲੱਗ ਤਰ੍ਹਾਂ ਦੇ ਦਿਲ ਖਿੱਚਵੇਂ ਟਾਨਿਕ ਮਿਲਦੇ ਹਨ ਪਰ ਨੈਚੁਰੋਪੈਥੀ ਦੇ ਮੁਤਾਬਕ ਭੋਜਨ ਨੂੰ ਸੁਧਾਰ ਕੇ ਹੀ ਤੰਦਰੁਸਤ ਹੋਇਆ ਜਾ ਸਕਦਾ ਹੈ। ਖੁੱਲ੍ਹੇ ਸਾਹ ਲੈਣਾ ਭਾਵ ਕਿ ਪ੍ਰਣਾਯਾਮ ਕਰਨਾ ਖੂਨ ਵਧਾਉਣ ਵਿੱਚ ਬਹੁਤ ਫਾਇਦਾ ਕਰਦਾ ਹੈ। ਉਜਈ, ਨਾੜੀ ਸੋਧਨ, ਕਪਾਲਭਾਤੀ, ਭਰਾਮਰੀ, ਸੀਤਲੀ ਆਦਿ ਪ੍ਰਣਾਯਾਮ ਬਹੁਤ ਵਧੀਆ ਹਨ ਅਤੇ ਇਹ ਰੀੜ੍ਹ ਦੀ ਹੱਡੀ ਨੂੰ ਸਿੱਧਾ ਰੱਖ ਕੇ ਹੀ ਕਰਨੇ ਚਾਹੀਦੇ ਹਨ। ਪੇਟ ਦੀ ਸਫਾਈ ਬਹੁਤ ਜ਼ਰੂਰੀ ਹੈ। ਖੁੱਲ੍ਹਾ ਪਾਣੀ ਪੀਣਾ ਚਾਹੀਦਾ ਹੈ। ਹਰੀਆਂ ਪੱਤੇਦਾਰ ਸਬਜ਼ੀਆਂ, ਸਲਾਦ, ਫਲ ਵਧੀਆ ਮਾਤਰਾ ਵਿੱਚ ਖਾਣੀਆਂ ਚਾਹੀਦੀਆਂ ਹਨ। ਖੁੱਲ੍ਹੀ ਨੀਂਦ ਲੈਣੀ ਚਾਹੀਦੀ ਹੈ।ਆਂਦਰਾਂ ਦੀ ਸਫਾਈ ਜੇ ਰਹੇਗੀ ਤਾਂ ਕਬਜ਼ ਨਹੀਂ ਹੋਵੇਗੀ ਅਤੇ ਆਂਦਰਾਂ ਦੇ ਵਿੱਚ ਕੀੜੇ ਨਹੀਂ ਪੈਣਗੇ। ਜਿਸ ਕਾਰਨ ਸਾਡਾ ਹਾਜ਼ਮਾ ਵੀ ਠੀਕ ਹੋਵੇਗਾ ਅਤੇ ਸ਼ੁੱਧ ਖੂਨ ਬਣੇਗਾ। ਸ਼ੁੱਧ ਖੂਨ ਬਣਾਉਣ ਅਤੇ ਖੂਨ ਦੀ ਘਾਟ ਨੂੰ ਪੂਰਾ ਕਰਨ ਦੇ ਲਈ ਸੁੱਕਾ ਰਗੜ ਇਸ਼ਨਾਨ ਨੈਚੁਰੋਪੈਥੀ ਵਿੱਚ ਮੈਂ ਮਰੀਜ਼ਾਂ ਨੂੰ ਦਿੰਦਾ ਹਾਂ। ਪਤਲਾ ਤੌਲੀਆ ਲੈ ਕੇ ਪਾਣੀ ਵਿੱਚ ਭਿਉਂ ਕੇ ਮਰੀਜ਼ ਨੂੰ ਉਸ ਦੇ ਸਰੀਰ 'ਤੇ ਰਗੜਨ ਲਈ ਕਹੀਦਾ ਹੈ। ਸਰੀਰ ਦੇ ਗਰਮ ਅਤੇ ਲਾਲ ਹੋਣ ਤੱਕ ਮਰੀਜ਼ ਨੂੰ ਉਸ ਦੇ ਸਰੀਰ 'ਤੇ ਰਗੜਨ ਲਈ ਕਹੀਦਾ ਹੈ। ਸਰੀਰ ਦੇ ਗਰਮ ਅਤੇ ਲਾਲ ਹੋਣ ਤੱਕ ਮਰੀਜ਼ ਰਗੜਦਾ ਰਹਿੰਦਾ ਹੈ।

ਇਹ ਸੁੱਕਾ ਰਗੜ ਇਸ਼ਨਾਨ ਹੈ। ਰੋਗੀ ਦੇ ਸਿਰ, ਮੂੰਹ ਅਤੇ ਗਰਦਨ ਨੂੰ ਪਾਣੀ ਨਾਲ ਧੋ ਕੇ ਕੰਬਲ ਨਾਲ ਢੱਕ ਦੇਣ ਤੋਂ ਬਾਅਦ ਸਰੀਰ ਦੇ ਹਰ ਹਿੱਸੇ ਨੂੰ ਵਾਰੀ-ਵਾਰੀ ਰਗੜਨਾ ਚਾਹੀਦਾ ਹੈ, ਜਦੋਂ ਤੱਕ ਕਿ ਉਹ ਹਿੱਸਾ ਥੋੜ੍ਹਾ ਗਰਮ ਨਾ ਹੋ ਜਾਵੇ। ਇਸ ਤਰ੍ਹਾਂ ਕਰਨ ਨਾਲ 15-20 ਦਿਨਾਂ ਦੇ ਵਿੱਚ ਹੀ ਰੋਗੀ ਤੰਦਰੁਸਤ ਹੋਣਾ ਸ਼ੁਰੂ ਹੋ ਜਾਵੇਗਾ ਅਤੇ ਕੁਦਰਤੀ ਭੋਜਨ, ਯੋਗ ਅਤੇ ਇਲਾਜ ਪ੍ਰਣਾਲੀ ਦੇ ਨਾਲ ਮਰੀਜ਼ ਦਾ ਸਰੀਰ ਚਮਕ ਉਠਦਾ ਹੈ ਅਤੇ ਅਨੀਮੀਆ ਖਤਮ



# ਗਰਦਨ ਦੇ ਦਰਦ ਦਾ ਐਕੂਪ੍ਰੈਸ਼ਰ ਰਾਹੀਂ ਇਲਾਜ

**ਸਰਵਾਈਕਲ ਸਪੌਂਡੇਲਾਈਸਿਸ ਭਾਵ ਗਰਦਨ ਦੀ ਜਕੜਨ ਹੈ, ਜਿਸ ਨਾਲ ਗਰਦਨ ਮੋਢਿਆਂ ਵਿਚ ਦਰਦ ਸ਼ੁਰੂ ਹੋ ਜਾਂਦਾ ਹੈ। ਇਹ ਨਾਮੁਰਾਦ ਤੇ ਗੁੰਝਲਦਾਰ ਬਿਮਾਰੀ ਹੈ, ਜੋ ਮਾਹਰ ਡਾਕਟਰਾਂ ਦੀ ਸਮਝ ਤੋਂ ਵੀ ਬਾਹਰ ਹੋ ਜਾਂਦੀ ਹੈ। ਇਸ ਨਾਲ ਕਈ ਵਾਰੀ ਤਾਂ ਮਰੀਜ਼ ਚੱਕਰ ਖਾ ਕੇ ਬੇਹੋਸ਼ ਹੋ ਜਾਂਦਾ ਹੈ। ਉਸ ਸਮੇਂ ਮਰੀਜ਼ ਦਾ ਬਲੱਡ ਪ੍ਰੈਸ਼ਰ ਵੀ ਵਧ ਜਾਂਦਾ ਹੈ, ਜਦੋਂ ਕਿ ਉਸ ਤੋਂ ਪਹਿਲਾਂ ਮਰੀਜ਼ ਨੂੰ ਕੋਈ ਖਾਸ ਬਲੱਡ ਪ੍ਰੈਸ਼ਰ ਨਹੀਂ ਹੁੰਦਾ। ਇਸ ਨਾਲ ਕਈ ਮਾਹਰ ਡਾਕਟਰ ਵੀ ਚੱਕਰਾਂ ਵਿਚ ਪੈ ਜਾਂਦੇ ਹਨ।**

ਅੱਜ ਦੇ ਯੁੱਗ ਵਿਚ ਕਈ ਇਲਾਜ ਪ੍ਰਣਾਲੀਆਂ ਪ੍ਰਚੱਲਤ ਹਨ। ਜਿਵੇਂ ਐਲੋਪੈਥੀ, ਹੋਮਿਓਪੈਥੀ, ਇਲੈਕਟਰੋਪੈਥੀ ਤੇ ਆਯੁਰਵੈਦਿਕ ਆਦਿ। ਜ਼ਿਆਦਾ ਲੋਕ ਐਲੋਪੈਥੀ 'ਤੇ ਵਿਸ਼ਵਾਸ ਰੱਖਦੇ ਹਨ, ਜੋ ਆਮ ਪ੍ਰਚੱਲਤ ਹੈ। ਇਸ ਨੂੰ ਅੰਗਰੇਜ਼ੀ ਇਲਾਜ ਕਰਕੇ ਵੀ ਜਾਣਿਆ ਜਾਂਦਾ ਹੈ। ਇਸ ਤੋਂ ਬਾਅਦ ਆਯੁਰਵੈਦਿਕ ਅਤੇ ਹੋਮਿਓਪੈਥੀ ਆਉਂਦੀ ਹੈ। ਇਨ੍ਹਾਂ ਸਭ ਪ੍ਰਣਾਲੀਆਂ ਵਿਚ ਦਵਾਈਆਂ ਵਰਤੀਆਂ ਜਾਂਦੀਆਂ ਹਨ। ਇਨ੍ਹਾਂ ਸਭ ਨੂੰ ਛੱਡ ਕੇ ਅੱਜ-ਕੱਲ੍ਹ ਜੋ ਇਲਾਜ ਪ੍ਰਚੱਲਤ ਹੋ ਰਿਹਾ ਹੈ ਉਹ ਹੈ ਬਿਨਾਂ ਦਵਾਈਆਂ ਤੋਂ ਇਲਾਜ, ਭਾਵ ਨਾੜੀ ਨੱਪ ਕੇ ਜਾਂ ਐਕੂਪ੍ਰੈਸ਼ਰ ਇਲਾਜ ਜੋ ਸਿਰਫ ਨਾੜੀਆਂ ਨੱਪਣ ਨਾਲ ਹੀ ਕੀਤਾ ਜਾਂਦਾ ਹੈ। ਇਸ ਦੇ ਨਤੀਜੇ ਵੀ ਬਹੁਤ ਵਧੀਆ ਹੁੰਦੇ ਹਨ ਅਤੇ ਅਰਾਮ ਵੀ ਜਲਦੀ ਮਿਲਦਾ ਹੈ।

ਇਸ ਪ੍ਰਣਾਲੀ ਰਾਹੀਂ ਸੁੱਕੇ ਦਰਦਾਂ ਦਾ ਇਲਾਜ ਬਹੁਤ ਹੀ ਵਧੀਆ ਢੰਗ ਨਾਲ ਕੀਤਾ ਜਾਂਦਾ ਹੈ ਜਿਨ੍ਹਾਂ ਵਿਚ ਸਰਵਾਈਕਲ ਸਪੌਂਡੇਲਾਈਸਿਸ ਵੀ ਸ਼ਾਮਲ ਹੈ। ਸਰਵਾਈਕਲ ਸਪੌਂਡੇਲਾਈਸਿਸ ਭਾਵ ਗਰਦਨ ਦੀ ਜਕੜਨ ਹੈ, ਜਿਸ ਨਾਲ ਗਰਦਨ ਮੋਢਿਆਂ ਵਿਚ ਦਰਦ ਸ਼ੁਰੂ ਹੋ ਜਾਂਦਾ ਹੈ। ਇਹ ਨਾਮੁਰਾਦ ਤੇ ਗੁੰਝਲਦਾਰ ਬਿਮਾਰੀ ਹੈ, ਜੋ ਮਾਹਰ ਡਾਕਟਰਾਂ ਦੀ ਸਮਝ ਤੋਂ ਵੀ ਬਾਹਰ ਹੋ ਜਾਂਦੀ ਹੈ। ਇਸ ਨਾਲ ਕਈ ਵਾਰੀ ਤਾਂ ਮਰੀਜ਼ ਚੱਕਰ ਖਾ ਕੇ ਬੇਹੋਸ਼ ਹੋ ਜਾਂਦਾ ਹੈ। ਉਸ ਸਮੇਂ ਮਰੀਜ਼ ਦਾ ਬਲੱਡ ਪ੍ਰੈਸ਼ਰ ਵੀ ਵਧ ਜਾਂਦਾ ਹੈ, ਜਦੋਂ ਕਿ ਉਸ ਤੋਂ ਪਹਿਲਾਂ ਮਰੀਜ਼ ਨੂੰ ਕੋਈ ਖਾਸ ਬਲੱਡ ਪ੍ਰੈਸ਼ਰ ਨਹੀਂ ਹੁੰਦਾ। ਇਸ ਨਾਲ ਕਈ ਮਾਹਰ ਡਾਕਟਰ ਵੀ ਚੱਕਰਾਂ ਵਿਚ ਪੈ ਜਾਂਦੇ ਹਨ। ਸਾਰੇ ਟੈਸਟ ਕਰਾਉਣ ਤੋਂ ਬਾਅਦ ਹੀ ਪਤਾ ਲੱਗਦਾ ਹੈ ਕਿ ਮਰੀਜ਼ ਨੂੰ ਸਰਵਾਈਕਲ ਸਪੌਂਡੇਲਾਈਸਿਸ ਹੈ। ਡਾਕਟਰ ਆਮ ਤੌਰ 'ਤੇ ਮਰੀਜ਼ ਨੂੰ ਕੁਝ ਦਵਾਈਆਂ ਦੇ ਕੇ ਕਾਲਰ ਲਾਉਣ ਲਈ ਕਹਿੰਦੇ ਹਨ ਜਾਂ ਫਿਰ ਕੁਝ ਚਿਰ ਲਈ ਖਿੱਚ ਲਾ ਦਿੰਦੇ ਹਨ।

ਸਰਵਾਈਕਲ ਸਪੌਂਡੇਲਾਈਸਿਸ ਦੀਆਂ ਕੁਝ ਹੇਠ ਲਿਖੀਆਂ ਨਿਸ਼ਾਨੀਆਂ ਹਨ:-

ਇਸ ਨਾਲ ਗਰਦਨ ਵਿਚ ਅਕੜੇਵਾਂ ਆ ਜਾਂਦਾ ਹੈ।

ਗਰਦਨ ਮੋੜਨ ਵਿਚ ਬਹੁਤ ਔਖਿਆਈ ਹੁੰਦੀ ਹੈ।

ਮੋਢਿਆਂ, ਬਾਹਾਂ ਵਿਚ ਦਰਦ ਸ਼ੁਰੂ ਹੋ ਜਾਂਦਾ ਹੈ।

ਬਾਹਾਂ, ਹੱਥ ਕਈ ਵਾਰ ਸੌਣ ਲੱਗ ਜਾਂਦੇ ਹਨ।

ਕਈ ਵਾਰ ਅੰਗੂਠਾ, ਉਂਗਲਾਂ ਸੁੰਨ ਹੋ ਜਾਂਦੇ ਹਨ।

ਹੱਥਾਂ ਵਿਚ ਪਕੜਨ ਦੀ ਸ਼ਕਤੀ ਘਟ ਜਾਂਦੀ ਹੈ।

ਮੋਢੇ ਦੀ ਜਕੜਨ ਅਤੇ ਮੌਰਾਂ ਵਿਚ ਦਰਦ ਹੋ ਜਾਂਦਾ ਹੈ।ਸਿਰ ਭਾਰਾ ਅਤੇ ਚੱਕਰ ਆਉਣ ਲੱਗ ਜਾਂਦੇ ਹਨ।

ਉਪਰੋਕਤ ਕਾਰਨਾਂ ਵਿਚੋਂ ਕੋਈ ਇਕ ਵੀ ਹੋਵੇ ਤਾਂ ਸਰਵਾਈਕਲ ਸਪੌਂਡੇਲਾਈਸਿਸ ਹੋਣ ਦੀ ਸੰਭਾਵਨਾ ਹੈ।

ਰੀੜ੍ਹ ਦੀ ਹੱਡੀ ਪਿੱਠ ਤੋਂ ਲੈ ਕੇ ਗਰਦਨ ਤਕ ਜਾਂਦੀ ਹੈ। ਇਸ ਵਿਚ ਗਰਦਨ ਦੇ ਉਹ ਸੱਤ ਮਣਕੇ ਵੀ ਹਨ ਜੋ ਹਿਲਜੁਲ ਕਰਦੇ ਹਨ। ਇਹ ਮਣਕੇ ਇਧਰ-ਉਧਰ ਦੇਖਣ ਲਈ ਅਤੇ ਗਰਦਨ ਨੂੰ ਹੇਠਾਂ ਉਪਰ ਕਰਨ ਲਈ ਸਹਾਈ ਹੁੰਦੇ ਹਨ ਜਿਸ ਨੂੰ ਹੇਠਲੇ ਚਿਤਰ ਵਿਚ ਦਰਸਾਇਆ ਗਿਆ ਹੈ। ਇਨ੍ਹਾਂ ਮਣਕਿਆਂ ਦਾ ਗੈਪ ਵਧਣ ਨਾਲ ਜਾਂ ਕੋਈ ਮਣਕਾ ਪ੍ਰੈਸ ਹੋਣ ਨਾਲ ਗਰਦਨ ਦੀ ਜਕੜਨ ਹੋ ਜਾਂਦੀ ਹੈ ਜਿਸ ਨਾਲ ਗਰਦਨ ਦਰਦ, ਅਕੜੇਵਾਂ, ਮੋਢਿਆਂ ਬਾਹਾਂ ਵਿਚ ਦਰਦ ਆਦਿ ਸ਼ੁਰੂ ਹੋ ਜਾਂਦਾ ਹੈ। ਸਰਵਾਈਕਲ ਹੋਣ ਦੇ ਹੇਠ ਲਿਖੇ ਕਾਰਨ ਹਨ:

ਨੀਵੀਂ ਪਾ ਕੇ ਜਾਂ ਝੁਕ ਕੇ ਜ਼ਿਆਦਾ ਸਮਾਂ ਕੰਮ ਕਰਨਾ।

ਬਹੁਤਾ ਉੱਚਾ ਸਿਰਹਾਣਾ ਲੈ ਕੇ ਸੌਣਾ।

ਬੈੱਡ ਦੀ ਜਾਂ ਕੁਰਸੀ ਦੀ ਢੂਹ 'ਤੇ ਗਿੱਚੀ ਰੱਖ ਕੇ ਟੀ.ਵੀ. ਦੇਖਣਾ ਜਾਂ ਕੁਝ ਪੜ੍ਹਨਾ।

ਸਿਰ ਥੱਲ੍ਹੇ ਬਾਂਹ ਲੈ ਕੇ ਸੌਣਾ।

ਲੋੜ ਤੋਂ ਵੱਧ ਸਿਰ 'ਤੇ ਭਾਰ ਚੁੱਕਣਾ।

ਐਕਸੀਡੈਂਟ ਨਾਲ ਗਰਦਨ 'ਤੇ ਸੱਟ ਲੱਗਣਾ।

ਲੋੜੋਂ ਵੱਧ ਟੈਂਸ਼ਨ ਰੱਖਣਾ।

ਪਹਿਲੀ ਉਮਰ ਵਿਚ ਉਪਰੋਕਤ ਕਾਰਨਾਂ ਦਾ ਘੱਟ ਅਸਰ ਹੁੰਦਾ ਹੈ। ਚਾਲੀ-ਪੰਤਾਲੀ ਸਾਲ ਤੋਂ ਉਪਰ ਟੱਪ ਜਾਵੇ ਜਾਂ ਕਿਸੇ ਬਿਮਾਰੀ ਕਾਰਨ ਜ਼ਿਆਦਾ ਕਮਜ਼ੋਰੀ ਆ ਜਾਵੇ ਤਾਂ ਇਹ ਸਰਵਾਈਕਲ ਦੀ ਬਿਮਾਰੀ ਵੀ ਆਪਣਾ ਅਸਰ ਦਿਖਾਉਣਾ ਸ਼ੁਰੂ ਕਰ ਦਿੰਦੀ ਹੈ।

ਸਰਵਾਈਕਲ-ਸਪੌਂਡੇਲਾਈਸਿਸ ਦਾ ਇਲਾਜ: ਗਰਦਨ ਦੀ ਜਕੜਨ ਦਾ ਸਭ ਤੋਂ ਵਧੀਆ ਇਲਾਜ ਐਕੂਪ੍ਰੈਸ਼ਰ ਰਾਹੀਂ ਕੀਤਾ ਜਾਂਦਾ ਹੈ ਅਤੇ ਜੇ ਨਾਲ ਚੁੰਬਕੀ ਸ਼ਕਤੀ, ਚੁੰਬਕੀ ਕਾਲਰ ਆਦਿ ਵਰਤਿਆ ਜਾਵੇ ਤਾਂ ਸੋਨੇ 'ਤੇ ਸੁਹਾਗਾ ਹੈ। ਐਕੂਪ੍ਰੈਸ਼ਰ ਦੇ ਕਿਸੇ ਮਾਹਰ ਕੋਲੋਂ ਹੱਥਾਂ, ਪੈਰਾਂ, ਮੋਢਿਆਂ ਅਤੇ ਗਰਦਨ ਦੇ ਸਹੀ ਪੁਆਇੰਟ ਦਬਾਏ ਜਾਣ ਤਾਂ ਇਹ ਨਾਮੁਰਾਦ ਬਿਮਾਰੀ ਦਿਨਾਂ ਵਿਚ ਹੀ ਠੀਕ ਹੋ ਜਾਂਦੀ ਹੈ ਜਿਸ ਤਰ੍ਹਾਂ ਹੇਠਲੇ ਚਿੱਤਰਾਂ ਵਿਚ ਦਿਖਾਇਆ ਗਿਆ ਹੈ। ਉਪਰੋਕਤ ਚਿੱਤਰਾਂ ਵਿਚ ਹੱਥਾਂ, ਪੈਰਾਂ ਦੀਆਂ ਉਂਗਲੀਆਂ ਅਤੇ ਅੰਗੂਠੇ ਤੇ ਮੋਢਿਆਂ ਅਤੇ ਗਰਦਨ 'ਤੇ ਸਰਵਾਈਕਲ ਸਪੌਂਡੇਲਾਈਸਿਸ ਦੇ ਪੁਆਇੰਟ ਦਿਖਾਏ ਗਏ ਹਨ ਜਿਨ੍ਹਾਂ ਨੂੰ ਦਬਾਉਣ ਨਾਲ ਇਹ ਬਿਮਾਰੀ ਠੀਕ ਹੋ ਜਾਂਦੀ ਹੈ।



# ਘੁਰਾੜੇ ਤੇ ਹਾਈ ਬਲੱਡ ਪ੍ਰੈਸ਼ਰ

**ਇਹ ਆਮ ਵੇਖਿਆ ਗਿਆ ਹੈ ਕਿ ਬਲੱਡ ਪ੍ਰੈਸ਼ਰ ਚੈੱਕ ਕਰਾਉਣ ਲਈ ਡਾਕਟਰ ਕੋਲ ਜਾਓ ਤਾਂ ਇਸ ਦੀ ਰੀਡਿੰਗ ਕੁਝ ਵਧੇਰੇ ਆਉਂਦੀ ਹੈ- ਸ਼ਾਇਦ ਇਸ ਲਈ ਕਿ ਦਿਲੋ-ਦਿਮਾਗ ਵਿਚ ਕੋਈ ਡਰ ਜਾਂ ਘਬਰਾਹਟ ਹੁੰਦੀ ਹੈ।**

ਅਜੋਕੇ ਜੀਵਨ ਦੀ ਆਧੁਨਿਕ ਰਹਿਣੀ-ਬਹਿਣੀ, ਭੱਜ-ਦੌੜ, ਖਾਣ-ਪੀਣ ਅਤੇ ਤਣਾਅ ਦੀ ਬਦੌਲਤ, ਮਾਨਸਿਕ-ਰੋਗ, ਹਾਈ ਬਲੱਡ ਪ੍ਰੈਸ਼ਰ ਅਤੇ ਦਿਲ ਦੇ ਰੋਗਾਂ ਦੇ ਮਰੀਜ਼ਾਂ ਦੀ ਗਿਣਤੀ ਦਿਨੋ ਦਿਨ ਵੱਧ ਰਹੀ ਹੈ। ਘੁਰਾੜੇ ਮਾਰਨ ਵਾਲੇ ਤੇ ਬਲੱਡ ਪ੍ਰੈਸ਼ਰ ਵਾਲੇ ਵਿਅਕਤੀ ਤਕਰੀਬਨ ਹਰੇਕ ਘਰ ਵਿਚ ਹੁੰਦੇ ਹਨ। ਵਿਦੇਸ਼ਾਂ ਵਿਚ ਤਾਂ ਘੁਰਾੜੇ ਮਾਰਨ ਵਾਲੇ ਪਤੀਆਂ ਦੇ ਖ਼ਿਲਾਫ਼ ਕਚਹਿਰੀਆਂ ਵਿਚ ਕੇਸ ਚਲਦੇ ਹਨ ਅਤੇ ਤਲਾਕ ਦਾ ਆਧਾਰ ਘੁਰਾੜੇ ਬਣਦੇ ਹਨ। ਆਪਣੇ ਵਰਗਿਆਂ ਮੁਲਕਾਂ ਵਿਚ ਪਤਨੀਆਂ ਇਹੀ ਕਹਿ ਸਕਦੀਆਂ ਹਨ, "ਤੇਰੀਆਂ 'ਘੁਰਾੜਿਆਂ' ਨੇ ਮਾਰ ਸੁੱਟਿਆ, ਦੱਸ ਕੀ ਕਰਾਂ।"

ਨੈਸ਼ਨਲ ਇੰਸਟੀਚਿਊਟ ਆਫ ਹੈਲਥ (ਅਮਰੀਕਾ) ਦੀ ਸੰਯਕੁਤ ਕਮੇਟੀ ਦੀ, ਹਾਈ ਬਲੱਡ ਪ੍ਰੈਸ਼ਰ ਤੋਂ ਬਚਾਅ, ਇਸ ਦੀ ਡੀਟੈਕਸ਼ਨ, ਈਵੈਲਿਊਏਸ਼ਨ ਅਤੇ ਇਲਾਜ ਬਾਰੇ ਰਿਪੋਰਟ ਦੇ ਮੁਤਾਬਕ, ਹਾਈ ਬਲੱਡ ਪ੍ਰੈਸ਼ਰ ਦੀਆਂ ਵੱਖ-ਵੱਖ ਸਟੇਜਾਂ ਨਿਮਨ ਅਨੁਸਾਰ ਹਨ:

ਇਹ ਆਮ ਵੇਖਿਆ ਗਿਆ ਹੈ ਕਿ ਬਲੱਡ ਪ੍ਰੈਸ਼ਰ ਚੈੱਕ ਕਰਾਉਣ ਲਈ ਡਾਕਟਰ ਕੋਲ ਜਾਓ ਤਾਂ ਇਸ ਦੀ ਰੀਡਿੰਗ ਕੁਝ ਵਧੇਰੇ ਆਉਂਦੀ ਹੈ- ਸ਼ਾਇਦ ਇਸ ਲਈ ਕਿ ਦਿਲੋ-ਦਿਮਾਗ ਵਿਚ ਕੋਈ ਡਰ ਜਾਂ ਘਬਰਾਹਟ ਹੁੰਦੀ ਹੈ। ਜਿਨ੍ਹਾਂ ਵਿਅਕਤੀਆਂ ਦਾ ਬਲੱਡ ਪ੍ਰੈਸ਼ਰ ਨਾਰਮਲ ਹੁੰਦਾ ਹੈ ਜਾਂ ਇਲਾਜ ਅਧੀਨ ਹੁੰਦੇ ਹਨ, ਜੇਕਰ ਉਹ ਆਪਣੇ ਘਰ ਵਿਚ ਹੀ ਬਲੱਡ ਪ੍ਰੈਸ਼ਰ ਚੈੱਕ ਕਰ ਲਿਆ ਕਰਨ ਤਾਂ ਘਬਰਾਹਟ ਜਾਂ ਡਰ ਵਾਲਾ ਤੱਤ ਨਾ ਹੋਣ ਕਰਕੇ, ਠੀਕ ਜਾਂ ਸਹੀ ਰੀਡਿੰਗ ਆਉਂਦੀ ਹੈ। ਸੋ ਬਲੱਡ ਪ੍ਰੈਸ਼ਰ ਚੈੱਕ ਕਰਨ ਵਾਲੀ ਮਸ਼ੀਨ ਖਰੀਦ ਕੇ, ਉਸ ਨੂੰ ਵਰਤਣ ਦੀ ਜਾਚ ਸਿੱਖ ਕੇ ਘਰ ਬੈਠੇ, ਆਪਣੇ ਆਪ ਹੀ ਬਲੱਡ ਪ੍ਰੈਸ਼ਰ ਵੇਖ ਲੈਣਾ ਚਾਹੀਦਾ ਹੈ। ਇਸ ਨਾਲ ਘਰ ਬੈਠੇ ਹੀ ਪਤਾ ਲਗਾਇਆ ਜਾ ਸਕਦਾ ਹੈ ਕਿ ਜੋ ਦਵਾਈ ਤੁਸੀਂ ਖਾ ਰਹੇ ਹੋ, ਉਹ ਕਿੰਨਾ ਕੁ ਅਸਰ ਕਰ ਰਹੀ ਹੈ, ਕੋਈ ਫਰਕ ਪਿਆ ਵੀ ਹੈ ਕਿ ਨਹੀਂ। ਇਸ ਨਾਲ ਡਾਕਟਰ ਕੋਲ ਆਉਣ-ਜਾਣ ਦਾ ਕਿਰਾਇਆ ਵੀ ਬਚਦਾ ਹੈ ਤੇ ਡਾਕਟਰ ਦੀ ਫੀਸ ਵੀ।

ਹਾਈ ਬਲੱਡ ਪ੍ਰੈਸ਼ਰ ਦੇ ਮਰੀਜ਼ ਵਾਸਤੇ ਖ਼ਤਰੇ ਦੇ ਚਿੰਨ੍ਹ ਹਨ:

- ਸ਼ੂਗਰ ਰੋਗ
- ਸਿਗਰਿਟ ਨੋਸ਼ੀ
- ਖੂਨ ਵਿਚ ਵਧੇਰੇ ਚਰਬੀ (ਕੋਲੈਸਟਰੋਲ) ਹੋਣਾ
- 55 ਸਾਲ ਤੋਂ ਵਧੇਰੇ ਉਮਰ

ਔਰਤਾਂ ਵਿਚ ਆਮ ਕਰਕੇ, ਮਹਾਂਵਾਰੀ ਬੰਦ ਹੋਣ ਤੋਂ ਬਾਅਦ ਦੀ ਉਮਰ ਵਿਚ ਹਾਈ ਬਲੱਡ ਪ੍ਰੈਸ਼ਰ ਹੁੰਦਾ ਹੈ। ਜਣੇਪੇ ਨਾਲ ਸਬੰਧਤ ਬਲੱਡ ਪ੍ਰੈਸ਼ਰ ਦੇ ਕੁਝ ਹੋਰ ਕਾਰਨ ਹਨ ਅਤੇ ਬੱਚਾ ਜੰਮਣ ਤੋਂ ਬਾਅਦ ਇਹ ਬਲੱਡ ਪ੍ਰੈਸ਼ਰ ਨਾਰਮਲ ਹੋ ਜਾਂਦਾ ਹੈ। ਹਾਈ ਬਲੱਡ ਪ੍ਰੈਸ਼ਰ ਦੀ ਪਰਿਵਾਰਿਕ ਪਿੱਠ-ਭੂਮੀ ਵਾਲੇ ਵਿਅਕਤੀ ਨੂੰ ਇਹ ਰੋਗ ਉਤਪੰਨ ਹੋਣ ਦਾ ਖ਼ਤਰਾ ਰਹਿੰਦਾ ਹੈ ਤੇ ਜੇਕਰ ਹੋ ਜਾਵੇ ਤਾਂ ਰਿਸਕੀ ਹੁੰਦਾ ਹੈ।

ਹਾਈ ਬਲੱਡ ਪ੍ਰੈਸ਼ਰ ਦੇ ਲੱਛਣ:

ਬਹੁਤ ਕੇਸਾਂ ਵਿਚ ਕੋਈ ਵੀ ਲੱਛਣ ਨਹੀਂ ਹੁੰਦਾ। ਤੁਸੀਂ ਕਿਸੇ ਹੋਰ ਸਮੱਸਿਆ ਕਰਕੇ ਡਾਕਟਰ ਕੋਲ ਜਾਓ ਤਾਂ ਰੁਟੀਨ ਦੇ ਚੈਕ-ਅੱਪ ਵਿਚ ਪਤਾ ਲਗਦਾ ਹੈ ਕਿ ਬਲੱਡ ਪ੍ਰੈਸ਼ਰ ਹਾਈ ਹੈ। ਓਦਾਂ ਨਿੰਮੀ-ਨਿੰਮੀ ਸਿਰ ਜਾਂ ਮੱਥੇ ਵਿਚ ਪੀੜ, ਥਕਾਵਟ, ਅੱਖਾਂ ਅੱਗੇ ਹਨੇਰਾ ਆਉਣਾ, ਨਜ਼ਰ ਦਾ ਘਟਣਾ ਆਦਿ ਲੱਛਣ ਹੁੰਦੇ ਹਨ।

ਕਿਹੜੇ ਅੰਗ ਇਸ ਦਾ ਸ਼ਿਕਾਰ ਬਣਦੇ ਹਨ ?

ਹਾਈ ਬਲੱਡ ਪ੍ਰੈਸ਼ਰ ਦਾ ਸ਼ਿਕਾਰ, ਸਰੀਰ ਦੇ ਤਕਰੀਬਨ ਸਾਰੇ ਹੀ ਅੰਗ ਹੁੰਦੇ ਹਨ ਜਿਵੇਂ:

- ਦਿਲ
- ਖੂਨ ਦੀਆਂ ਨਾੜੀਆਂ
- ਦਿਮਾਗ
- ਗੁਰਦੇ
- ਅੱਖਾਂ
- ਨਰਵਜ਼
- ਪੱਠੇ ਆਦਿ। ਘੁਰਾੜੇ:

ਹਾਈ ਬਲੱਡ ਪ੍ਰੈਸ਼ਰ ਵਾਲੇ ਵਿਅਕਤੀ ਘੁਰਾੜੇ ਵੀ ਮਾਰਦੇ ਹਨ। ਘੁਰਾੜਿਆਂ ਬਾਰੇ ਕੌਣ ਨਹੀਂ ਜਾਣਦਾ ? ਨੀਂਦ ਦੌਰਾਨ ਸਾਹ-ਰਸਤੇ ਵਿਚ ਰੁਕਾਵਟ ਕਾਰਨ, ਸਾਹ ਨੂੰ ਅੰਦਰ ਖਿੱਚਣ ਅਤੇ ਬਾਹਰ ਕੱਢਣ ਵੇਲੇ, ਅਜੀਬ ਅਜੀਬ ਆਵਾਜ਼ਾਂ ਸੁਣ ਕੇ ਦੂਸਰੇ ਕਹਿੰਦੇ ਨੇ, "ਫਲਾਣਾ ਘੋੜੇ ਵੇਚ ਕੇ ਸੁੱਤਾ ਪਿਐ", ਭਾਵੇਂ ਇਹ ਆਵਾਜ਼ਾਂ ਹਸਾਉਣੀਆਂ ਲੱਗਣ, ਪਰ ਇਹ ਖ਼ਤਰਨਾਕ ਹੁੰਦੀਆਂ ਹਨ। ਔਰਤਾਂ ਨਾਲੋਂ ਵਧੇਰੇ ਮਰਦ ਘੁਰਾੜੇ ਮਾਰਦੇ ਹਨ। ਹਾਈ ਬਲੱਡ ਪ੍ਰੈਸ਼ਰ ਵਾਲੇ ਵਿਅਕਤੀਆਂ ਵਿਚ ਘੁਰਾੜਿਆਂ ਦੀ ਸਮੱਸਿਆ ਵਧੇਰੇ ਹੁੰਦੀ ਹੈ। ਸੁੱਤੇ ਪਏ ਬੰਦੇ ਨੂੰ ਤਾਂ ਭਾਵੇਂ ਪਤਾ ਨਹੀਂ ਲਗਦਾ ਪਰ ਵੇਖਣ ਵਾਲੇ ਕਦੀ ਕਦੀ ਮਹਿਸੂਸ ਕਰਦੇ ਨੇ ਕਿ ਸ਼ਾਇਦ ਉਸ ਦਾ ਸਾਹ ਪੂਰੀ ਤਰ੍ਹਾਂ ਹੀ ਰੁਕ ਚੱਲਿਆ ਹੈ।

ਮੈਡੀਕਲ ਭਾਸ਼ਾ ਵਿਚ ਘੁਰਾੜਿਆਂ ਨੂੰ ਕਿਹਾ ਜਾਂਦਾ ਹੈ। ਜੇ ਇਹ ਦਸ ਸਕਿੰਟਾਂ ਤੋਂ ਵੱਧ ਸਮੇਂ ਦਾ ਹੋਵੇ ਜਾਂ ਅੱਠ ਘੰਟਿਆਂ ਦੀ ਨੀਂਦ ਦੌਰਾਨ 30 ਵਾਰ ਹੋਵੇ ਤਾਂ ਫੌਰਨ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ। ਇਲਾਜ ਨਾ ਕਰਵਾਇਆ ਜਾਵੇ ਤਾਂ:

- ਯਾਦ-ਦਾਸ਼ਤ ਦਾ ਘਟਣਾ
- ਨਾਮਰਦੀ ਅਤੇ
- ਅਚਾਨਕ ਮੌਤ

ਤੱਕ ਹੋ ਸਕਦੀ ਹੈ। ਘੁਰਾੜਿਆਂ ਵਾਲੀ ਨੀਂਦ ਤੋਂ ਜਾਗਣ ਤੋਂ ਬਾਅਦ, ਬੰਦਾ ਤਰੋ-ਤਾਜ਼ਾ ਮਹਿਸੂਸ ਨਹੀਂ ਕਰਦਾ। ਨਾਰਮਲ ਜਾਂ ਸਾਧਾਰਣ ਹਾਲਤ ਵਿਚ ਨੀਂਦ ਦੌਰਾਨ, ਜੀਭ ਅਤੇ ਤਾਲੂ ਦੇ ਪੱਠੇ, ਸਾਹ-ਰਸਤੇ ਨੂੰ ਖੁੱਲ੍ਹਾ ਰਖਦੇ ਹਨ। ਜੇਕਰ ਇਹ ਪੱਠੇ ਢਿੱਲੇ ਪੈ ਜਾਣ ਤਾਂ ਸਾਹ-ਰਸਤਾ ਤੰਗ ਹੋਣ ਨਾਲ, ਸਾਹ ਦੌਰਾਨ ਹਵਾ ਕਾਰਨ ਘੁਰਾੜਿਆਂ ਦੀ ਆਵਾਜ਼ ਆਉਂਦੀ ਹੈ। ਜਿਹੜੇ ਵਿਅਕਤੀ ਸ਼ਰਾਬ ਪੀਂਦੇ ਹਨ, ਕੋਈ ਹੋਰ ਨਸ਼ਾ ਕਰਦੇ ਹਨ ਜਾਂ ਨੀਂਦ ਵਾਲੀ ਗੋਲੀ ਖਾ ਕੇ ਸੌਂਦੇ ਹਨ ਉਨ੍ਹਾਂ ਦਾ ਵੀ ਨੀਂਦ ਦੌਰਾਨ ਸਾਹ ਰੁਕਦਾ ਹੈ, ਘੁਰਾੜੇ ਵੱਜਦੇ ਹਨ। ਘੁਰਾੜਿਆਂ ਦੇ ਹੋਰ ਕਾਰਨ ਹਨ:

- ਮੋਟਾਪਾ
- ਲੋੜ ਤੋਂ ਵਾਧੂ ਖਾ ਲੈਣਾ
- ਥਾਇਰਾਇਡ ਗ੍ਰੰਥੀ ਦਾ ਘੱਟ ਕੰਮ ਕਰਨਾ
- ਚਿਹਰੇ ਦੀਆਂ ਹੱਡੀਆਂ ਦੀ ਅਸਾਧਾਰਣ ਸੈਟਿੰਗ

ਫੇਫੜਿਆਂ ਜਾਂ ਦਿਲ ਦੇ ਰੋਗੀਆਂ ਨੂੰ ਘੁਰਾੜਿਆਂ ਦੀ ਸਮੱਸਿਆ ਹੋਵੇ ਤਾਂ ਉਨ੍ਹਾਂ ਦਾ ਦਿਲ ਅਚਾਨਕ ਰੁਕ ਸਕਦਾ ਹੈ ਤੇ ਮੌਤ ਹੋ ਸਕਦੀ ਹੈ।

ਘੁਰਾੜਿਆਂ ਅਤੇ ਹਾਈ ਬਲੱਡ ਪ੍ਰੈਸ਼ਰ 'ਤੇ ਕਾਬੂ ਪਾਉਣ ਲਈ ਆਪਣੇ ਰਹਿਣ-ਸਹਿਣ ਤੇ ਖਾਣ-ਪੀਣ (ਲਾਈਫ ਸਟਾਈਲ) ਵਿਚ ਤਬਦੀਲੀ ਲਿਆਓ, ਜਿਵੇਂ:

- ਮੋਟਾਪਾ ਹੈ ਤਾਂ ਭਾਰ ਘਟਾਓ
- ਖਾਣਾ ਹਿਸਾਬ ਨਾਲ ਖਾਓ ਯਾਨੀ ਓਵਰ ਈਟਿੰਗ ਨਾ ਕਰੋ।
- ਨਮਕ ਘੱਟ ਖਾਓ।
- ਸ਼ਰਾਬ ਜਾਂ ਤਾਂ ਛੱਡ ਦਿਓ ਨਹੀਂ ਤਾਂ ਸਿਰਫ 30 ਮਿਲੀ ਲੀਟਰ ਪ੍ਰਤੀ ਦਿਨ ਬਸ।
- ਭੋਜਨ ਵਿਚ ਚਰਬੀ ਘਟਾ ਦਿਓ ਜਾਂ ਬੰਦ ਕਰ ਦਿਓ।
- ਫ਼ਲ, ਹਰੀਆਂ ਸਬਜ਼ੀਆਂ, ਦੁੱਧ, ਚਿਕਨ, ਮੱਛੀ ਆਦਿ ਦਾ ਸੇਵਨ ਕਰੋ।
- ਦਿਨ ਵਿਚ 50-60 ਮਿੰਟ ਤੇਜ਼ ਸੈਰ ਕਰੋ।
- ਜੇ ਸਿਗਰਟ-ਬੀੜੀ ਪੀਂਦੇ ਹੋ ਤਾਂ ਬਿਲਕੁਲ ਛੱਡ ਦਿਓ। ਫਜ਼ੂਲ ਦੇ ਝਗੜਿਆਂ ਝਮੇਲਿਆਂ ਤੋਂ ਬਚੋ।
- ਮਨ ਦੀ ਸ਼ਾਂਤੀ ਲਈ, ਜੇ ਗੁਰਦੁਆਰੇ-ਮੰਦਰ ਜਾ ਸਕਦੇ ਹੋ ਤਾਂ ਪਾਠ (ਸੁਖਮਨੀ ਸਾਹਿਬ) ਕਰੋ, ਉਸ ਦੇ ਅਰਥ ਸਮਝੋ ਤੇ ਜਿੰਨਾ ਹੋ ਸਕੇ ਆਪਣੇ ਜੀਵਨ ਵਿਚ ਉਸ ਦਾ ਅਮਲ ਕਰੋ। ਇਸ ਨਾਲ ਬਲੱਡ ਪ੍ਰੈਸ਼ਰ ਠੀਕ ਰਹੇਗਾ।



# ਪੰਜਾਬ ਰਾਜ ਫਾਰਮੇਸੀ ਆਫੀਸਰਜ ਐਸੋਸੀਏਸ਼ਨ ਪਟਿਆਲਾ ਵੱਲੋਂ ਮਨਾਇਆ ਗਿਆ ਵਿਸ਼ਵ ਫਾਰਮਾਸਿਸਟ ਦਿਵਸ

## ਸਿਹਤ ਮੰਤਰੀ ਪੰਜਾਬ ਤੋਂ ਲੱਗਭਗ 700 ਖਾਲੀ ਪੋਸਟਾਂ ਭਰਨ ਅਤੇ ਫਾਰਮੇਸੀ ਅਫਸਰਾਂ ਨੂੰ ਯੋਗਤਾ ਅਨੁਸਾਰ ਪੇ ਸਕੇਲ ਦੇਣ ਕਰਨ ਦੀ ਕੀਤੀ ਮੰਗ

**ਪਟਿਆਲਾ, 29 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਫਾਰਮੇਸੀ ਆਫੀਸਰਜ ਐਸੋਸੀਏਸ਼ਨ ਪਟਿਆਲਾ ਵੱਲੋਂ ਵਿਸ਼ਵ ਫਾਰਮਾਸਿਸਟ ਦਿਵਸ ਜਿਲਾ ਪ੍ਰਧਾਨ ਜਸਵੰਤ ਸਿੰਘ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ, ਜਿਸ ਵਿੱਚ ਸਿਵਲ ਸਰਜਨ ਪਟਿਆਲਾ ਡਾਕਟਰ ਜਗਪਾਲਇੰਦਰ ਸਿੰਘ ਅਤੇ ਐਮਐਸ ਮਾਤਾ ਕੌਸ਼ਲਿਆ ਹਸਪਤਾਲ ਡਾ. ਸੰਜੇ ਕਾਮਰਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਉਨ੍ਹਾਂ ਇਸ ਮੌਕੇ ਸੰਦੇਸ਼ ਦਿੰਦਿਆਂ ਕਿਹਾ ਕਿ ਮਰੀਜਾਂ ਦੇ ਇਲਾਜ ਵਿੱਚ ਫਾਰਮੇਸੀ ਕਿੱਤੇ ਦੀ ਅਹਿਮੀਅਤ ਬਹੁਤ ਜਿਆਦਾ ਹੈ, ਇਸ ਤੋਂ ਬਿਨਾਂ ਕੋਈ ਵੀ ਇਲਾਜ਼ ਸੰਭਵ ਨਹੀਂ ਹੈ ਅਤੇ ਉਹਨਾਂ ਫਰਮੇਸੀ ਵਰਗ ਨੂੰ ਮਹਿਕਮੇ ਦੀ ਰੀੜ ਦੀ ਹੱਡੀ ਦਸਿਆ।ਇਹ ਜਾਣਕਾਰੀ ਦਿੰਦਿਆਂ ਜਿਲ੍ਹਾ ਸਕੱਤਰ ਹਰਜੀਵਨ ਸਿੰਘ ਚਹਿਲ ਨੇ



ਦੱਸਿਆ ਕਿ ਵਿਸ਼ਵ ਫਾਰਮਾਸਿਸਟ ਦਿਵਸ ਮਨਾਉਣ ਦਾ ਮਤਲਬ ਸਿਰਫ ਇਕੱਠੇ ਹੋਣਾ ਨਹੀਂ, ਬਲਕਿ ਫਾਰਮੇਸੀ ਕਿਤੇ ਵਿੱਚ ਕੰਮ ਕਰਨ ਸਮੇਂ ਆ ਰਹੀਆਂ ਮੁਸ਼ਕਿਲਾਂ ਸਾਂਝੀਆਂ ਕਰਨੀਆਂ ਅਤੇ ਹੱਲ ਕਰਨਾ ਹੈ। ਨਰਿੰਦਰ ਮੋਹਨ ਸ਼ਰਮਾ ਸੂਬਾ ਪ੍ਰਧਾਨ ਅਤੇ ਵਿੱਤ ਸਕੱਤਰ ਜਸਵਿੰਦਰ ਸਿੰਘ ਨੇ ਕਿਹਾ ਕਿ ਫਾਰਮੇਸੀ ਕਿਤੇ ਵਿੱਚ ਬਹੁਤ ਗਿਰਾਵਟ ਆ ਚੁੱਕੀ ਹੈ, ਕਿਉਂਕਿ ਫਾਰਮੇਸੀ ਕੌਂਸਲ ਦਾ ਪੂਰਨ ਰੂਪ ਵਿੱਚ ਰਾਜਨੀਤੀਕਰਨ ਹੋ ਚੁੱਕਿਆ ਹੈ, ਜਿਸ ਕਾਰਨ ਆਪਣੇ ਚਹੇਤੇ ਲੋਕਾਂ ਨੂੰ ਰਜਿਸਟਰਾਰ ਲਗਾਇਆ ਜਾਂਦਾ ਰਿਹਾ ਹੈ, ਉਸ ਦੇ ਨਤੀਜੇ ਵਜੋਂ ਸ਼ਿਕਾਇਤਾਂ ਮਿਲਣ ਕਰਕੇ ਵਿਜੀਲੈਂਸ ਜਾਂਚ ਸ਼ੁਰੂ ਹੋਈ ਅਤੇ ਕਈ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਸਪੈਂਡ ਕੀਤਾ ਗਿਆ ਪਰੰਤੂ ਉਹਨਾਂ ਵੱਲੋਂ ਕੀਤੀਆਂ ਗਈਆਂ ਜਾਅਲੀ ਰਜਿਸਟ੍ਰੇਸ਼ਨਾਂ ਰੱਦ ਕਰਕੇ ਅਤੇ ਸਜਾਵਾਂ ਦੇਣ ਤੱਕ ਮਾਮਲਾ ਨਹੀਂ ਪਹੁੰਚ ਸਕਿਆ ਅਤੇ ਹੁਣ ਵੀ ਨਾਨ ਅਟੈਂਡਿੰਗ ਕਲਾਸਾਂ ਦਾ ਸਿਲਸਿਲਾ ਜਾਰੀ ਹੈ। ਸਿਹਤ ਮੰਤਰੀ ਪੰਜਾਬ ਵੱਲੋਂ ਫਾਰਮੇਸੀ ਕਿੱਤੇ ਨਾਲ ਬਹੁਤ ਵੱਡਾ ਵਿਤਕਰਾ ਕੀਤਾ ਜਾ ਰਿਹਾ ਹੈ, ਸਾਲ 2023 ਵਿੱਚ ਫਾਰਮਾਸਿਸਟਾਂ /ਫਰਮੇਸੀ ਅਫ਼ਸਰਾਂ ਦੀਆਂ 350 ਪੋਸਟਾਂ ਭਰਨ ਦੀ ਮਨਜ਼ੂਰੀ ਮਿਲਣ ਦੇ ਬਾਵਜੂਦ ਵੀ ਨਹੀਂ ਭਰੀਆਂ ਗਈਆਂ ਅਤੇ ਇਸ ਸਮੇਂ ਫਾਰਮਾਸਿਸਟਾਂ/ ਫਾਰਮੇਸੀ ਅਫਸਰਾਂ ਦੀਆਂ 700 ਤੋਂ ਵੀ ਵੱਧ ਪੋਸਟਾਂ ਖਾਲੀ ਹਨ ਫਿਰ ਵੀ ਮੁੱਖ ਦਫਤਰ ਅਤੇ ਅਧੀਨ ਸੰਸਥਾਵਾਂ ਵੱਲੋਂ ਚਹੇਤੇ ਫਰਮੇਸੀ ਅਫ਼ਸਰਾਂ ਤੋਂ ਨਾਨ ਫਰਮੇਸੀ ਕੰਮ ਕਰਵਾਇਆ ਜਾ ਰਿਹਾ ਹੈ, ਜਿਸ ਕਾਰਣ ਕੰਮ ਕਰ ਰਹੇ ਫਰਮੇਸੀ ਅਫ਼ਸਰਾਂ ਤੇ ਕੰਮ ਦਾ ਬੋਝ ਬਹੁਤ ਵਧ ਗਿਆ ਅਤੇ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਵਿੱਚ ਵੀ ਦਿੱਕਤ ਆਉਂਦੀ ਹੈ, ਨੌਬਤ ਇਥੋਂ ਤੱਕ ਆ ਚੁੱਕੀ ਕਿ ਰੂਰਲ ਫਰਮੇਸੀ ਅਫ਼ਸਰਾਂ ਨੂੰ ਉੱਚ ਸੰਸਥਾਵਾਂ ਦੇ ਮੇਨ ਸਟੋਰਾਂ ਦਾ ਚਾਰਜ ਦੇਣਾ ਪੈ ਰਿਹਾ ਹੈ।ਸਾਬਕਾ ਸੂਬਾ ਪ੍ਰਧਾਨ ਸ਼ਾਮ ਲਾਲ ਸ਼ਰਮਾਂ ਅਤੇ ਸਾਬਕਾ ਸੂਬਾ ਕਮੇਟੀ ਮੈਂਬਰ ਮੇਜਰ ਸਿੰਘ ਨੇ ਸਾਰਿਆਂ ਨੂੰ ਵਿਸ਼ਵ ਫਾਰਮਾਸਿਸਟ ਦਿਵਸ ਕਿਵੇਂ ਹੋਂਦ ਵਿੱਚ ਆਇਆ, ਕਦੋਂ ਤੋਂ ਵਿਸ਼ਵ ਪੱਧਰ ਤੇ ਮਨਾਉਣ ਦਾ ਫੈਸਲਾ ਹੋਇਆ ਬਾਰੇ ਜਾਣਕਾਰੀ ਦਿੱਤੀ , ਫਰਮੇਸੀ ਅਫਸਰਾਂ ਨੂੰ ਆਪਣੀ ਡਿਊਟੀ ਲਿਸਟ ਬਾਰੇ ਜਾਣਕਾਰੀ ਦਿਤੀ ਅਤੇ ਸਮੇਂ ਦੇ ਪਾਬੰਦ ਰਹਿ ਕੇ ਇਮਾਨਦਾਰੀ, ਦ੍ਰਿੜਤਾ ਨਾਲ ਕੰਮ ਕਰਨ ਅਤੇ ਫਰਮੇਸੀ ਪ੍ਰੋਫੈਸ਼ਨ ਨੂੰ ਉੱਚਾ ਚੁੱਕਣ ਦਾ ਸੰਦੇਸ਼ ਦਿੱਤਾ।

ਇਸ ਸਮੇਂ ਹਰਿੰਦਰ ਸਿੰਘ ਚਹਿਲ ਅਤੇ ਦਿਨੇਸ਼ ਕੁਮਾਰ ਗਰਗ ਪ੍ਰਧਾਨ ਐਨ ਐੱਚ ਐੱਮ ਫਾਰਮਾਸਿਸਟ ਯੂਨੀਅਨ ਨੇ ਫਰਮੇਸੀ ਅਫ਼ਸਰਾਂ ਨੂੰ ਕਿਹਾ ਕਿ ਸਾਨੂੰ ਆਪਣੀ ਡਿਊਟੀ ਦੇ ਨਾਲ ਨਾਲ ਮਰੀਜਾਂ ਨਾਲ ਵਧੀਆ ਵਰਤਾਵ ਕਰਨ ਅਤੇ ਕੁਦਰਤੀ ਆਫ਼ਤਾਂ ਜਿਵੇਂ ਹੜ੍ਹਾਂ ਆਦਿ ਵਿੱਚ ਅੱਗੇ ਹੋ ਕੇ ਮੋਰਚਾ ਸੰਭਾਲਣ ਲਈ ਕਿਹਾ ।

# ਲੁਧਿਆਣਾ ਪੁਲਿਸ ਨੇ ਆਈ.ਈ.ਡੀ ਮਾਮਲੇ ਦਾ ਪਰਦਾਫਾਸ਼ ਕੀਤਾ, ਸ਼ਿਕਾਇਤਕਰਤਾ ਦੇ ਭਤੀਜੇ ਸਮੇਤ ਦੋ ਗ੍ਰਿਫ਼ਤਾਰ

## ਕੋਈ ਅੱਤਵਾਦੀ ਨਹੀਂ, ਸਿਰਫ਼ ਨਿੱਜੀ ਦੁਸ਼ਮਣੀ ਦਾ ਮਾਮਲਾ : ਸਵਪਨ ਸ਼ਰਮਾ

**ਲੁਧਿਆਣਾ, 29 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਕਮਿਸ਼ਨਰੇਟ ਪੁਲਿਸ ਲੁਧਿਆਣਾ ਨੇ ਦਰੇਸੀ ਖੇਤਰ ਤੋਂ ਬਰਾਮਦ ਕੀਤੇ ਗਏ ਇੱਕ ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈ.ਈ.ਡੀ) ਦੇ ਮਾਮਲੇ ਨੂੰ ਸੁਲਝਾ ਲਿਆ ਹੈ, ਸ਼ਿਕਾਇਤਕਰਤਾ ਦੇ ਭਤੀਜੇ ਸਮੇਤ ਦੋ ਵਿਅਕਤੀਆਂ ਨੂੰ 10 ਘੰਟਿਆਂ ਦੇ ਅੰਦਰ ਗ੍ਰਿਫ਼ਤਾਰ ਕੀਤਾ ਹੈ, ਜਿਨ੍ਹਾਂ ਨੇ ਕਥਿਤ ਤੌਰ 'ਤੇ ਨਿੱਜੀ ਅਤੇ ਕਾਰੋਬਾਰੀ ਦੁਸ਼ਮਣੀ ਕਾਰਨ ਦੁਕਾਨ ਨੂੰ ਸਾੜਨ ਦੀ ਯੋਜਨਾ ਬਣਾਈ ਸੀ। ਮੁਲਜ਼ਮਾਂ ਦੀ ਪਛਾਣ ਸ਼ਿਕਾਇਤਕਰਤਾ ਦੇ ਭਤੀਜੇ ਅਤੇ ਹਰਦੋਈ, ਉੱਤਰ ਪ੍ਰਦੇਸ਼ ਦੇ ਨਿਵਾਸੀ ਸੋਨੂੰ ਕੁਮਾਰ (19), ਜੋ ਕਿ ਵਰਤਮਾਨ ਵਿੱਚ ਬਸਤੀ ਜੋਧੇਵਾਲ, ਲੁਧਿਆਣਾ ਵਿਖੇ ਰਹਿੰਦਾ ਹੈ ਅਤੇ ਮੁਹੰਮਦ ਆਮਿਰ (30), ਮੂਲ ਰੂਪ ਵਿੱਚ ਚਾਪੁਰ, ਸਹਾਰਨਪੁਰ, ਉੱਤਰ ਪ੍ਰਦੇਸ਼ ਦਾ ਰਹਿਣ ਵਾਲਾ ਹੈ, ਹੁਣ ਜਗੀਰਪੁਰ ਰੋਡ, ਲੁਧਿਆਣਾ 'ਤੇ ਰਹਿੰਦਾ ਹੈ ਵੱਜੋਂ ਹੋਈ। ਪੁਲਿਸ ਨੇ ਸੱਤ ਪੈਕੇਟਾਂ ਵਿੱਚ ਲਗਭਗ 5-6 ਲੀਟਰ ਪੈਟਰੋਲ, ਇੱਕ ਗੱਤੇ ਦਾ ਡੱਬਾ, ਦੋ



ਬੈਟਰੀ ਸੈੱਲ, ਇੱਕ ਛੋਟੀ ਘੜੀ, ਇੱਕ ਛੋਟੀ ਮੋਟਰ, ਤਾਰਾਂ ਅਤੇ 15-20 ਗ੍ਰਾਮ ਹਲਕਾ ਪੀਲਾ ਪਾਊਡਰ (ਫੋਰੈਂਸਿਕ ਵਿਸ਼ਲੇਸ਼ਣ ਬਾਕੀ ਹੈ) ਬਰਾਮਦ ਕੀਤਾ।

ਇੱਕ ਪ੍ਰੈਸ ਕਾਨਫਰੰਸ ਦੌਰਾਨ, ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਨੇ ਅਜੈ ਬੈਗ ਹਾਊਸ ਦੇ ਮਾਲਕ ਅਜੈ ਕੁਮਾਰ ਦੇ ਨਾਲ ਮਿਲ ਕੇ ਘਟਨਾ ਬਾਰੇ ਵਿਸਥਾਰ ਵਿੱਚ ਦੱਸਿਆ। 20 ਸਤੰਬਰ, 2025 ਨੂੰ ਸ਼ਾਮ 6:30-7:00 ਵਜੇ ਦੇ ਕਰੀਬ, ਸਰਜੀਕਲ ਮਾਸਕ ਪਹਿਨੇ ਇੱਕ ਅਣਪਛਾਤਾ ਵਿਅਕਤੀ ਦਰੇਸੀ ਖੇਤਰ ਵਿੱਚ ਅਜੈ ਦੀ ਦੁਕਾਨ 'ਤੇ ਗਿਆ। ਵਿਅਕਤੀ ਨੇ ਇੱਕ ਸੂਟਕੇਸ ਚੁਣਿਆ, ਪੇਸ਼ਗੀ ਵਜੋਂ 500 ਰੁਪਏ ਅਦਾ ਕੀਤੇ ਅਤੇ ਅਜੈ ਨੂੰ ਪੋਲੀਥੀਨ ਵਿੱਚ ਲਪੇਟਿਆ ਇੱਕ ਗੱਤੇ ਦਾ ਡੱਬਾ ਫੜਨ ਲਈ ਕਿਹਾ, ਇਹ ਦਾਅਵਾ ਕਰਦੇ ਹੋਏ ਕਿ ਉਹ ਦੋਵੇਂ ਚੀਜ਼ਾਂ ਲੈਣ ਲਈ ਵਾਪਸ ਆ ਜਾਵੇਗਾ। ਸ਼ੱਕੀ ਵਾਪਸ ਨਹੀਂ ਆਇਆ। 24 ਸਤੰਬਰ, 2025 ਨੂੰ, ਲਗਭਗ 10:00 ਵਜੇ, ਆਪਣੀ ਦੁਕਾਨ ਬੰਦ ਕਰਦੇ ਸਮੇਂ, ਅਜੈ ਨੇ ਡੱਬੇ ਵਿੱਚੋਂ ਪੈਟਰੋਲ ਦੀ ਬਦਬੂ ਆਉਂਦੀ ਦੇਖੀ। ਉਸਨੇ ਦੁਕਾਨ ਦੇ ਮਕਾਨ ਮਾਲਕ ਅਤੇ ਮਾਰਕੀਟ ਐਸੋਸੀਏਸ਼ਨ ਦੇ ਪ੍ਰਧਾਨ ਨੂੰ ਸੂਚਿਤ ਕੀਤਾ, ਜਿਨ੍ਹਾਂ ਨੇ ਪੁਲਿਸ ਨੂੰ ਸੂਚਿਤ ਕੀਤਾ। ਡੱਬਾ ਸੁਰੱਖਿਅਤ ਢੰਗ ਨਾਲ ਹਟਾ ਦਿੱਤਾ ਗਿਆ ਅਤੇ ਜਾਂਚ ਕਰਨ 'ਤੇ, ਪੁਲਿਸ ਨੇ ਪਾਇਆ ਕਿ ਤਾਰਾਂ ਕੱਟੀਆਂ ਹੋਈਆਂ ਸਨ ਅਤੇ ਘੜੀ ਕੰਮ ਨਹੀਂ ਕਰ ਰਹੀ ਸੀ। ਅਜੈ ਦੇ ਬਿਆਨ ਦੇ ਆਧਾਰ 'ਤੇ, ਦਰੇਸੀ ਪੁਲਿਸ ਸਟੇਸ਼ਨ ਵਿੱਚ ਇੱਕ ਐਫ.ਆਈ.ਆਰ ਦਰਜ ਕੀਤੀ ਗਈ ਸੀ।

# ਪਟਿਆਲਾ ਵਿੱਚ ਜਾਰੀ ਐਨੀਮਲ ਬਰਥ ਕੰਟਰੋਲ ਪ੍ਰੋਗਰਾਮ ਦੋ ਸਾਲਾਂ ਵਿੱਚ ਪੂਰੇ ਸ਼ਹਿਰ ਨੂੰ ਕਵਰ ਕਰਨ ਦਾ ਟੀਚਾ : ਕਮਿਸ਼ਨਰ ਪਰਮਵੀਰ ਸਿੰਘ



**ਪਟਿਆਲਾ, 29 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਨਿਗਮ ਪਟਿਆਲਾ ਵੱਲੋਂ ਸ਼ਹਿਰ ਵਿੱਚ ਘੁੰਮਦੇ ਆਵਾਰਾ ਕੁੱਤਿਆਂ ਦੀ ਗਿਣਤੀ 'ਤੇ ਕਾਬੂ ਪਾਉਣ ਅਤੇ ਜਨ ਸਿਹਤ ਨੂੰ ਸੁਰੱਖਿਅਤ ਬਣਾਉਣ ਲਈ ਐਨੀਮਲ ਬਰਥ ਕੰਟਰੋਲ (ਏ.ਬੀ.ਸੀ.) ਪ੍ਰੋਗਰਾਮ ਜਾਰੀ ਹੈ। ਇਸ ਪ੍ਰੋਗਰਾਮ ਅਧੀਨ ਭਟਕਦੇ ਕੁੱਤਿਆਂ ਦੀ ਨਸਬੰਦੀ (ਸਟੇਰਲਾਈਜ਼ੇਸ਼ਨ) ਅਤੇ ਰੇਬੀਜ਼ ਟੀਕਾਕਰਨ ਕੀਤਾ ਜਾ ਰਿਹਾ ਹੈ। ਇਹ ਪ੍ਰਗਟਾਵਾ ਕਮਿਸ਼ਨਰ ਨਗਰ ਨਿਗਮ ਪਰਮਵੀਰ ਸਿੰਘ ਨੇ ਨਿਗਮ ਟੀਮ ਸਮੇਤ ਮੋਦੀ ਕਾਲਜ ਨੇੜੇ ਬਣੇ ਏ.ਬੀ.ਸੀ. ਸੈਂਟਰ ਦੀ ਚੈਕਿੰਗ ਦੌਰਾਨ ਕੀਤਾ।

ਦੱਸਣਯੋਗ ਹੈ ਕਿ ਇਹ ਮੁਹਿੰਮ ਡਾ. ਅੰਕਿਤ ਅਤੇ ਉਨ੍ਹਾਂ ਦੀ ਟੀਮ ਦੀ ਅਗਵਾਈ ਹੇਠ ਚੱਲ ਰਹੀ ਹੈ, ਜਿਸ ਦੀ ਸ਼ੁਰੂਆਤ ਮੇਅਰ ਕੁੰਦਨ ਗੋਗੀਆ ਅਤੇ ਨਗਰ ਨਿਗਮ ਪਟਿਆਲਾ ਦੇ ਕਮਿਸ਼ਨਰ, ਆਈ.ਏ.ਐਸ. ਪਰਮਵੀਰ ਸਿੰਘ ਵੱਲੋਂ ਕੀਤੀ ਗਈ ਸੀ। ਪ੍ਰੋਗਰਾਮ ਦੀ ਸ਼ੁਰੂਆਤ ਜੁਲਾਈ ਮਹੀਨੇ ਵਿੱਚ ਕੀਤੀ ਗਈ ਸੀ ਜਿਸ ਤਹਿਤ ਹੁਣ ਤੱਕ 778 ਆਵਾਰਾ ਕੁੱਤੇ ਸਫਲਤਾਪੂਰਵਕ ਸਟੇਰਲਾਈਜ਼ ਅਤੇ ਟੀਕਾਕਰਨ ਕੀਤੇ ਜਾ ਚੁੱਕੇ ਹਨ।

ਕਮਿਸ਼ਨਰ ਪਰਮਵੀਰ ਸਿੰਘ ਨੇ ਦੱਸਿਆ ਕਿ ਇਸ ਸੈਂਟਰ ਵਿੱਚ 15 ਕੇਨਲ ਬਣਾਏ ਗਏ ਹਨ। ਹਰ ਰੋਜ਼ ਇੱਥੇ ਕੁੱਤਿਆਂ ਦੀ ਸਟੇਰਲਾਈਜ਼ੇਸ਼ਨ ਕੀਤੀ ਜਾਂਦੀ ਹੈ ਅਤੇ ਉਨ੍ਹਾਂ ਨੂੰ ਸਰਜਰੀ ਤੋਂ ਬਾਅਦ ਸਹੀ ਦੇਖਭਾਲ ਨਾਲ ਮੁੜ ਉਸੇ ਥਾਂ ਛੱਡਿਆ ਜਾਂਦਾ ਹੈ। ਇਸ ਪ੍ਰੋਗਰਾਮ ਨੂੰ ਹੋਰ ਮਜ਼ਬੂਤ ਕਰਨ ਲਈ ਪੁਰਾਣੇ ਏ.ਬੀ.ਸੀ. ਸੈਂਟਰ ਨੇੜੇ 24 ਨਵੇਂ ਕੇਨਲਾਂ ਦੀ ਨਿਰਮਾਣ ਪ੍ਰਕਿਰਿਆ ਜਾਰੀ ਹੈ। ਇਸ ਤੋਂ ਇਲਾਵਾ ਇੱਕ ਨਵੀਂ ਸਾਈਟ ਵੀ ਨਿਰਧਾਰਤ ਕੀਤੀ ਗਈ ਹੈ, ਜਿੱਥੇ 50 ਕੇਨਲ ਬਣਾਏ ਜਾਣਗੇ।

ਇਨ੍ਹਾਂ ਨਵੇਂ ਕੇਨਲਾਂ ਦੇ ਬਣਨ ਨਾਲ ਨਿਗਮ ਵੱਲੋਂ ਹਰ ਰੋਜ਼ 50 ਕੁੱਤਿਆਂ ਦੀ ਸਟੇਰਲਾਈਜ਼ੇਸ਼ਨ ਕਰਨ ਦਾ ਟੀਚਾ ਰੱਖਿਆ ਗਿਆ ਹੈ। ਅਨੁਮਾਨ ਹੈ ਕਿ ਅਗਲੇ ਦੋ ਸਾਲਾਂ ਵਿੱਚ ਪੂਰੇ ਪਟਿਆਲਾ ਸ਼ਹਿਰ ਨੂੰ ਇਸ ਯੋਜਨਾ ਹੇਠ ਕਵਰ ਕਰ ਲਿਆ ਜਾਵੇਗਾ। ਪਾਰਦਰਸ਼ੀਤਾ ਯਕੀਨੀ ਬਣਾਉਣ ਲਈ ਨਗਰ ਨਿਗਮ ਪਟਿਆਲਾ ਵੱਲੋਂ ਹਰ ਰੋਜ਼ ਦੀਆਂ ਸਟੇਰਲਾਈਜ਼ੇਸ਼ਨ ਰਿਪੋਰਟਾਂ ਨਿਗਮ ਦੇ ਅਧਿਕਾਰਕ ਪੋਰਟਲ 'ਤੇ ਅਪਲੋਡ ਕੀਤੀਆਂ ਜਾ ਰਹੀਆਂ ਹਨ

ਕਮਿਸ਼ਨਰ ਪਰਮਵੀਰ ਸਿੰਘ ਨੇ ਕਿਹਾ ਕਿ ਨਗਰ ਨਿਗਮ ਪਟਿਆਲਾ ਇਸ ਪ੍ਰੋਗਰਾਮ ਨੂੰ ਪੂਰੀ ਜ਼ਿੰਮੇਵਾਰੀ ਨਾਲ ਚਲਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਵਾਰਾ ਕੁੱਤਿਆਂ ਦੀ ਗਿਣਤੀ 'ਤੇ ਕਾਬੂ ਪਾਉਣਾ ਨਾ ਸਿਰਫ਼ ਜਨ ਸਿਹਤ ਲਈ ਜ਼ਰੂਰੀ ਹੈ, ਬਲਕਿ ਇਸ ਨਾਲ ਸ਼ਹਿਰ ਹੋਰ ਵੀ ਸੁਰੱਖਿਅਤ ਅਤੇ ਸਾਫ ਸੁਥਰਾ ਬਣੇਗਾ। ਨਗਰ ਨਿਗਮ ਵੱਲੋਂ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ।

# ਜ਼ਿਲ੍ਹਾ ਮੰਡੀ ਅ.ਫ਼ਸਰ ਵੱਲੋਂ ਦਾਣਾ ਮੰਡੀ ਖੰਨਾ 'ਚ ਆੜਤੀਆ ਐਸੋਸੀਏਸ਼ਨ ਨਾਲ ਮੀਟਿੰਗ



**ਲੁਧਿਆਣਾ, 29 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ, ਜ਼ਿਲ੍ਹਾ ਮੰਡੀ ਅਫ਼ਸਰ ਲੁਧਿਆਣਾ ਗੁਰਮਤਪਾਲ ਸਿੰਘ ਗਿੱਲ ਵੱਲੋਂ ਦਾਣਾ ਮੰਡੀ ਖੰਨਾ ਵਿਖੇ ਆੜਤੀਆ ਐਸੋਸੀਏਸ਼ਨ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਜਗਤਾਰ ਸਿੰਘ ਗਿੱਲ ਵੀ ਮੌਜੂਦ ਸਨ।

ਮੀਟਿੰਗ ਦੌਰਾਨ ਜ਼ਿਲ੍ਹਾ ਮੰਡੀ ਅਫ਼ਸਰ ਵੱਲੋਂ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ ਮੰਡੀਆਂ ਵਿੱਚ ਸੁੱਕੇ ਝੋਨੇ ਦੀ ਆਮਦ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਸਾਨ ਭਰਾਵਾਂ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਮੰਡੀਆਂ ਵਿੱਚ ਕੇਵਲ ਸੁੱਕਾ ਝੋਨਾ ਹੀ ਲਿਆਂਦਾ ਜਾਵੇ ਤਾਂ ਜੋ ਜ਼ਿਮੀਦਾਰਾਂ ਦੀ ਪੁੱਤਾਂ ਵਾਂਗ ਪਾਲੀ ਫਸਲ ਦੀ ਤੁਰੰਤ ਖਰੀਦ ਦੇ ਨਾਲ ਫੌਰੀ ਅਦਾਇਗੀ ਕੀਤੀ ਜਾ ਸਕੇ।

ਜ਼ਿਲ੍ਹਾ ਮੰਡੀ ਅਫ਼ਸਰ ਵਲੋ ਮੀਟਿੰਗ ਵਿੱਚ ਹਾਜ਼ਰੀਨ ਨੂੰ ਡਿਪਟੀ ਕਮਿਸ਼ਨਰ ਦੇ ਆਦੇਸ਼ ਅਨੁਸਾਰ "ਮਿਸ਼ਨ ਚੜ੍ਹਦੀ ਕਲਾ'' ਤਹਿਤ ਹੜ੍ਹ ਪ੍ਰਭਾਵਿਤ ਇਲਾਕਿਆ ਲਈ ਸਮੂਹਿਕ ਸਹਾਇਤਾ ਦੀ ਅਪੀਲ ਵੀ ਕੀਤੀ ਗਈ।

ਇਸ ਮੌਕੇ ਸਕੱਤਰ ਮਾਰਕੀਟ ਕਮੇਟੀ ਕਮਲਦੀਪ ਸਿੰਘ ਮਾਨ , ਲੇਖਾਕਾਰ ਹਰਜਿੰਦਰ ਸਿੰਘ, ਹਰਬੰਸ ਸਿੰਘ ਰੋਸ਼ਾ ਪ੍ਰਧਾਨ ਆੜਤੀਆ ਐਸੋਸ਼ੀਏਸ਼ਨ ਖੰਨਾ, ਯਾਦਵਿੰਦਰ ਸਿੰਘ ਲਿਬੜਾ ਅਤੇ ਹਮੀਰ ਸਿੰਘ ਤੋਂ ਇਲਾਵਾ ਹੋਰ ਵੀ ਮੌਜੂਦ ਸਨ।

# ਪੈਲੀਏਟਿਵ ਕੇਅਰ ਦੀ ਟ੍ਰੇਨਿੰਗਾਂ ਨਾਲ ਸਿਹਤ ਸੇਵਾਵਾਂ ਦੀ ਗੁਣਵੱਤਾ ਵਿੱਚ ਹੋਵੇਗਾ ਵਾਧਾ: ਡਾ.ਜਗਪਾਲਇੰਦਰ ਸਿੰਘ

**ਪਟਿਆਲਾ, 29 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਜਿਲ੍ਹਾ ਸਿਹਤ ਵਿਭਾਗ ਪਟਿਆਲਾ ਅਤੇ ਕੇਨਸੁਪੋਰਟ ਵੱਲੋਂ ਸਾਂਝੇ ਤੌਰ 'ਤੇ ਪੈਲੀਏਟਿਵ ਕੇਅਰ ਬਾਰੇ ਤਿੰਨ ਦਿਨਾਂ ਦੀ ਵਿਸ਼ੇਸ਼ ਟ੍ਰੇਨਿੰਗ ਵਰਕਸ਼ਾਪ ਸਫਲਤਾਪੂਰਵਕ ਆਯੋਜਿਤ ਕੀਤੀ ਗਈ। ਇਹ ਟ੍ਰੇਨਿੰਗ ਨਰਸਿੰਗ ਸਕੂਲ ਮਾਤਾ ਕੁਸ਼ੱਲਿਆ ਵਿਖੇ 23 ਤੋਂ 25 ਸਤੰਬਰ ਤੱਕ ਕਰਵਾਈ ਗਈ। ਇਸ ਵਿੱਚ ਜਿਲ੍ਹੇ ਦੇ ਮੈਡੀਕਲ ਅਫਸਰਾਂ ਅਤੇ ਸਟਾਫ ਨਰਸਾਂ ਨੇ ਹਿੱਸਾ ਲਿਆ। ਟ੍ਰੇਨਿੰਗ ਦਾ ਮੁੱਖ ਉਦੇਸ਼ ਗੰਭੀਰ ਅਤੇ ਲਾਈਲਾਜ ਬੀਮਾਰੀਆਂ ਨਾਲ ਪੀੜਤ ਮਰੀਜ਼ਾਂ ਦੀ ਸੰਭਾਲ ਬਾਰੇ ਸਿਹਤ ਸਟਾਫ਼ ਨੂੰ ਨਵੀਆਂ ਤਕਨੀਕਾਂ, ਦਰਦ ਪ੍ਰਬੰਧਨ, ਮਨੋਵਿਗਿਆਨਕ ਸਹਾਇਤਾ ਅਤੇ ਸੰਵੇਦਨਸ਼ੀਲ ਸੰਚਾਰ ਦੇ ਹੁਨਰ ਸਿਖਾਉਣਾ ਸੀ। ਕੇਨਸੁਪੋਰਟ ਦੇ ਐਡਵਾਈਜ਼ਰ ਐਨ.ਡੀ.ਪੀ.ਐਸ ਡਾ.ਰਵਿੰਦਰ ਮੋਹਨ ਵੱਲੋਂ ਭਾਗੀਦਾਰਾਂ ਨੂੰ ਘਰੇਲੂ ਪੈਲੀਏਟਿਵ ਸੇਵਾਵਾਂ ਦੇ ਮਹੱਤਵ ਬਾਰੇ ਜਾਣੂ ਕਰਵਾਇਆ ਗਿਆ ਅਤੇ ਇਹ ਵੀ ਦੱਸਿਆ ਗਿਆ ਕਿ ਕਿਵੇਂ ਮਰੀਜ਼ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਲਈ



ਮਨੋਵਿਗਿਆਨਕ ਸਹਿਯੋਗ ਬਹੁਤ ਜ਼ਰੂਰੀ ਹੈ। ਇਸ ਵਰਕਸ਼ਾਪ ਦੌਰਾਨ ਪ੍ਰੈਕਟੀਕਲ ਸੈਸ਼ਨ ਵੀ ਕਰਵਾਏ ਗਏ ਜਿੱਥੇ ਭਾਗੀਦਾਰਾਂ ਨੇ ਪੈਲੀਏਟਿਵ ਕੇਅਰ ਦੀਆਂ ਤਕਨੀਕਾਂ ਦਾ ਸਿੱਧਾ ਅਨੁਭਵ ਪ੍ਰਾਪਤ ਕੀਤਾ। ਉਨ੍ਹਾਂ ਨੂੰ ਕੇਸ ਸਟਡੀਜ਼ ਰਾਹੀਂ ਸਮਝਾਇਆ ਗਿਆ ਕਿ ਕਿਵੇਂ ਸੰਵੇਦਨਸ਼ੀਲਤਾ, ਸਮੇਂ ਸਿਰ ਸਹਾਇਤਾ ਅਤੇ ਦਰਦ ਪ੍ਰਬੰਧਨ ਨਾਲ ਮਰੀਜ਼ ਦੀ ਜੀਵਨ ਗੁਣਵੱਤਾ ਨੂੰ ਸੁਧਾਰਿਆ ਜਾ ਸਕਦਾ ਹੈ। ਸਿਵਲ ਸਰਜਨ ਪਟਿਆਲਾ ਡਾ.ਜਗਪਾਲਇੰਦਰ ਸਿੰਘ ਨੇ ਸਮਾਪਨ ਸਮਾਰੋਹ ਦੌਰਾਨ ਕਿਹਾ ਕਿ ਇਸ ਤਰ੍ਹਾਂ ਦੀਆਂ ਟ੍ਰੇਨਿੰਗਾਂ ਨਾਲ ਸਿਹਤ ਸੇਵਾਵਾਂ ਦੀ ਗੁਣਵੱਤਾ ਵਿੱਚ ਵਾਧਾ ਹੋਵੇਗਾ ਅਤੇ ਪੈਲੀਏਟਿਵ ਕੇਅਰ ਸੇਵਾਵਾਂ ਹੋਰ ਵੀ ਸੁਧਰੀਆਂ ਹੋਣਗੀਆਂ। ਉਨ੍ਹਾਂ ਨੇ ਕਾਨਸੁਪੋਰਟ ਟੀਮ, ਸਿਹਤ ਵਿਭਾਗ ਦੇ ਅਧਿਕਾਰੀਆਂ ਅਤੇ ਸਾਰੇ ਭਾਗੀਦਾਰਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਅਤੇ ਉਮੀਦ ਜਤਾਈ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਪ੍ਰੋਗਰਾਮ ਜਾਰੀ ਰਹਿਣਗੇ। ਇਸ ਮੌਕੇ ਮੈਡੀਕਲ ਸੁਪਰਡੈਂਟ ਮਾਤਾ ਕੁਸ਼ੱਲਿਆ ਹਸਪਤਾਲ ਡਾ.ਸੰਜੇ ਕਾਮਰਾ, ਸੀਨੀਅਰ ਮੈਡੀਕਲ ਅਫਸਰ ਡਾ.ਵਿਕਾਸ ਗੋਇਲ ਅਤੇ ਸਮੂਹ ਮਾਸ ਮੀਡੀਆ ਵਿੰਗ ਦੀ ਟੀਮ ਮੌਜੂਦ ਸਨ।

# ਡਿਪਟੀ ਮੇਅਰ ਜਗਦੀਪ ਜੱਗਾ ਦੇ ਸਟੇਟ ਸੈਕਟਰੀ ਬਣਨ 'ਤੇ ਮੇਅਰ ਕੁੰਦਨ ਗੋਗੀਆ ਨੇ ਕੀਤਾ ਸਨਮਾਨ



**ਪਟਿਆਲਾ, 29 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਨਗਰ ਨਿਗਮ ਦੇ ਡਿਪਟੀ ਮੇਅਰ ਜਗਦੀਪ ਸਿੰਘ ਜੱਗਾ ਨੂੰ ਸੰਗਠਨ ਵੱਲੋਂ ਸਟੇਟ ਸੈਕਟਰੀ ਬਣਾਏ ਜਾਣ 'ਤੇ ਸ਼ਹਿਰ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਇਸ ਮੌਕੇ ਮੇਅਰ ਕੁੰਦਨ ਗੋਗੀਆ ਵੱਲੋਂ ਵਿਸ਼ੇਸ਼ ਤੌਰ ਡਿਪਟੀ ਮੇਅਰ ਜੱਗਾ ਦਾ ਸਨਮਾਨ ਕੀਤਾ ਗਿਆ।

ਮੇਅਰ ਗੋਗੀਆ ਨੇ ਜੱਗਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਇਹ ਜ਼ਿੰਮੇਵਾਰੀ ਨਾ ਸਿਰਫ਼ ਮਾਣ ਵਾਲੀ ਗੱਲ ਹੈ, ਸਗੋਂ ਇਹ ਪਟਿਆਲਾ ਲਈ ਵੀ ਸਨਮਾਨ ਦੀ ਗੱਲ ਹੈ। ਉਨ੍ਹਾਂ ਕਿਹਾ, ਜਗਦੀਪ ਸਿੰਘ ਜੱਗਾ ਹਮੇਸ਼ਾ ਪਾਰਟੀ ਦੀ ਨੀਤੀ ਅਤੇ ਲੋਕਾਂ ਦੀ ਭਲਾਈ ਲਈ ਕੰਮ ਕਰਦੇ ਆਏ ਹਨ। ਉਨ੍ਹਾਂ ਦੀ ਮਹਨਤ ਅਤੇ ਲੋਕਾਂ ਨਾਲ ਨਿਭੇੜੇ ਰਿਸ਼ਤੇ ਨੂੰ ਵੇਖਦਿਆਂ ਹੀ ਇਹ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ।

ਮੇਅਰ ਨੇ ਆਸ਼ਾ ਜ਼ਾਹਿਰ ਕੀਤੀ ਕਿ ਜੱਗਾ ਆਪਣੇ ਨਵੇਂ ਅਹੁਦੇ 'ਤੇ ਖਰਾ ਉਤਰਦਿਆਂ ਸੰਗਠਨ ਨੂੰ ਹੋਰ ਮਜ਼ਬੂਤ ਕਰਨਗੇ।

ਡਿਪਟੀ ਮੇਅਰ ਜਗਦੀਪ ਸਿੰਘ ਜੱਗਾ ਨੇ ਮੇਅਰ ਗੋਗੀਆ ਵੱਲੋਂ ਮਿਲੇ ਸਨਮਾਨ ਲਈ ਧੰਨਵਾਦ ਕਰਦਿਆਂ ਕਿਹਾ ਕਿ ਸਟੇਟ ਸੈਕਟਰੀ ਬਣਨਾ ਉਨ੍ਹਾਂ ਲਈ ਮਾਣ ਦੇ ਨਾਲ ਜ਼ਿੰਮੇਵਾਰੀ ਵੀ ਹੈ। ਉਨ੍ਹਾਂ ਕਿਹਾ, ਮੇਰੇ ਲਈ ਪਾਰਟੀ ਅਤੇ ਲੋਕ ਸੇਵਾ ਸਭ ਤੋਂ ਉੱਪਰ ਹੈ। ਮੈਂ ਮੇਅਰ ਗੋਗੀਆ ਜੀ ਦੇ ਮਾਰਗਦਰਸ਼ਨ ਹੇਠ ਪੂਰੀ ਨਿਭੇੜਤਾ ਨਾਲ ਸੰਗਠਨ ਦੇ ਹਰ ਫ਼ੈਸਲੇ ਨੂੰ ਲਾਗੂ ਕਰਨ ਲਈ ਕੰਮ ਕਰਾਂਗਾ।

ਇਸ ਮੌਕੇ ਕਈ ਬਲਾਕ ਪ੍ਰਧਾਨਾਂ ਅਤੇ ਸੰਗਠਨ ਦੇ ਅਹੁਦਿਆਂ ਨੇ ਵੀ ਜੱਗਾ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਉਨ੍ਹਾਂ ਦੇ ਸਟੇਟ ਪੱਧਰ 'ਤੇ ਪਹੁੰਚਣ ਨਾਲ ਪਟਿਆਲਾ ਦੀ ਅਵਾਜ਼ ਹੋਰ ਉੱਚੀ ਅਤੇ ਮਜ਼ਬੂਤੀ ਨਾਲ ਗੂੰਜੇਗੀ।

ਮੇਅਰ ਅਤੇ ਡਿਪਟੀ ਮੇਅਰ ਦੀ ਇਹ ਮੁਲਾਕਾਤ ਖੁਸ਼ਨੁਮਾ ਮਾਹੌਲ ਵਿੱਚ ਹੋਈ, ਜਿੱਥੇ ਦੋਹਾਂ ਨੇ ਸ਼ਹਿਰ ਦੇ ਵਿਕਾਸ ਅਤੇ ਲੋਕ ਭਲਾਈ ਸਬੰਧੀ ਮਸਲਿਆਂ 'ਤੇ ਵੀ ਵਿਚਾਰ-ਚਰਚਾ ਕੀਤੀ। ਇਸ ਮੌਕੇ ਰਜਿੰਦਰ ਮੋਹਨ, ਸੁਸ਼ੀਲ ਮਿੱਡਾ, ਲਾਵਿਸ਼ ਚੁੱਘ, ਪਵਨ ਕੁਮਾਰ, ਗੁਰਮੇਲ ਰਾਜਪਾਲ, ਰਵੀ ਰਣਜੀਤ, ਹਰਸਿਮਰਨ ਸਿੰਘ, ਦਵਿੰਦਰ ਗੋਲਡੀ, ਪਰਦੀਪ ਸ਼ਰਮਾ, ਖੁਸ਼, ਗਿਆਨ ਚੰਦ, ਇੰਦਰਜੀਤ ਸਿੰਘ ਆਦਿ ਹਾਜ਼ਰ ਸਨ।

# ਪਿੰਡ ਚਮਾਰੂ ਅਤੇ ਜੰਡ ਮੰਗੋਲੀ ਵਿੱਚ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਵੰਡਿਆ 220 ਕੁਇੰਟਲ ਪਸ਼ੂਆਂ ਦਾ ਚਾਰਾ




**ਪਟਿਆਲਾ, 29 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਜ਼ਿਲ੍ਹੇ ਦੇ ਹੜ੍ਹ ਪੀੜਤ ਪਿੰਡ ਚਮਾਰੂ ਅਤੇ ਜੰਡ ਮੰਗੋਲੀ ਵਿੱਚ ਅੱਜ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ 220 ਕੁਇੰਟਲ ਮੱਕੀ ਦਾ ਅਚਾਰ ਪਸ਼ੂਆਂ ਲਈ ਵੰਡਿਆ ਗਿਆ। ਇਸ ਮੌਕੇ ਟਰੱਸਟ ਦੇ ਕੌਮੀ ਪ੍ਰਧਾਨ ਜੱਸਾ ਸਿੰਘ ਨੇ ਦੱਸਿਆ ਕਿ ਟਰੱਸਟ ਦੇ ਮੁੱਖੀ ਅਤੇ ਪ੍ਰਸਿੱਧ ਸਮਾਜਸੇਵੀ ਡਾ. ਐਸ.ਪੀ. ਸਿੰਘ ਓਬਰਾਏ ਆਪਣੀ ਕਮਾਈ ਦਾ 98% ਲੋਕ ਭਲਾਈ ਕੰਮਾਂ 'ਤੇ ਖਰਚਦੇ ਹਨ। ਡਾ. ਓਬਰਾਏ ਵੱਲੋਂ ਪੰਜਾਬ ਵਿੱਚ ਆਏ ਹੜ੍ਹਾਂ ਦੌਰਾਨ ਵੀ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ, ਮੈਡੀਕਲ ਕਿੱਟਾਂ, ਤਰਪਾਲਾਂ ਅਤੇ ਹੋਰ ਜ਼ਰੂਰੀ ਰਾਹਤ ਸਮੱਗਰੀ ਲਗਾਤਾਰ ਪਹੁੰਚਾਈ ਜਾ ਰਹੀ ਹੈ। ਹੜ੍ਹ ਨਾਲ ਪੈਦਾ ਹੋਏ ਸੰਕਟ ਨੂੰ ਦੇਖਦੇ ਹੋਏ ਉਹਨਾਂ ਵੱਲੋਂ ਕਰੋੜਾਂ ਰੁਪਏ ਦਾ ਬਜਟ ਜਾਰੀ ਕੀਤਾ ਗਿਆ ਹੈ, ਜਿਸ ਰਾਹੀਂ ਹੜ੍ਹ ਪੀੜਤਾਂ ਨੂੰ ਰਾਹਤ ਸਮੱਗਰੀ ਪ੍ਰਦਾਨ ਕੀਤੀ ਜਾ ਰਹੀ ਹੈ। ਟਰੱਸਟ ਵੱਲੋਂ ਇਹ ਸੇਵਾਵਾਂ ਹੜ੍ਹ ਦੇ ਪਹਿਲੇ ਦਿਨ ਤੋਂ ਸ਼ੁਰੂ ਕੀਤੀਆਂ ਗਈਆਂ ਸਨ ਅਤੇ ਅੱਜ ਤੱਕ ਟੀਮਾਂ ਲਗਾਤਾਰ ਬਾਰਡਰ ਇਲਾਕਿਆਂ ਵਿੱਚ ਮੈਦਾਨੀ ਪੱਧਰ 'ਤੇ ਸਹਾਇਤਾ ਕਰ ਰਹੀਆਂ ਹਨ। ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਅਜਨਾਲਾ, ਫਿਰੋਜ਼ਪੁਰ, ਫਾਜ਼ਿਲਕਾ, ਤਰਨ ਤਾਰਨ, ਹੁਸ਼ਿਆਰਪੁਰ, ਮੋਗਾ, ਸੁਲਤਾਨਪੁਰ ਲੋਧੀ, ਪਟਿਆਲਾ, ਜਿੱਥੇ ਕਿ ਡਾ. ਓਬਰਾਏ ਦੀ ਟੀਮ ਰਾਤ-ਦਿਨ ਕੰਮ ਕਰ ਰਹੀ ਹੈ। ਡਾ. ਓਬਰਾਏ ਨੇ ਸਪਸ਼ਟ ਕੀਤਾ ਹੈ ਕਿ ਇਹ ਸੇਵਾ ਉਸ ਵੇਲੇ ਤੱਕ ਜਾਰੀ ਰਹੇਗੀ ਜਦ ਤੱਕ ਹਾਲਾਤ ਪੂਰੀ ਤਰ੍ਹਾਂ ਨਾਲ ਸਧਾਰਨ ਨਹੀਂ ਹੋ ਜਾਂਦੇ। ਉਨ੍ਹਾਂ ਇਲਾਕਿਆਂ ਵਿੱਚ ਹਜ਼ਾਰਾਂ ਟਨ ਮੱਕੀ ਦਾ ਅਚਾਰ ਪਸ਼ੂਆਂ ਦਾ ਚਾਰਾ ਨਿਰੰਤਰ ਵੰਡਿਆ ਜਾ ਰਿਹਾ ਹੈ। ਇਸ ਮੌਕੇ ਹਰਵਿੰਦਰ ਸਿੰਘ ਹਰਪਾਲਪੁਰ, ਹਲਕਾ ਇੰਚਾਰਜ ਮੈਂਬਰਸ਼ਿਪ ਘਨੌਰ, ਭਾਰਤੀ ਜਨਤਾ ਪਾਰਟੀ ਵੱਲੋਂ ਵੀ ਟਰੱਸਟ ਦੀ ਟੀਮ ਨਾਲ ਮਿਲ ਕੇ ਆਪਣੇ ਹੱਥੀਂ ਮੱਕੀ ਦਾ ਅਚਾਰ ਪਸ਼ੂਆਂ ਦਾ ਚਾਰਾ ਵੰਡਿਆ ਗਿਆ।

# ਓ.ਟੀ.ਐਸ. ਨੀਤੀ ਦਾ ਮਕਸਦ 'ਬਿਮਾਰ' ਚੌਲ ਮਿੱਲਾਂ ਨੂੰ ਮੁੜ ਕਾਰਜਸ਼ੀਲ ਕਰ ਕੇ ਰੋਜ਼ਗਾਰ ਦੇ ਵਧੇਰੇ ਮੌਕੇ ਪੈਦਾ ਕਰਨਾ: ਲਾਲ ਚੰਦ ਕਟਾਰੂਚੱਕ

**ਚੰਡੀਗੜ੍ਹ, 29 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਖਰੀਦ ਪ੍ਰਕਿਰਿਆ ਨਾਲ ਜੁੜੇ ਹਰ ਭਾਈਵਾਲ ਦੀ ਭਲਾਈ ਲਈ ਪੂਰਨ ਤੌਰ ਉੱਤੇ ਵਚਨਬੱਧ ਹੈ। ਸੂਬੇ ਦੇ ਚੌਲ ਮਿੱਲ ਮਾਲਿਕ ਵੀ ਇਸ ਖਰੀਦ ਪ੍ਰਕਿਰਿਆ ਦਾ ਇੱਕ ਅਹਿਮ ਅੰਗ ਹਨ। ਇਸੇ ਨੂੰ ਮੁੱਖ ਰੱਖ ਕੇ ਪੰਜਾਬ ਕੈਬਨਿਟ ਨੇ ਚੌਲ ਮਿੱਲਾਂ ਲਈ ਵਨ ਟਾਇਮ ਸੈਟਲਮੈਂਟ (ਓ.ਟੀ.ਐਸ.) 2025 ਲਿਆਉਣ ਨੂੰ ਬੀਤੇ ਦਿਨੀਂ ਮਨਜ਼ੂਰੀ ਦੇ ਦਿੱਤੀ ਹੈ।

ਅੱਜ ਇੱਥੇ ਇਹ ਜਾਣਕਾਰੀ ਦਿੰਦੇ ਹੋਏ ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ 2024-25 ਤੱਕ 1688 ਮਿੱਲਰਾਂ ਵੱਲ ਤਕਰੀਬਨ 12000 ਕਰੋੜ ਰੁਪਇਆ ਬਕਾਇਆ ਹੈ ਜਿਸ ਵਿੱਚ 10000 ਕਰੋੜ ਵਿਆਜ ਤੇ 2181 ਕਰੋੜ ਰੁਪਏ ਮੂਲ ਰਕਮ ਸ਼ਾਮਿਲ ਹੈ। ਇਸ ਨਵੀਂ ਓਟੀਐਸ ਨੀਤੀ ਤਹਿਤ ਮਿੱਲਰਾਂ ਨੂੰ ਮੂਲ ਰਕਮ ਦਾ ਅੱਧਾ ਹਿੱਸਾ ਤਾਰਨਾ ਪਵੇਗਾ।



ਮੰਤਰੀ ਨੇ ਇਹ ਵੀ ਕਿਹਾ ਕਿ ਨੋਟੀਫਿਕੇਸ਼ਨ ਦੇ 1 ਮਹੀਨੇ ਅੰਦਰ ਡਿਫਾਲਟਰ ਮਿੱਲਰ ਅਨਾਜ ਖਰੀਦ ਪੋਰਟਲ ਉੱਤੇ ਅਰਜ਼ੀ ਦੇ ਸਕਦੇ ਹਨ ਜਾਂ ਤੁਰੰਤ ਵੀ ਬਕਾਇਆ ਰਕਮ ਜਮਾਂ ਕਰਵਾ ਸਕਦੇ ਹਨ। ਮਿੱਲਰ ਕੋਲ ਵਸੂਲੀਯੋਗ ਰਕਮ ਦਾ ਭੁਗਤਾਨ 1 ਮਹੀਨੇ ਵਿੱਚ ਇੱਕਮੁਸ਼ਤ ਰੂਪ ਵਿੱਚ ਜਾਂ 3 ਮਹੀਨਾਵਾਰ ਕਿਸ਼ਤਾਂ ਵਿੱਚ ਕਰਨ ਦਾ ਬਦਲ ਮੌਜੂਦ ਹੋਵੇਗਾ। ਅਗਾਂਹ ਜਾਣਕਾਰੀ ਦਿੰਦੇ ਹੋਏ ਸ਼੍ਰੀ ਕਟਾਰੂਚੱਕ ਨੇ ਦੱਸਿਆ ਕਿ ਹਰੇਕ ਮਿੱਲ ਮਾਲਕ ਨੂੰ ਮਿਲਿੰਗ ਦਾ ਸਮਾਂ ਪੂਰਾ ਹੋਣ ਮਗਰੋਂ ਹਰੇਕ ਸੂਬਾਈ ਖ਼ਰੀਦ ਏਜੰਸੀ ਨਾਲ ਆਪਣਾ ਖ਼ਾਤਾ ਕਲੀਅਰ ਕਰਨਾ ਹੁੰਦਾ ਹੈ ਤਾਂ ਕਿ ਉਸ ਮਿੱਲ ਮਾਲਕ ਨੂੰ ਅਗਲੇ ਸਾਲ ਲਈ ਕਸਟਮ ਮਿਲਿੰਗ ਲਈ ਝੋਨੇ ਦੀ ਅਲਾਟਮੈਂਟ ਵਾਸਤੇ ਵਿਚਾਰਿਆ ਜਾ ਸਕੇ।

ਕਈ ਮਿੱਲ ਮਾਲਕਾਂ ਨੇ ਆਪਣਾ ਬਕਾਏ ਜਮ੍ਹਾਂ ਨਹੀਂ ਕਰਵਾਏ, ਜਿਸ ਕਾਰਨ ਇਨ੍ਹਾਂ ਮਿੱਲ ਮਾਲਕਾਂ ਨੂੰ ਡਿਫਾਲਟਰ ਐਲਾਨ ਦਿੱਤਾ ਗਿਆ ਅਤੇ ਉਨ੍ਹਾਂ ਵਿਰੁੱਧ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ। ਇਹ ਕਾਰਵਾਈ ਪਿਛਲੇ ਕਈ ਸਾਲਾਂ ਤੋਂ ਵੱਖ ਵੱਖ ਅਦਾਲਤਾਂ/ਲੀਗਲ ਫੋਰਮਾਂ ਵਿੱਚ ਲੰਬਿਤ ਹੈ।

ਇਹ ਨਵੀਂ ਓ.ਟੀ.ਐਸ. ਸਕੀਮ ਸਾਰੀਆਂ ਏਜੰਸੀਆਂ ਦੇ ਕੇਸਾਂ ਨੂੰ ਘੱਟ ਤੋਂ ਘੱਟ ਕਰਨ ਅਤੇ ਇਸ ਨੀਤੀ ਅਧੀਨ ਕੇਸਾਂ ਦਾ ਨਿਬੇੜਾ ਕਰਨ ਲਈ ਲਿਆਂਦੀ ਗਈ ਹੈ ਤਾਂ ਕਿ ਅਜਿਹੀਆਂ 'ਬਿਮਾਰ' ਚੌਲ ਮਿੱਲਾਂ ਨੂੰ ਮੁੜ ਕਾਰਜਸ਼ੀਲ ਕਰ ਕੇ ਸੂਬੇ ਵਿੱਚ ਰੋਜ਼ਗਾਰ ਦੇ ਵਧੇਰੇ ਮੌਕੇ ਪੈਦਾ ਹੋ ਸਕਣ। ਇਸ ਨਾਲ ਸਾਉਣੀ ਖ਼ਰੀਦ ਸੀਜ਼ਨ ਦੌਰਾਨ ਮੰਡੀਆਂ ਵਿੱਚੋਂ ਝੋਨੇ ਦੀ ਚੁਕਾਈ ਤੇਜ਼ ਤੇ ਸੁਚਾਰੂ ਤਰੀਕੇ ਨਾਲ ਹੋਵੇਗੀ ਅਤੇ ਕਿਸਾਨਾਂ ਨੂੰ ਲਾਭ ਮਿਲੇਗਾ।

ਇਸ ਮੌਕੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਤਿਵਾੜੀ, ਡਾਇਰੈਕਟਰ ਵਰਿੰਦਰ ਕੁਮਾਰ ਸ਼ਰਮਾ ਵੀ ਹਾਜ਼ਿਰ ਸਨ।

# ਧੰਨਾ ਭਗਤ ਬਿਰਧ ਆਸ਼ਰਮ ਦੇ ਮੁਖੀ ਗੁਰਸੇਵਕ ਸਿੰਘ ਨੌਲੱਖਾ ਵੱਲੋਂ ਗਲੀਆਂ ਵਿੱਚ ਚਲਾਇਆ ਗਿਆ ਸਵੱਛਤਾ ਅਭਿਆਨ



**ਪਟਿਆਲਾ, 29 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਧੰਨਾ ਭਗਤ ਬਿਰਧ ਆਸ਼ਰਮ ਦੇ ਮੁਖੀ ਗੁਰਸੇਵਕ ਸਿੰਘ ਨੌਲੱਖਾ ਵੱਲੋਂ ਆਸ਼ਰਮ ਦੇ ਨਜ਼ਦੀਕ ਲਗਦੀਆਂ ਗਲੀਆਂ ਵਿੱਚ ਸਵੱਛਤਾ ਅਭਿਆਨ ਚਲਾਇਆ ਗਿਆ ਜਿਸ ਤਹਿਤ ਗਲੀਆਂ ਦੀ ਸਾਫ ਸਫਾਈ ਕੀਤੀ ਗਈ ਤਾਂ ਕਿ ਆਉਣ ਜਾਣ ਵਾਲੇ ਰਾਹਗੀਰ ਬਿਨਾਂ ਕਿਸੇ ਮੁਸ਼ਕਿਲ ਦੇ ਆ ਜਾਣ ਸਕਣ। ਮਹੀਨਾ ਡੇਢ ਮਹੀਨਾ ਪਹਿਲਾਂ ਬਰਸਾਤ ਦੇ ਦਿਨਾਂ ਵਿੱਚ ਬਹੁਤ ਜ਼ਿਆਦਾ ਬਰਸਾਤ ਹੋਣ ਕਾਰਨ ਇਨ੍ਹਾਂ ਗਲੀਆਂ ਵਿੱਚ ਜਗ੍ਹਾ ਜਗ੍ਹਾ ਤੇ ਬਹੁਤ ਸਾਰਾ ਘਾਹ ਅਤੇ ਬੂਟੀਆਂ ਉੱਗ ਗਈਆਂ ਸਨ ਜਿਸ ਕਾਰਨ ਇਨ੍ਹਾਂ ਗਲੀਆਂ ਵਿਚੋਂ ਗੁਜ਼ਰਨ ਵਾਲੇ ਰਾਹਗੀਰਾਂ ਨੂੰ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਗਲੀਆਂ ਵਿਚੋਂ ਗੁਜ਼ਰਦੇ ਸਮੇਂ ਕਈ ਬੂਟੀਆਂ ਤਾਂ ਰਾਹਗੀਰਾਂ ਦੇ ਸਿਰ ਨਾਲ ਜ਼ੋਰ ਦੇ ਕੇ ਵਜਦੀਆਂ ਸਨ।

ਗੁਰਸੇਵਕ ਸਿੰਘ ਜੀ ਵੱਲੋਂ ਆਪਣੇ ਸਫਾਈ ਸਟਾਫ ਨਾਲ ਕਾਫ਼ੀ ਸਮਾਂ ਲਗਾ ਕੇ ਆਸ਼ਰਮ ਦੇ ਨਜ਼ਦੀਕ ਦੀਆਂ ਗਲੀਆਂ ਵਿੱਚ ਸਫਾਈ ਅਭਿਆਨ ਚਲਾ ਕੇ ਥਾਂ ਥਾਂ ਉੱਗੇ ਘਾਹ ਅਤੇ ਬੂਟੀਆਂ ਦੀ ਸਫਾਈ ਕਰਕੇ ਗਲੀਆਂ ਨੂੰ ਸਾਫ ਕੀਤਾ ਗਿਆ। ਇਸ ਮੌਕੇ ਉਨ੍ਹਾਂ ਆਮ ਪਬਲਿਕ ਨੂੰ ਕਿਹਾ ਕਿ ਜਿਸ ਤਰ੍ਹਾਂ ਅਸੀਂ ਆਪਣੇ ਘਰਾਂ ਦੀ ਸਫਾਈ ਕਰਦੇ ਹਾਂ, ਆਪਣੇ ਘਰਾਂ ਨੂੰ ਸਾਫ ਸੁਥਰਾ ਰੱਖਦੇ ਹਾਂ, ਉਸੇ ਤਰ੍ਹਾਂ ਹੀ ਸਾਨੂੰ ਸਮੇਂ ਸਮੇਂ ਤੇ ਆਪਣੀਆਂ ਗਲੀਆਂ ਵਿੱਚ ਆਪਣੇ ਗੁਆਂਢੀਆਂ ਨਾਲ ਮਿਲ ਕੇ ਸਫਾਈ ਅਭਿਆਨ ਚਲਾਉਣਾ ਚਾਹੀਦਾ ਹੈ ਤਾਂ ਕਿ ਸਾਡੀਆਂ ਗਲੀਆਂ ਸਾਫ ਰਹਿ ਸਕਣ ਅਤੇ ਇਨ੍ਹਾਂ ਵਿਚੋਂ ਗੁਜ਼ਰਨ ਵਾਲੇ ਰਾਹਗੀਰਾਂ ਨੂੰ ਗੁਜ਼ਰਦੇ ਸਮੇਂ ਕਿਸੇ ਮੁਸ਼ਕਿਲਾਂ ਦਾ ਸਾਹਮਣਾ ਨਾ ਕਰਨਾ ਪਵੇ। ਸਮੇਂ ਸਮੇਂ ਤੇ ਇਸ ਤਰ੍ਹਾਂ ਦੇ ਸਫਾਈ ਅਭਿਆਨ ਚਲਾ ਕੇ ਜਿਥੇ ਅਸੀਂ ਆਪਣੀਆਂ ਗਲੀਆਂ ਨੂੰ ਸਾਫ ਸੁਥਰਾ ਰੱਖ ਸਕਾਂਗੇ ਉਥੇ ਹੀ ਇਨ੍ਹਾਂ ਅਭਿਆਨਾਂ ਨਾਲ ਦੇਸ਼ ਦੀ ਪ੍ਰਗਤੀ ਵਿੱਚ ਵੀ ਸਾਡਾ ਅਹਿਮ ਯੋਗਦਾਨ ਹੋਵੇਗਾ।

# ਮੋਹਾਲੀ ਵਿੱਚ 300 ਕਰੋੜ ਰੁਪਏ ਦਾ ਨਿਵੇਸ਼ ਕਰੇਗੀ ਇਨਫੋਸਿਸ ਲਿਮਟਡ : ਕੈਬਨਿਟ ਮੰਤਰੀ ਸੰਜੀਵ ਅਰੋੜਾ

**ਚੰਡੀਗੜ੍ਹ, 29 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਕੈਬਨਿਟ ਮੰਤਰੀ ਸ਼੍ਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਅਗਵਾਈ ਹੇਠ ਪੰਜਾਬ ਦੇ ਉਦਯੋਗ ਅਤੇ ਵਣਜ ਨੂੰ ਹੋਰ ਹੁਲਾਰਾ ਦੇਣ ਅਤੇ ਸੂਬੇ ਵਿੱਚ ਉੱਚ ਆਰਥਿਕ ਵਿਕਾਸ ਦਾ ਰਾਹ ਪੱਧਰਾ ਕਰਨ ਲਈ ਇਨਫੋਸਿਸ ਲਿਮਟਿਡ ਆਪਣੇ ਕਾਰੋਬਾਰ ਨੂੰ ਹੋਰ ਵਿਸਤਾਰ ਕਰਨ ਲਈ ਮੋਹਾਲੀ ਵਿੱਚ ਲਗਭਗ 300 ਕਰੋੜ ਰੁਪਏ ਦਾ ਨਿਵੇਸ਼ ਕਰੇਗੀ। ਇਸ ਨਾਲ 2500 ਵਿਅਕਤੀਆਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ ਅਤੇ 210 ਵਿਅਕਤੀਆਂ ਨੂੰ ਅਸਿੱਧੇ ਤੌਰ ਤੇ ਰੁਜ਼ਗਾਰ ਦੇ ਮੌਕਿਆਂ ਖੁੱਲ੍ਹਣਗੇ।

ਕੈਬਨਿਟ ਮੰਤਰੀ ਸ਼੍ਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਇਨਫੋਸਿਸ ਲਿਮਟਿਡ 2017 ਤੋਂ ਮੋਹਾਲੀ ਵਿੱਚ ਮੌਜੂਦ ਹੈ ਅਤੇ




ਇਸ ਸਮੇਂ ਲਗਭਗ 900 ਕਰਮਚਾਰੀ ਇਥੇ ਕੰਮ ਕਰ ਰਹੇ ਹਨ। ਆਪਣੇ ਕਾਰੋਬਾਰ ਨੂੰ ਵਧਾਉਣ ਅਤੇ ਸਥਾਨਕ ਪ੍ਰਤਿਭਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਭ ਪਹੁੰਚਾਉਣ ਲਈ, ਕੰਪਨੀ ਰਣਨੀਤਕ ਤੌਰ 'ਤੇ ਨਾ ਸਿਰਫ਼ ਆਪਣੇ ਕਾਰਜਾਂ ਦਾ ਪੜਾਅਵਾਰ ਢੰਗ ਨਾਲ ਵਿਸਥਾਰ ਕਰ ਰਹੀ ਹੈ ਸਗੋਂ ਇਸ ਨਾਲ ਟਿਕਾਊ ਵਿਕਾਸ ਅਤੇ ਵੱਡੇ ਪੱਧਰ 'ਤੇ ਖੇਤਰੀ ਸ਼ਮੂਲੀਅਤ ਨੂੰ ਵੀ ਯਕੀਨੀ ਬਣਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਫੇਜ਼ 1 ਯੋਜਨਾ ਤਹਿਤ ਇਨਫੋਸਿਸ ਲਿਮਟਿਡ 300,000 ਵਰਗ ਫੁੱਟ ਦੇ ਕੁੱਲ ਨਿਰਮਾਣ ਖੇਤਰ ਦੇ ਨਾਲ ਦਫਤਰੀ ਜਗ੍ਹਾ ਅਤੇ ਹੋਰ ਇਮਾਰਤਾਂ ਦਾ ਵਿਸਥਾਰ ਕਰੇਗੀ। ਸਾਰੀਆਂ ਜ਼ਰੂਰੀ ਪ੍ਰਵਾਨਗੀਆਂ ਪ੍ਰਾਪਤ ਕਰਨ ਦੀ ਮਿਤੀ ਤੋਂ ਮੁਕੰਮਲ ਹੋਣ ਦੀ ਅਨੁਮਾਨਿਤ ਸਮਾਂ-ਸੀਮਾ 3 ਸਾਲ ਹੈ। ਇਹ ਇਮਾਰਤ ਵਾਤਾਵਰਣ ਅਨੁਕੂਲ ਹੋਵੇਗੀ ਅਤੇ ਲੀਡ ਪਲੈਟੀਨਮ ਦਰਜੇ ਵਜੋਂ ਪ੍ਰਮਾਣਿਤ ਹੋਵੇਗੀ, ਜੋ ਕਿ ਇਸ ਇਮਾਰਤ ਨੂੰ ਦਿੱਤਾ ਗਿਆ ਸਭ ਤੋਂ ਉੱਚਾ ਦਰਜਾ ਹੈ। ਇਸਦਾ ਨਿਰਮਾਣ ਕੰਮ 5 ਨਵੰਬਰ ਨੂੰ ਗੁਰਪੁਰਬ ਦੇ ਸ਼ੁਭ ਦਿਨ ਸ਼ੁਰੂ ਕੀਤਾ ਜਾਵੇਗਾ।

ਇਸੇ ਤਰ੍ਹਾਂ, ਉਨ੍ਹਾਂ ਕਿਹਾ ਕਿ ਫੇਜ਼ 2 ਯੋਜਨਾ ਤਹਿਤ ਫਰਮ 480,000 ਵਰਗ ਫੁੱਟ ਦੇ ਕੁੱਲ ਨਿਰਮਾਣ ਖੇਤਰ ਦੇ ਨਾਲ ਦਫਤਰੀ ਥਾਂ ਅਤੇ ਹੋਰ ਸਹਾਇਕ ਇਮਾਰਤਾਂ ਦਾ ਵਿਸਤਾਰ ਕਰੇਗੀ। ਮੁਕੰਮਲ ਹੋਣ ਦੀ ਅਨੁਮਾਨਿਤ ਸਮਾਂ-ਸੀਮਾ 5 ਸਾਲ ਹੈ, ਜੋ ਫੇਜ਼ 1 ਦੇ ਸਫਲਤਾਪੂਰਵਕ ਸੰਪੂਰਨ ਹੋਣ ਤੋਂ ਬਾਅਦ ਅਤੇ ਸਾਰੀਆਂ ਜ਼ਰੂਰੀ ਰੈਗੂਲੇਟਰੀ ਅਤੇ ਕਾਨੂੰਨੀ ਮਨਜ਼ੂਰੀਆਂ ਪ੍ਰਾਪਤ ਹੋਣ 'ਤੇ ਸ਼ੁਰੂ ਹੋਵੇਗੀ।

ਇਨਫੋਸਿਸ ਲਿਮਟਿਡ ਨੇ ਮੋਹਾਲੀ ਵਿਖੇ ਇਸ ਵੱਕਾਰੀ ਪ੍ਰੋਜੈਕਟ ਨੂੰ ਲਾਗੂ ਕਰਨ ਲਈ ਦਿੱਤੇ ਗਏ ਸਾਰੇ ਸਹਿਯੋਗ ਦੇਣਾ ਲਈ ਪੰਜਾਬ ਸਰਕਾਰ, ਇਨਵੈਸਟ ਪੰਜਾਬ ਅਤੇ ਗਮਾਡਾ ਦਾ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਅਸੀਂ ਪ੍ਰਸਤਾਵਿਤ ਵਿਕਾਸ ਨੂੰ ਪ੍ਰਾਪਤ ਕਰਨ ਲਈ ਵਚਨਬੱਧ ਰਹਾਂਗੇ।

ਪ੍ਰੈਸ ਕਾਨਫਰੰਸ ਦੌਰਾਨ ਇਨਵੈਸਟ ਪੰਜਾਬ ਦੇ ਸੀ.ਈ.ਓ. ਸ਼੍ਰੀ ਅਮਿਤ ਢਾਕਾ ਆਈ.ਏ.ਐਸ., ਪੰਜਾਬ ਵਿਕਾਸ ਪ੍ਰੀਸ਼ਦ ਦੇ ਵਾਈਸ-ਚੇਅਰਪਰਸਨ ਸ਼੍ਰੀਮਤੀ ਸੀਮਾ ਬਾਂਸਲ, ਰੀਜਨਲ ਹੈੱਡ ਇਨਫਰਾਸਟ੍ਰਕਚਰ ਇਨਫੋਸਿਸ ਸ਼੍ਰੀ ਅਮੋਲ ਰਮੇਸ਼ ਕੁਲਕਰਨੀ, ਬ੍ਰਾਂਚ ਡਿਵੈਲਪਮੈਂਟ ਸੈਂਟਰ ਇਨਫੋਸਿਸ ਦੇ ਹੈੱਡ ਡਾ. ਸਮੀਰ ਗੋਇਲ ਮੌਜੂਦ ਸਨ।

## ਸੰਪਾਦਕੀ

# ਪਾਕਿ ਦੇ ਪੱਛਮੀ ਸੂਬੇ ਖ਼ੈਬਰ ਪਖ਼ਤੂਨਖਵਾ ਦੇ ਲਾਚਾਰ ਵਸਨੀਕਾਂ ਲਈ ਦੋਹਰਾ ਝਟਕਾ

ਪਾਕਿਸਤਾਨ ਦੇ ਗੜਬੜ ਵਾਲੇ ਉੱਤਰ ਪੱਛਮੀ ਸੂਬੇ ਖੈਬਰ ਪਖ਼ਤੂਨਖਵਾ ਦੇ ਲਾਚਾਰ ਵਸਨੀਕਾਂ ਲਈ ਇਹ ਦੋਹਰਾ ਝਟਕਾ ਹੈ। ਹਾਲ ਹੀ ਦੇ ਹਫ਼ਤਿਆਂ ਵਿੱਚ ਹੜ੍ਹਾਂ ਦੇ ਝੰਬੇ ਲੋਕ ਹੁਣ ਪਾਬੰਦੀਸ਼ੁਦਾ ਤਹਿਰੀਕ-ਏ-ਤਾਲਿਬਾਨ ਪਾਕਿਸਤਾਨ (ਟੀ ਟੀ ਪੀ) ਦੇ ਦਹਿਸ਼ਤਗਰਦਾਂ ਨੂੰ ਮੁਕਾਉਣ ਦੇ ਉਦੇਸ਼ ਨਾਲ ਵਿੱਢੀ ਫ਼ੌਜੀ ਮੁਹਿੰਮ ਦਾ ਵੀ ਸਾਹਮਣਾ ਕਰ ਰਹੇ ਹਨ। ਪਾਕਿਸਤਾਨੀ ਹਵਾਈ ਸੈਨਾ ਦੇ ਜਹਾਜ਼ਾਂ ਦੇ ਤੀਰਾਹ ਘਾਟੀ ਵਿੱਚ ਕੀਤੇ ਕਥਿਤ ਹਮਲਿਆਂ ਵਿੱਚ ਔਰਤਾਂ ਅਤੇ ਬੱਚਿਆਂ ਸਮੇਤ ਘੱਟੋ-ਘੱਟ 30 ਨਾਗਰਿਕਾਂ ਦੀ ਜਾਨ ਚਲੀ ਗਈ। ਪਾਕਿਸਤਾਨ ਦੇ ਮਨੁੱਖੀ ਅਧਿਕਾਰ ਕਮਿਸ਼ਨ ਨੇ ਅਫ਼ਗਾਨਿਸਤਾਨ ਦੀ ਸਰਹੱਦ ਨੇੜੇ ਹੋਏ ਹਵਾਈ ਹਮਲਿਆਂ ਦੀ ਜਾਂਚ ਮੰਗੀ ਹੈ, ਭਾਵੇਂ ਪੁਲੀਸ ਨੇ ਮੌਤਾਂ ਨੂੰ ਇੱਕ ਅਹਾਤੇ 'ਚ ਹੋਏ ਧਮਾਕੇ ਨਾਲ ਜੋੜਿਆ ਹੈ, ਜਿੱਥੇ ਟੀ ਟੀ ਪੀ ਨੇ ਵਿਸਫੋਟਕ ਸਮੱਗਰੀ ਦਾ ਭੰਡਾਰ ਰੱਖਿਆ ਹੋਇਆ ਸੀ। ਪਾਕਿਸਤਾਨ ਦੇ ਫ਼ੌਜ ਮੁਖੀ ਫੀਲਡ ਮਾਰਸ਼ਲ ਆਸਿਮ ਮੁਨੀਰ ਇਹ ਦਿਖਾਵਾ ਕਰਨ ਦੀ ਜ਼ਿੱਦ 'ਤੇ ਅੜੇ ਜਾਪਦੇ ਹਨ ਕਿ ਉਨ੍ਹਾਂ ਦਾ ਦੇਸ਼ ਅਤਿਵਾਦ ਤੋਂ ਪੀੜਤ ਹੈ, ਨਾ ਕਿ ਇਸ ਨੂੰ ਫੈਲਾਉਣ ਵਾਲਾ। ਪਹਿਲਗਾਮ ਅਤਿਵਾਦੀ ਹਮਲੇ ਤੋਂ ਬਾਅਦ ਇਹ ਚਾਲ ਕਾਮਯਾਬ ਰਹੀ ਹੈ। ਉਸ ਵਕਤ ਕੌਮਾਂਤਰੀ ਭਾਈਚਾਰੇ ਨੇ ਇਸ ਭਿਆਨਕ ਕਤਲੇਆਮ ਲਈ ਪਾਕਿਸਤਾਨ ਨੂੰ ਦੋਸ਼ੀ ਠਹਿਰਾਉਣ 'ਚ ਝਿਜਕ ਦਿਖਾਈ ਸੀ। ਅਤਿਵਾਦ ਦਾ ਮੁਕਾਬਲਾ ਕਰਨ ਦੇ ਬਹਾਨੇ, ਪਾਕਿਸਤਾਨ ਦੀ ਫ਼ੌਜੀ ਅਤੇ ਸਿਆਸੀ ਲੀਡਰਸ਼ਿਪ ਖੈਬਰ ਪਖ਼ਤੂਨਖਵਾ ਵਿੱਚ ਪਾਕਿਸਤਾਨ ਤਹਿਰੀਕ-ਏ-ਇਨਸਾਫ਼ (ਪੀ ਟੀ ਆਈ) ਦੀ ਸਰਕਾਰ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਦੇਸ਼ ਦੀ ਮੁੱਖ ਵਿਰੋਧੀ ਧਿਰ ਪੀ ਟੀ ਆਈ ਲਗਭਗ ਦੋ ਸਾਲ ਤੋਂ ਸੰਘਰਸ਼ ਕਰ ਰਹੀ ਹੈ, ਜਦੋਂ ਤੋਂ ਇਸ ਦੇ ਬਾਨੀ, ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਨੂੰ ਕੈਦ ਕੀਤਾ ਗਿਆ ਹੈ। ਖੈਬਰ ਪਖ਼ਤੂਨਖਵਾ ਵਿੱਚ ਲੋਕਾਂ ਦੇ ਜਬਰੀ ਉਜਾੜੇ ਦੇ ਨਾਲ-ਨਾਲ ਹਵਾਈ ਹਮਲਿਆਂ ਅਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਨੇ ਪਾਕਿਸਤਾਨੀ ਸ਼ਾਸਨ ਦੇ ਨਾਪਾਕ ਇਰਾਦਿਆਂ ਨੂੰ ਜ਼ਾਹਿਰ ਕਰ ਦਿੱਤਾ ਹੈ, ਜਿਹੜਾ ਆਪਣੇ ਹੀ ਸੂਬੇ ਨਾਲ ਕਿਸੇ ਵਿਦੇਸ਼ੀ ਇਲਾਕੇ ਵਾਂਗ ਵਿਹਾਰ ਕਰ ਰਿਹਾ ਹੈ। ਇਹ ਵਿਅੰਗ ਹੀ ਹੈ ਕਿ ਪਾਕਿਸਤਾਨ, ਜੋ ਦਹਾਕਿਆਂ ਤੋਂ ਖ਼ੁਦ ਸਰਹੱਦ ਪਾਰੋਂ ਅਤਿਵਾਦ ਦਾ ਸਰਪ੍ਰਸਤ ਰਿਹਾ ਹੈ, ਹੁਣ ਚਾਹੁੰਦਾ ਹੈ ਕਿ ਤਾਲਿਬਾਨ ਸਰਕਾਰ ਇਹ ਯਕੀਨੀ ਬਣਾਏ ਕਿ ਅਫ਼ਗਾਨ ਜ਼ਮੀਨ ਦੀ ਵਰਤੋਂ ਦਹਿਸ਼ਤੀ ਕਾਰਵਾਈਆਂ ਨੂੰ ਅੰਜਾਮ ਦੇਣ ਲਈ ਨਾ ਹੋਵੇ। ਫੀਲਡ ਮਾਰਸ਼ਲ ਆਸਿਮ ਮੁਨੀਰ ਦੀਆਂ ਗ਼ਲਤ ਕਾਰਵਾਈਆਂ ਨੇ ਅਫ਼ਗਾਨਿਸਤਾਨ ਨਾਲ ਪਾਕਿਸਤਾਨ ਦੇ ਸਬੰਧਾਂ ਨੂੰ ਨੁਕਸਾਨ ਪਹੁੰਚਾਇਆ ਹੈ, ਜਿਸ ਨਾਲ ਖੇਤਰੀ ਸ਼ਾਂਤੀ ਅਤੇ ਸਥਿਰਤਾ ਖ਼ਤਰੇ ਵਿੱਚ ਪੈ ਗਈ ਹੈ। ਭਾਰਤ ਨੂੰ ਚਾਹੀਦਾ ਹੈ ਕਿ ਉਹ ਖੈਬਰ ਪਖ਼ਤੂਨਖਵਾ ਵਿੱਚ ਹੋਏ ਕਤਲੇਆਮ 'ਤੇ ਪਾਕਿਸਤਾਨ ਦੇ ਸਹਿਯੋਗੀਆਂ ਚੀਨ, ਅਮਰੀਕਾ ਅਤੇ ਤੁਰਕੀ ਨੂੰ ਘੇਰੇ। ਪਾਕਿਸਤਾਨ ਵੱਲੋਂ ਆਪਣੇ ਹੀ ਨਾਗਰਿਕਾਂ 'ਤੇ ਕੀਤੇ ਜਾ ਰਹੇ ਜ਼ੁਲਮ ਨੂੰ ਨਜ਼ਰਅੰਦਾਜ਼ ਕਰਨ ਲਈ ਇਨ੍ਹਾਂ ਮੁਲਕਾਂ ਨੂੰ ਬੇਨਕਾਬ ਕੀਤਾ ਜਾਣਾ ਚਾਹੀਦਾ ਹੈ।

## 'ਵੋਟ ਅਧਿਕਾਰ ਯਾਤਰਾ' ਨੇ ਬਿਹਾਰ ਦੇ ਸਿਆਸੀ ਮਾਹੌਲ ਵਿੱਚ ਨਵੀਂ ਬਹਿਸ ਛੇੜੀ

ਰਾਹੁਲ ਗਾਂਧੀ ਦੀ 'ਵੋਟ ਅਧਿਕਾਰ ਯਾਤਰਾ' ਨੇ ਬਿਹਾਰ ਦੇ ਭਖੇ ਹੋਏ ਸਿਆਸੀ ਮਾਹੌਲ ਵਿੱਚ ਨਵੀਂ ਬਹਿਸ ਛੇੜ ਦਿੱਤੀ ਹੈ। ਸਾਸਾਰਾਮ ਤੋਂ ਕਾਂਗਰਸੀ ਆਗੂ ਨੇ ਆਪਣਾ 1300 ਕਿਲੋਮੀਟਰ ਲੰਮਾ, 16 ਦਿਨਾਂ ਦਾ ਮਾਰਚ ਸ਼ੁਰੂ ਕੀਤਾ ਹੈ। ਰਾਹੁਲ ਗਾਂਧੀ ਨੇ ਦੋਸ਼ ਲਾਇਆ ਹੈ ਕਿ ਭਾਜਪਾ ਭਾਰਤੀ ਚੋਣ ਕਮਿਸ਼ਨ ਦੀ ਮਦਦ ਨਾਲ ਵੋਟਰ ਸੂਚੀਆਂ ਦੀ ਚੱਲ ਰਹੀ ਵਿਸ਼ੇਸ਼ ਸੁਧਾਈ (ਐੱਸਆਈਆਰ) ਰਾਹੀਂ ਵੋਟਾਂ 'ਚੋਰੀ' ਕਰਨ ਦੀ ਸਾਜ਼ਿਸ਼ ਰਚ ਰਹੀ ਹੈ। ਇਹ ਐਲਾਨ ਕਰਦਿਆਂ ਕਿ 'ਗ਼ਰੀਬਾਂ ਕੋਲ ਸਿਰਫ਼ ਉਨ੍ਹਾਂ ਦੀ ਵੋਟ ਦੀ ਤਾਕਤ ਹੀ ਹੈ ਅਤੇ ਉਹ ਵੀ ਚੋਰੀ ਕੀਤੀ ਜਾ ਰਹੀ ਹੈ', ਰਾਹੁਲ ਗਾਂਧੀ ਬਿਹਾਰ ਦੀ ਇਸ ਮੁਹਿੰਮ ਨੂੰ ਲੋਕਤੰਤਰ ਦੇ ਵੱਡੇ ਸੰਘਰਸ਼ ਵਜੋਂ ਪੇਸ਼ ਕਰਨਾ ਚਾਹੁੰਦੇ ਹਨ। ਯਾਤਰਾ ਵਿੱਚ ਵਿਰੋਧੀ ਪਾਰਟੀਆਂ ਦੇ 'ਇੰਡੀਆ' ਗੱਠਜੋੜ ਦੇ ਆਗੂਆਂ ਲਾਲੂ ਪ੍ਰਸਾਦ ਯਾਦਵ, ਤੇਜਸਵੀ ਯਾਦਵ ਅਤੇ ਮਲਿਕਾਰਜੁਨ ਖੜਗੇ ਦੀ ਮੌਜੂਦਗੀ ਇਸ ਗੱਲ ਦਾ ਸੰਕੇਤ ਹੈ ਕਿ ਆਉਣ ਵਾਲੀਆਂ ਚੋਣਾਂ ਦੇ ਕਰੜੇ ਮੁਕਾਬਲੇ ਤੋਂ ਪਹਿਲਾਂ ਇਹ ਮਸਲਾ ਵਿਰੋਧੀ ਧਿਰ ਦੇ ਏਕੇ ਨਾਲ ਵੀ ਜੁੜਿਆ ਹੋਇਆ ਹੈ। ਆਪਣੀਆਂ ਪਹਿਲੀਆਂ 'ਭਾਰਤ ਜੋੜੋ ਯਾਤਰਾ' ਅਤੇ 'ਭਾਰਤ ਜੋੜੋ ਨਿਆਏ ਯਾਤਰਾ' ਵਾਂਗ ਰਾਹੁਲ ਗਾਂਧੀ ਨੂੰ ਆਸ ਹੈ ਕਿ ਉਹ ਆਪਣੇ ਅਤੇ ਕਾਂਗਰਸ ਪਾਰਟੀ ਲਈ ਸਮਰਥਨ ਜੁਟਾ ਸਕਣਗੇ। ਇਨ੍ਹਾਂ ਦੋਸ਼ਾਂ ਨੇ ਭਾਰਤੀ ਚੋਣ ਕਮਿਸ਼ਨ ਨੂੰ ਜਵਾਬ ਦੇਣ ਲਈ ਮਜਬੂਰ ਕੀਤਾ ਹੈ, ਇਸ ਤਰ੍ਹਾਂ ਦਾ ਮੌਕਾ ਪਹਿਲਾਂ ਬਹੁਤ ਘੱਟ ਹੀ ਬਣਿਆ ਹੈ। ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਐਤਵਾਰ ਨੂੰ ਸਪੱਸ਼ਟ ਕੀਤਾ ਕਿ ਵੱਡੇ ਪੱਧਰ 'ਤੇ ਵੋਟਰਾਂ ਦੇ ਨਾਂ ਮਿਟਾਉਣ ਦੇ ਦਾਅਵੇ- ਚਾਹੇ ਉਹ 'ਮਕਾਨ ਨੰਬਰ 0' ਐਂਟਰੀਆਂ ਜਾਂ ਨਕਲੀ ਨਾਵਾਂ ਰਾਹੀਂ ਹੋਣ- ਵਧਾ-ਚੜ੍ਹਾ ਕੇ ਪੇਸ਼ ਕੀਤੇ ਗਏ ਅਤੇ ਸਤੰਬਰ ਵਿੱਚ ਸੂਚੀਆਂ ਨੂੰ ਅੰਤਿਮ ਰੂਪ ਦੇਣ ਤੋਂ ਪਹਿਲਾਂ ਪਾਰਟੀਆਂ ਅਸਲ ਗ਼ਲਤੀਆਂ ਨੂੰ ਉਜਾਗਰ ਕਰ ਸਕਦੀਆਂ ਹਨ। ਕਮਿਸ਼ਨ ਨੇ ਰਾਹੁਲ ਗਾਂਧੀ ਦੇ 'ਵੋਟ ਚੋਰੀ' ਵਾਲੇ ਸ਼ਬਦਾਂ ਨੂੰ 'ਬੇਤੁਕਾ' ਅਤੇ ਗੁਮਰਾਹਕੁਨ ਦੱਸਦਿਆਂ ਰੱਦ ਕਰ ਦਿੱਤਾ। ਇਸ ਨੇ ਜ਼ੋਰ ਦਿੱਤਾ ਹੈ ਕਿ ਪਾਰਦਰਸ਼ਤਾ ਦਾ ਵੋਟਰਾਂ ਦੀ ਨਿੱਜਤਾ ਦੀ ਰਾਖੀ ਨਾਲ ਸੰਤੁਲਨ ਬਿਠਾਉਣਾ ਜ਼ਰੂਰੀ ਹੈ। ਅਸਲ ਵਿੱਚ ਪਿਛਲੇ ਕੁਝ ਸਮੇਂ ਤੋਂ ਕੇਂਦਰ ਸਰਕਾਰ ਬਾਰੇ ਇਹ ਧਾਰਨਾ ਬਣ ਰਹੀ ਹੈ ਕਿ ਇਹ ਸਾਰੀਆਂ ਕੇਂਦਰੀ ਏਜੰਸੀਆਂ ਅਤੇ ਸੰਸਥਾਵਾਂ ਉਤੇ ਆਪਣਾ ਪ੍ਰਭਾਵ ਪਾ ਰਹੀ ਹੈ ਤੇ ਇਨ੍ਹਾਂ ਨੂੰ ਸਿਆਸੀ ਮੁਫ਼ਾਦਾਂ ਲਈ ਵਰਤਿਆ ਜਾ ਰਿਹਾ ਹੈ।ਇਹ ਵਿਚਾਰ-ਵਟਾਂਦਰਾ ਇਸ ਬਹਿਸ ਦੇ ਮੂਲ ਨੂੰ ਉਭਾਰਦਾ ਹੈ: ਚੋਣਾਂ ਦੀ ਨਿਰਪੱਖਤਾ ਵਿੱਚ ਲੋਕਾਂ ਦਾ ਵਿਸ਼ਵਾਸ। ਜਿੱਥੇ ਵਿਰੋਧੀ ਧਿਰ ਦੇ ਦੋਸ਼ਾਂ ਨੂੰ ਸਿਰਫ਼ ਨਾਟਕੀ ਕਹਿ ਕੇ ਖਾਰਜ ਨਹੀਂ ਕੀਤਾ ਜਾ ਸਕਦਾ, ਉੱਥੇ ਚੋਣ ਕਮਿਸ਼ਨ ਨੂੰ ਵੀ ਨਿਰਪੱਖਤਾ ਜ਼ਾਹਿਰ ਕਰਨ ਲਈ ਹੋਰ ਯਤਨ ਕਰਨੇ ਚਾਹੀਦੇ ਹਨ। ਇਸੇ ਤਰ੍ਹਾਂ ਸਿਆਸੀ ਆਗੂਆਂ ਨੂੰ ਠੋਸ ਸਬੂਤਾਂ ਤੋਂ ਬਿਨਾਂ ਅਜਿਹੇ ਸ਼ਬਦਾਂ ਦੀ ਵਰਤੋਂ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਜੋ ਜਮਹੂਰੀ ਪ੍ਰਕਿਰਿਆਵਾਂ ਵਿੱਚ ਭਰੋਸਾ ਤੋੜਨ ਦਾ ਖ਼ਤਰਾ ਖੜ੍ਹਾ ਕਰਦੇ ਹਨ। ਭਾਜਪਾ ਵਿਕਾਸ ਦੇ ਦਾਅਵੇ ਕਰ ਕੇ ਮੁਕਾਬਲਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਫਿਰ ਵੀ ਜੇ ਵੋਟਰਾਂ ਨੂੰ ਬੈਲਟ ਦੀ ਸ਼ੁੱਧਤਾ 'ਤੇ ਸ਼ੱਕ ਹੁੰਦਾ ਹੈ ਤਾਂ ਇਕੱਲੇ ਵਿਕਾਸ ਦੇ ਅੰਕੜੇ ਇਸ ਨੁਕਸਾਨ ਨੂੰ ਪੂਰ ਨਹੀਂ ਸਕਦੇ। ਚੋਣ ਕਮਿਸ਼ਨ ਅਤੇ ਸਿਆਸੀ ਜਮਾਤ, ਦੋਵਾਂ ਨੂੰ ਟਕਰਾਅ ਦੀ ਬਜਾਏ ਭਰੋਸੇਯੋਗਤਾ ਨੂੰ ਤਰਜੀਹ ਦੇਣੀ ਚਾਹੀਦੀ ਹੈ।

# ਸਵੱਛਤਾ ਹੀ ਸੇਵਾ- ਸ਼ਪਤ ਸਮਾਰੋਹ ਅਧੀਨ ਨਗਰ ਕੌਂਸਲ ਮਾਲੇਰਕੋਟਲਾ ਵੱਲੋਂ ਆਰੰਭੀ ਵਿਸ਼ੇਸ਼ ਮੁਹਿੰਮ



**ਮਲੇਰਕੋਟਲਾ, 29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਸ਼ਟਰੀ ਸਵੱਛਤਾ ਹੀ ਸੇਵਾ ਮੁਹਿੰਮ ਦੇ ਤਹਿਤ ਅੱਜ ਨਗਰ ਕੌਂਸਲ ਮਾਲੇਰਕੋਟਲਾ ਵੱਲੋਂ ਇੱਕ ਵਿਸ਼ੇਸ਼ ਸ਼ਪਤ ਸਮਾਰੋਹ ਆਯੋਜਿਤ ਕੀਤਾ ਗਿਆ। ਪ੍ਰਧਾਨ ਨਗਰ ਕੌਂਸਲ ਨਸਰੀਨ ਅਸ਼ਰਫ ਦੇ ਦਿਸ਼ਾ ਨਿਰਦੇਸ਼ਾ ਤਹਿਤ ਕਾਰਜ ਸਾਧਕ ਅਫਸਰ ਚੰਦਰ ਪ੍ਰਕਾਸ਼ ਵਧਵਾ ਦੀ ਰਹਿਨੁਮਾਈ ਹੇਠ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਸਵੱਛਤਾ ਹੀ ਸੇਵਾ-ਸ਼ਪਤ ਲਈ।

ਇਸ ਮੌਕੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਸਪਤ ਲਈ ਕਿ ਉਹ ਆਪਣੇ ਘਰ, ਦਫ਼ਤਰ ਅਤੇ ਇਲਾਕੇ ਦੀ ਸਫ਼ਾਈ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਸ਼ਹਿਰ ਵਾਸੀਆਂ ਨੂੰ ਵੀ ਸਵੱਛਤਾ ਮੁਹਿੰਮ ਨਾਲ ਜੋੜਨ ਲਈ ਜਾਗਰੂਕ ਕਰਨਗੇ। ਇਸ ਮੌਕੇ ਸ਼ਹਿਰ ਨਿਵਾਸੀਆਂ ਅਤੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਗਈ ਕਿ ਉਹ ਪਲਾਸਟਿਕ ਦੀ ਵਰਤੋਂ ਘਟਾਉਣ ਅਤੇ ਸੰਭਵ ਹੋਣ 'ਤੇ ਇਸ ਨੂੰ ਪੂਰੀ ਤਰ੍ਹਾਂ ਬੰਦ ਕਰਨ।

ਇਸ ਤੋਂ ਇਲਾਵਾ, ਲੋਕਾਂ ਨੂੰ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖਰਾ-ਵੱਖਰਾ ਇਕੱਠਾ ਕਰਨ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ 100ਫੀਸਦੀ ਸੋਰਸ ਸੈਗਰੀਗੇਸ਼ਨ ਕੀਤੀ ਜਾ ਸਕੇ।

ਕਾਰਜ ਸਾਧਕ ਅਫ਼ਸਰ ਚੰਦਰ ਪ੍ਰਕਾਸ ਵਧਵਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਾਫ-ਸੁਥਰਾ ਵਾਤਾਵਰਣ ਸਿਹਤਮੰਦ ਸਮਾਜ ਦੀ ਮੂਲ ਸ਼ਰਤ ਹੈ। ਉਨ੍ਹਾਂ ਕਿਹਾ ਕਿ ਹਰ ਨਾਗਰਿਕ ਦੀ ਨੈਤਿਕ ਜ਼ਿੰਮੇਵਾਰੀ ਹੈ ਕਿ ਉਹ ਸਵੱਛਤਾ ਦੇ ਨਿਯਮਾਂ ਨੂੰ ਆਪਣੀ ਰੋਜ਼ਮਰਾ ਦੀ ਜ਼ਿੰਦਗੀ ਦਾ ਹਿੱਸਾ ਬਣਾਉਣ। ਉਨ੍ਹਾਂ ਨੇ ਕਿਹਾ ਕਿ ਕੂੜੇ ਦੀ ਛਾਂਟ ਸਿਰਫ਼ ਘਰ ਦੇ ਦਰਵਾਜ਼ੇ ਤੋਂ ਹੀ ਸ਼ੁਰੂ ਹੋਣੀ ਚਾਹੀਦੀ ਹੈ ਤਾਂ ਕਿ ਇਸਨੂੰ ਦੁਬਾਰਾ ਵਰਤੋਂ ਯੋਗ ਬਣਾਇਆ ਜਾ ਸਕੇ ਅਤੇ ਸ਼ਹਿਰ ਨੂੰ ਗੰਦਗੀ ਤੋਂ ਮੁਕਤ ਰੱਖਿਆ ਜਾ ਸਕੇ।

ਕਾਰਜ ਸਾਧਕ ਅਫਸਰ ਨੇ ਦੱਸਿਆ ਕਿ ਨਗਰ ਕੌਂਸਲ ਦੀਆਂ ਟੀਮਾਂ ਵੱਲੋਂ ਵੱਖ-ਵੱਖ ਇਲਾਕਿਆਂ ਵਿੱਚ ਨਿਯਮਿਤ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਦੇ ਸਰਗਰਮ ਸਹਿਯੋਗ ਨਾਲ ਹੀ ਮਾਲੇਰਕੋਟਲਾ ਨੂੰ ਸਾਫ-ਸੁਥਰਾ, ਸੁੰਦਰ ਅਤੇ ਹਰਿਆ-ਭਰਿਆ ਬਣਾਇਆ ਜਾ ਸਕਦਾ ਹੈ।

ਇਸ ਮੌਕੇ ਨਗਰ ਕੌਂਸਲ ਦੇ ਅਧਿਕਾਰੀ, ਕਰਮਚਾਰੀ ਅਤੇ ਸਥਾਨਕ ਨਿਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ ਅਤੇ ਸਾਰੇ ਨੇ ਸਵੱਛਤਾ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ।

# ਆਪਣੇ ਨਾਲ-ਨਾਲ ਗੁਆਂਢੀ ਪਿੰਡਾਂ ਨੂੰ ਵੀ ਪਰਾਲੀ-ਮੁਕਤ ਬਣਾਓ -ਡਿਪਟੀ ਕਮਿਸ਼ਨਰ



**ਮਲੇਰਕੋਟਲਾ, 29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਮਾਲੇਰਕੋਟਲਾ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਅਤੇ ਵਾਤਾਵਰਣ-ਮਿੱਤਰ ਵਿਕਲਪਾਂ ਨੂੰ ਪ੍ਰੋਤਸਾਹਿਤ ਕਰਨ ਲਈ ਅੱਜ ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਗਗਨ ਅਜੀਤ ਸਿੰਘ ਨੇ ਹੌਟਸਪੌਟ ਪਿੰਡ ਦਸੌਂਦਾ ਸਿੰਘ ਵਾਲਾ ਅਤੇ ਜਲਵਾਣਾ ਦਾ ਦੌਰਾ ਕੀਤਾ। ਦੌਰੇ ਦੌਰਾਨ ਦੋਵਾਂ ਅਧਿਕਾਰੀਆਂ ਨੇ ਕਿਸਾਨਾਂ ਨਾਲ ਸਿੱਧੀ ਗੱਲਬਾਤ ਕੀਤਾ ਅਤੇ ਉਨ੍ਹਾਂ ਨੂੰ ਪਰਾਲੀ ਦੀ ਸੰਭਾਲ ਲਈ ਆਧੁਨਿਕ ਮਸ਼ੀਨਰੀ ਅਤੇ ਸਿਹਤਮੰਦ ਤਰੀਕੇ ਅਪਣਾਉਣ ਲਈ ਪ੍ਰੇਰਿਤ ਕੀਤਾ।

ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਨਾ ਸਿਰਫ਼ ਆਪਣੇ ਪਿੰਡਾਂ ਨੂੰ ਪਰਾਲੀ ਨਾ ਸਾੜਨ ਵਾਲੇ ਪਿੰਡ ਬਣਾਉਣ, ਸਗੋਂ ਨੇੜਲੇ ਗੁਆਂਢੀ ਪਿੰਡਾਂ ਨੂੰ ਵੀ ਇਸ ਯਤਨ ਨਾਲ ਜੋੜਣ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪਰਾਲੀ ਪ੍ਰਬੰਧਨ ਮਿੱਟੀ ਦੀ ਉਪਜਾਊ ਤਾਕਤ ਵਧਾਉਂਦਾ ਹੈ, ਅਗਲੀ ਫਸਲ ਦੀ ਪੈਦਾਵਾਰ ਲਈ ਲਾਭਦਾਇਕ ਹੈ ਅਤੇ ਵਾਤਾਵਰਣ ਦੀ ਸੁਰੱਖਿਆ ਲਈ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨ ਵੱਲੋਂ

ਸੁਪਰ ਸੀਡਰ, ਹੈਪੀ ਸੀਡਰ, ਮਲਚਰ, ਬੇਲਰ ਆਦਿ ਮਸ਼ੀਨਾਂ ਵਾਜਬ ਸਹੂਲਤਾਂ ਦੇ ਨਾਲ ਉਪਲਬਧ ਕਰਵਾਈਆਂ ਜਾ ਰਹੀਆਂ ਹਨ ਅਤੇ ਇਸ ਸਬੰਧੀ ਕਿਸਾਨਾਂ ਦੀ ਮਦਦ ਲਈ ਇੱਕ ਸਮਰਪਿਤ ਕਾਲ ਸੈਂਟਰ ਵੀ ਕਾਇਮ ਕੀਤਾ ਗਿਆ ਹੈ।

ਐਸ.ਐਸ.ਪੀ. ਗਗਨ ਅਜੀਤ ਸਿੰਘ ਨੇ ਕਿਹਾ ਕਿ ਪੁਲਿਸ ਵਿਭਾਗ ਪ੍ਰਸ਼ਾਸਨ ਦੇ ਨਾਲ ਮਿਲਕੇ ਪਰਾਲੀ ਸਾੜਨ ਦੇ ਨੁਕਸਾਨ ਬਾਰੇ ਕਿਸਾਨਾਂ ਨੂੰ ਜਾਗਰੂਕ ਕਰ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਅਨੁਸਾਰ ਖੇਤਾਂ ਵਿੱਚ ਅੱਗ ਲਗਾਉਣ 'ਤੇ ਪੂਰੀ ਤਰ੍ਹਾਂ ਮਨਾਹੀ ਹੈ ਅਤੇ ਜਨਤਕ ਸਿਹਤ ਦੀ ਰੱਖਿਆ ਲਈ ਕਿਸਾਨਾਂ ਨੂੰ ਕਾਨੂੰਨੀ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ।

ਇਸ ਮੌਕੇ ਐਸ.ਡੀ.ਐਮ. ਗੁਰਮੀਤ ਕੁਮਾਰ ਬਾਂਸਲ, ਡੀ.ਐਸ.ਪੀ. ਮਾਨਵਜੀਤ ਸਿੰਘ, ਬੀ.ਡੀ.ਪੀ.ਓ. ਜਸਵਿੰਦਰ ਸਿੰਘ, ਹਲਕਾ ਸੰਗਠਨ ਇੰਚਾਰਜ ਸੰਤੋਖ ਸਿੰਘ, ਸਰਪੰਚ ਪਰਮਜੀਤ ਸਿੰਘ (ਦਸੌਂਦਾ ਸਿੰਘ ਵਾਲਾ), ਸਰਪੰਚ ਜਸਵਾਣਾ ਸਤਵਿੰਦਰ ਸਿੰਘ, ਕਿਸਾਨ ਆਗੂ ਰਣਜੀਤ ਸਿੰਘ ਧਾਲੀਵਾਲ, ਟਹਿਲ ਸਿੰਘ (ਸਾਬਕਾ ਸਰਪੰਚ), ਇੰਜੀ. ਗੁਰਮੇਹਰ ਸਿੰਘ (ਐਸ.ਡੀ.ਓ. ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ) ਮਾਲ ਅਤੇ ਸਹਿਕਾਰੀ ਵਿਕਾਸ ਵਿਭਾਗ ਦੇ ਅਧਿਕਾਰੀ ਮੌਜੂਦ ਸਨ।

# ਫਾਈਨੈਂਸ ਕੰਪਨੀ ਦੇ ਕਰਿੰਦਿਆਂ ਵੱਲੋਂ ਘਰ ਵਿੱਚ ਵੜ ਕੇ ਔਰਤਾਂ ਅਤੇ ਮਰਦ ਨੂੰ ਕੁੱਟਿਆ

**ਪਾਤੜਾਂ, 29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਾਤੜਾਂ ਦੇ ਨਜਦੀਕੀ ਪਿੰਡ ਨਿਆਲ ਵਿਖੇ ਇੱਕ ਪਰਿਵਾਰ ਦੇ ਘਰ ਦਾਖਲ ਹੋ ਕੇ ਫਾਈਨੈਂਸ ਕੰਪਨੀ ਦੇ ਕੁਝ ਕਰਿੰਦਿਆਂ ਵੱਲੋਂ ਔਰਤਾਂ ਅਤੇ ਵਿਅਕਤੀ ਦੀ ਕੁੱਟਮਾਰ ਕਰਨ ਦੀ ਖਬਰ ਸਾਹਮਣੇ ਆਈ ਹੈ । ਇਸ ਮਾਮਲੇ ਸੰਬੰਧੀ ਪਾਤੜਾਂ ਪੁਲਿਸ ਨੂੰ ਹਸਪਤਾਲ ਵਿੱਚੋਂ ਐਮ ਐਲ ਆਰ ਭੇਜ ਕੇ ਕੁੱਟਮਾਰ ਕਰਨ ਵਾਲੇ ਕਥਿਤ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਕਰਨ ਲਈ ਪਰਿਵਾਰ ਵੱਲੋਂ ਗੁਹਾਰ ਲਾਈ ਗਈ ਹੈ। ਇਸ ਮਾਮਲੇ ਸੰਬੰਧੀ ਪਿੰਡ ਨਿਆਲ ਦੇ ਕਰਨੈਲ ਸਿੰਘ ਅਤੇ ਉਨਾਂ ਦੀ ਨੂੰਹ ਰਾਣੀ ਗੁਰਜੀਤ ਕੌਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅਸੀਂ ਕੁਝ ਸਮਾਂ ਪਹਿਲਾਂ ਮੋਟਰਸਾਈਕਲ ਕਿਸ਼ਤਾਂ 'ਤੇ ਲਿਆ ਸੀ,

ਜਿਸ ਦੀਆਂ ਬਾਕੀ ਸਾਰੀਆਂ ਕਿਸ਼ਤਾਂ ਭਰ ਦਿੱਤੀਆਂ ਸਨ ਪਰ ਲਾਸਟ ਕਿਸ਼ਤ ਰਹਿ ਗਈ ਸੀ । ਉਹ ਦੋ ਛੁੱਟੀਆਂ ਹੋਣ ਕਰਕੇ ਲੇਟ ਹੋ



ਗਈ ਜਿਸ ਤੇ ਤੈਸ਼ ਇਸ ਵਿੱਚ ਆਏ ਫਾਈਨੈਂਸ ਕੰਪਨੀ ਦੇ ਕਰਿੰਦਿਆਂ ਨੇ ਘਰ ਵਿੱਚ ਵੜ ਕੇ ਮੋਟਰਸਾਈਕਲ ਖੋਣ ਦੇ ਨਾਲ ਨਾਲ ਪਰਿਵਾਰ ਵਿੱਚ ਜਨਾਨੀਆਂ ਦੀ ਵੀ ਕਾਫੀ ਕੁੱਟਮਾਰ ਕੀਤੀ ਗਈ। ਉਨ੍ਹਾਂ ਦੱਸਿਆ ਕਿ ਅਸੀਂ ਉਨ੍ਹਾਂ ਨਾਲ ਜਿਹੜੇ ਕਿਸ ਤਰ੍ਹਾਂ ਦੇ ਪੈਸੇ ਸਬੰਧੀ ਕੁਝ ਸਮਾਂ ਮੰਗਿਆ ਸੀ ਪਰ ਉਨ੍ਹਾਂ ਵੱਲੋਂ ਸਮਾਂ ਦੇਣ ਦੀ ਬਜਾਏ ਹੋਰ ਬਾਹਰੀ ਵਿਅਕਤੀ ਬੁਲਾ ਕੇ ਸਾਡੀ ਕੁੱਟਮਾਰ ਕੀਤੀ ਗਈ। ਇਸ ਮਾਮਲੇ ਸੰਬੰਧੀ ਪਾਤੜਾਂ ਪੁਲਿਸ ਵੱਲੋਂ ਸਦਰ ਥਾਣਾ ਮੁਖੀ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਵੱਲੋਂ ਭੇਜੇ ਗਏ ਮੁਲਾਜ਼ਮ ਨੇ ਬਿਆਨ ਲੈ ਕੇ ਅੱਗੇ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਹੈ ।

# ਦੋ ਦਿਨ ਪਹਿਲਾਂ ਭਾਖੜਾ 'ਚ ਡੁੱਬੇ ਵਿਅਕਤੀ ਦੀ ਲਾਸ਼ ਮਿਲੀ

**ਸਮਾਣਾ,29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਦੋ ਦਿਨ ਪਹਿਲਾਂ ਭਾਖੜਾ ਨਹਿਰ ਵਿੱਚ ਡੁੱਬੇ ਇੱਕ ਵਿਅਕਤੀ ਦੀ ਲਾਸ਼ ਪਿੰਡ ਧਨੇਠਾ ਦੇ ਨੇੜਿਓਂ ਭਾਖੜਾ ਨਹਿਰ ਵਿੱਚੋਂ ਮਿਲੀ ਹੈ। ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ।

ਮਾਮਲੇ ਦੇ ਜਾਂਚ ਅਧਿਕਾਰੀ, ਸਿਟੀ ਪੁਲਿਸ ਦੇ ਸਬ ਇੰਸਪੈਕਟਰ ਕੁਲਦੀਪ ਸਿੰਘ ਨੇ ਦੱਸਿਆ ਕਿ ਮ੍ਰਿਤਕ ਕਾਲਾ ਰਾਮ (62) ਦੇ ਪੁੱਤਰ ਜੈਕੀ, ਜੋ ਕਿ ਸਰਾਮਪੱਤੀ ਬਾਬੀ ਕਲੋਨੀ ਚੌਂਕ, ਸਮਾਣਾ ਦਾ ਰਹਿਣ ਵਾਲਾ ਹੈ, ਦੇ ਬਿਆਨਾਂ ਮੁਤਾਬਕ, ਉਸ ਦੇ ਪਿਤਾ ਹਰ ਮੱਸਿਆ ਨੂੰ ਭਾਖੜਾ ਨਹਿਰ 'ਤੇ ਮੱਥਾ ਟੇਕਣ ਜਾਂਦੇ ਸਨ।

ਇਸ ਮੱਸਿਆ ਨੂੰ ਵੀ ਉਹ ਦੁਪਹਿਰ ਨੂੰ ਚੀਕਾ ਰੋਡ 'ਤੇ ਭਾਖੜਾ ਨਹਿਰ ਦੇ ਪੁਲ ਕੋਲ ਆਪਣੀ ਸਕੂਟਰੀ ਖੜ੍ਹੀ ਕਰਕੇ ਮੱਥਾ ਟੇਕਣ ਲੱਗੇ ਤਾਂ ਪੈਰ ਫਿਸਲਣ ਕਾਰਨ ਨਹਿਰ ਵਿੱਚ ਡਿੱਗ ਗਏ ਤੇ ਡੁੱਬ ਗਏ। ਜਦੋਂ ਉਹ ਘਰ ਵਾਪਸ ਨਹੀਂ ਆਏ ਤਾਂ ਉਨ੍ਹਾਂ ਦੀ ਭਾਲ ਸ਼ੁਰੂ ਕੀਤੀ ਗਈ ਅਤੇ ਪਤਾ ਲੱਗਾ ਕਿ ਉਹ ਭਾਖੜਾ ਨਹਿਰ ਵਿੱਚ ਡਿੱਗ ਗਏ ਸਨ। ਨਹਿਰ ਵਿੱਚ ਭਾਲ ਸ਼ੁਰੂ ਕੀਤੀ ਗਈ ਅਤੇ ਉਨ੍ਹਾਂ ਦੀ ਲਾਸ਼ ਪਿੰਡ ਧਨੇਠਾ ਦੇ ਕੋਲ ਵਗਦੀ ਭਾਖੜਾ ਨਹਿਰ ਵਿੱਚੋਂ ਬਰਾਮਦ ਹੋਈ। ਲਾਸ਼ ਨੂੰ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ। ਅਧਿਕਾਰੀ ਮੁਤਾਬਕ, ਦਰਜ ਬਿਆਨਾਂ ਦੇ ਆਧਾਰ 'ਤੇ ਪੁਲਿਸ ਨੇ ਭਾਰਤੀ ਨਿਆ ਸੰਹਿਤਾ ਦੀ ਧਾਰਾ 194 ਤਹਿਤ ਪੋਸਟਮਾਰਟਮ ਮਗਰੋਂ ਲਾਸ਼ ਪਰਿਵਾਰ ਨੂੰ ਸੌਂਪ ਦਿੱਤੀ।

# ਮੁੱਖ ਮੰਡੀ 'ਚ ਪਾਣੀ ਦੀ ਨਿਕਾਸੀ ਦੇ ਪ੍ਰਬੰਧ ਖੋਖਲੇ



**ਸਮਾਣਾ,29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅਨਾਜ ਮੰਡੀ ਵਿੱਚ ਜੀਰੀ ਦੀ ਆਮਦ ਸ਼ੁਰੂ ਹੋਣ, ਸਰਕਾਰ ਤੇ ਪ੍ਰਸ਼ਾਸਨ ਵੱਲੋਂ ਮੰਡੀਆਂ ਵਿੱਚ ਖਰੀਦ ਦੇ ਪੁੱਖਤਾ ਪ੍ਰਬੰਧ ਕਰਨ ਦੇ ਦਾਅਵੇ ਕੀਤੇ ਜਾ ਰਹੇ ਹਨ, ਜਦੋਂਕਿ ਸਮਾਣਾ ਦੀ ਮੁੱਖ ਅਨਾਜ ਮੰਡੀ ਦੇ ਡਰੇਨੇਜ ਸਿਸਟਮ ਰਾਹੀਂ ਪਾਣੀ ਦੀ ਨਿਕਾਸੀ ਦਾ ਕੋਈ ਪੁਖਤਾ ਪ੍ਰਬੰਧ ਨਹੀਂ ਕੀਤਾ ਗਿਆ,ਜਿਸ ਦੀ ਪਿਛਲੇ ਸੀਜ਼ਨ ਕਣਕ ਦੀ ਆਮਦ ਦੌਰਾਨ ਪਈ ਬਰਸਾਤ ਨੇ ਮੰਡੀ ਵਿੱਚ ਕਣਕ ਦੀਆਂ ਭਰੀਆਂ ਹਜ਼ਾਰਾਂ ਬੋਰੀਆਂ ਭਿੱਜ ਗਈਆਂ ਸਨ। ਆੜਤੀਆਂ ਤੇ ਕਿਸਾਨਾਂ ਨੂੰ ਬਰਸਾਤੀ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਕਾਫੀ ਮੁਸ਼ਕਿਲਾਂ ਵੀ ਆਈਆ ਸਨ। ਹੈਰਾਨੀ ਵਾਲੀ ਗੱਲ ਤਾਂ ਇਹ ਹੈ ਕਿ ਝੰਬੋ ਚੋਅ ਨੂੰ ਜਾਂਦੀ ਪਾਈਪਲਾਈਨ ਸਰਪੱਤੀ ਡਰੇਨ ਦੇ ਵਿੱਚ ਕਈ ਸਾਲਾਂ ਤੋਂ ਟੁੱਟੀ ਹੋਈ ਹੈ, ਜਿਸ ਦੇ ਪਾਈਪ ਇਧਰ ਉਧਰ ਖਿਲਰੇ ਪਏ ਹਨ।

ਇਸ ਪਾਈਪ ਲਾਈਨ ਨੂੰ ਜੋੜਨ ਲਈ ਕਈ ਵਾਰ ਖਬਰਾਂ ਲੱਗਣ ਦੇ ਬਾਵਜੂਦ ਵੀ ਅਧਿਕਾਰੀਆਂ ਨੇ ਜੋੜਨ ਦੀ ਕੋਸ਼ਿਸ਼ ਨਹੀਂ ਕੀਤੀ। ਇਸ ਸਬੰਧੀ ਮਾਰਕੀਟ ਕਮੇਟੀ ਦੇ ਸਕੱਤਰ ਭਰਪੂਰ ਸਿੰਘ ਨਾਲ ਗੱਲ ਕੀਤੀ ਤਾਂ ਉਹਨਾਂ ਸਟੋਰਮ ਵਾਟਰ ਵਾਲੇ ਖੂਹਾਂ ਦੀ ਸਫਾਈ ਕਰਾਉਣ ਦੀ ਪੁਸ਼ਟੀ ਕਰਦਿਆਂ ਡਰੇਨ ਸਿਸਟਮ ਰਾਹੀਂ ਝੰਬੋ ਚੋਅ 'ਚ ਪਾਈਪ ਲਾਈਨ ਰਾਹੀਂ ਹੁੰਦੀ ਪਾਣੀ ਦੀ ਨਿਕਾਸੀ ਬਾਰੇ ਅਗਿਆਨਤਾ ਪ੍ਰਗਟਾਈ। ਇਸ ਸਬੰਧੀ ਐਸ.ਡੀ.ਓ ਮੰਡੀ ਬੋਰਡ ਹਰਜੀਤ ਸਿੰਘ ਨਾਲ ਗੱਲ ਕੀਤੀ ਤਾਂ ਉਹਨਾਂ ਦੱਸਿਆ ਕਿ ਮਾਰਕੀਟ ਕਮੇਟੀ ਵੱਲੋਂ ਪਾਈਪ ਲਾਈਨ ਸਾਫ ਕਰਨ ਲਈ ਕੋਈ ਮਤਾ ਪਾ ਕੇ ਨਹੀਂ ਭੇਜਿਆ ਗਿਆ, ਜਦੋਂ ਉਨ੍ਹਾਂ ਨੂੰ ਇਸ ਪਾਈਪ ਲਾਈਨ ਦੇ ਪੂਰੀ ਤਰਹਾਂ ਬੰਦ ਹੋਣ ਬਾਰੇ ਪੁੱਛਿਆ ਤਾਂ ਉਨਾਂ ਮੰਨਿਆ ਕਿ ਪੀ. ਡਬਲਿਊ. ਡੀ. ਵਿਭਾਗ ਦੇ ਕਰਮਚਾਰੀਆਂ ਨੇ ਪਾਈਪ ਲਾਈਨ 'ਚ ਨਾਜਾਇਜ਼ ਤੌਰ 'ਤੇ ਕੁਨੈਕਸ਼ਨ ਕਰਕੇ ਸੜਕ ਦਾ ਪਾਣੀ ਪਾਇਆ ਗਿਆ ਹੈ, ਜਿਸ ਕਰਕੇ ਇਹ ਪਾਈਪ ਲਾਈਨ ਮਿੱਟੀ ਨਾਲ ਭਰ ਕੇ ਪੂਰੀ ਤਰ੍ਹਾਂ ਬੰਦ ਹੈ। ਜ਼ਿਕਰਯੋਗ ਹੈ ਕਿ ਝੰਬੋ ਚੋਅ ਵਾਲੇ ਡਰੇਨ ਨੂੰ ਜਾਂਦੇ ਪਾਈਪਾਂ ਦੀ ਸਫਾਈ ਲਈ ਹਰ ਸੀਜ਼ਨ ਮਤਾ ਪਾ ਕੇ ਸਿਵਲ ਵਿੰਗ ਨੂੰ ਭੇਜਣਾ ਹੁੰਦਾ ਹੈ, ਪਰ ਉਹ ਕਈ ਸਾਲਾਂ ਤੋਂ ਨਹੀਂ ਭੇਜਿਆ ਗਿਆ।

# ਡਿਪਟੀ ਕਮਿਸ਼ਨਰ ਵੱਲੋਂ ਪੁਲਿਸ, ਨਗਰ ਨਿਗਮ ਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਭਾਦਸੋਂ ਰੋਡ ਦਾ ਜਾਇਜ਼ਾ



**ਪਟਿਆਲਾ, 29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਭਾਦਸੋਂ ਰੋਡ ਵਿਖੇ ਜੇਲ੍ਹ ਦੀ ਕੰਧ ਨਾਲ ਪੁਰਾਣੀ ਚੁੰਗੀ ਚੌਂਕ ਵਿਖੇ ਅਤੇ ਟਿਵਾਣਾ ਚੌਂਕ ਨੇੜੇ ਭਾਰੀ ਟ੍ਰੈਫਿਕ ਕਾਰਨ ਲੱਗਦੇ ਜਾਮ ਦਾ ਹੱਲ ਕੱਢਣ ਲਈ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਵੱਲੋਂ ਏਡੀਸੀ ਸ਼ਹਿਰੀ ਵਿਕਾਸ ਨਵਰੀਤ ਕੌਰ ਸੇਖੋਂ, ਐਸ ਪੀ ਸਿਟੀ ਪਲਵਿੰਦਰ ਸਿੰਘ ਚੀਮਾ, ਐਸ ਡੀ ਐਮ ਪਟਿਆਲਾ ਹਰਜੋਤ ਕੌਰ ਮਾਵੀ, ਆਰ ਟੀ ਓ ਬਬਨਦੀਪ ਸਿੰਘ ਵਾਲੀਆ, ਐਸ ਪੀ ਟ੍ਰੈਫਿਕ ਅੱਛਰੂ ਰਾਮ, ਐਸ ਪੀ ਮਨੋਜ ਗੋਰਸੀ ਸਮੇਤ ਨਗਰ ਨਿਗਮ, ਲੋਕ ਨਿਰਮਾਣ ਵਿਭਾਗ ਤੇ ਡਰੇਨੇਜ ਵਿਭਾਗ ਦੇ ਅਧਿਕਾਰੀਆਂ ਨੂੰ ਨਾਲ ਲੈ ਕੇ ਮੌਕੇ ਦਾ ਜਾਇਜ਼ਾ ਲਿਆ ਗਿਆ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸਾਰੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਲਾਕਾ ਨਿਵਾਸੀਆਂ ਤੇ ਰਾਹਗੀਰਾਂ ਨੂੰ ਇਸ ਜਾਮ ਦੀ ਸਮੱਸਿਆ ਤੋਂ ਰਾਹਤ ਦਿਵਾਈ ਜਾਵੇ ਅਤੇ ਲੋੜੀਂਦੇ ਕਦਮ ਚੁੱਕੇ ਜਾਣ। ਇਸ ਮੌਕੇ ਵੱਖ-ਵੱਖ ਤਜਵੀਜ਼ਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ ਤਾਂ ਕਿ ਲੋਕਾਂ ਨੂੰ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਆਵਾਜਾਈ ਸਹੂਲਤਾਂ ਦਿਵਾਉਣ ਲਈ ਠੋਸ ਉਪਰਾਲੇ ਕੀਤੇ ਜਾ ਸਕਣ।

ਡਾ. ਪ੍ਰੀਤੀ ਯਾਦਵ ਨੇ ਇਸ ਮੌਕੇ ਸਥਾਨਕ ਮਾਰਕੀਟ ਦੇ ਦੁਕਾਨਦਾਰਾਂ ਦੇ ਨੁਮਾਇੰਦਿਆਂ ਨਾਲ ਵੀ ਗੱਲਬਾਤ ਕੀਤੀ ਅਤੇ ਕਿਹਾ ਕਿ ਸਾਰੇ ਦੁਕਾਨਦਾਰ ਆਪਣੀਆਂ ਦੁਕਾਨਾਂ ਅੱਗੇ ਸਮਾਨ ਤੇ ਮਸ਼ਹੂਰੀ ਬੋਰਡ ਆਦਿ ਨਾ ਰੱਖਣ ਅਤੇ ਨਾ ਹੀ ਵਾਧੂ ਥੜ੍ਹੇ ਬਣਾਏ ਜਾਣ ਤਾਂ ਕਿ ਆਵਾਜਾਈ ਵਿੱਚ ਵਿਘਨ ਨਾ ਪਵੇ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਇਸ ਸਮੱਸਿਆ ਨੂੰ ਹੱਲ ਕੀਤਾ ਜਾ ਸਕਦਾ ਹੈ ਅਤੇ ਪ੍ਰਸ਼ਾਸਨ ਇਸ ਸਬੰਧੀ ਵਚਨਬੱਧਤਾ ਪੁਗਾਉਣ ਲਈ ਤਿਆਰ ਹੈ ਕਿ ਸ਼ਹਿਰ ਵਿੱਚ ਭੀੜ ਕਾਰਨ ਲੱਗਣ ਵਾਲੇ ਜਾਮ ਦੀ ਸਮੱਸਿਆ ਦਾ ਪੁਖਤਾ ਹੱਲ ਕੀਤਾ ਜਾਵੇ।

# ਪ੍ਰਧਾਨ ਮੰਤਰੀ ਸ਼੍ਰੀ ਸਕੂਲ ਜਵਾਹਰ ਨਵੋਦਿਆ ਵਿਦਿਆਲਿਆ, ਦਬੂੜੀ ਵਿਖੇ ਨੌਵੀਂ ਅਤੇ ਗਿਆਰ੍ਹਵੀਂ ਜਮਾਤ ਵਿੱਚ ਦਾਖ਼ਲੇ ਲਈ ਆਨਲਾਈਨ ਰਜਿਸਟ੍ਰੇਸ਼ਨ ਸ਼ੁਰੂ

**ਗੁਰਦਾਸਪੁਰ,29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਸ਼੍ਰੀ ਸਕੂਲ ਜਵਾਹਰ ਨਵੋਦਿਆ ਵਿਦਿਆਲਿਆ, ਦਬੂੜੀ, ਜ਼ਿਲ੍ਹਾ ਗੁਰਦਾਸਪੁਰ (ਪੀ.ਬੀ.) ਭਾਰਤ ਸਰਕਾਰ ਦੇ ਸਿੱਖਿਆ ਮੰਤਰਾਲੇ ਅਧੀਨ ਚੱਲ ਰਿਹਾ ਹੈ ਅਤੇ ਸੀ.ਬੀ.ਐੱਸ.ਈ. ਬੋਰਡ ਨਾਲ ਸੰਬੰਧਿਤ ਹੈ। ਇਸ ਸਕੂਲ ਵਿੱਚ ਨੌਵੀਂ ਅਤੇ ਗਿਆਰ੍ਹਵੀਂ ਜਮਾਤ ਵਿੱਚ ਦਾਖ਼ਲੇ ਲਈ ਅਰਜ਼ੀ ਫਾਰਮ ਦੀ ਰਜਿਸਟ੍ਰੇਸ਼ਨ ਆਨਲਾਈਨ ਸ਼ੁਰੂ ਕਰ ਦਿੱਤੀ ਗਈ ਹੈ। ਉਹ ਉਮੀਦਵਾਰ ਜਿਨ੍ਹਾਂ ਦਾ ਜਨਮ 1 ਮਈ 2011 ਤੋਂ 31 ਜੁਲਾਈ 2013 (ਦੋਵੇਂ ਦਿਨ ਸ਼ਾਮਲ) ਅਤੇ 1 ਜੂਨ 2009 ਤੋਂ 31 ਜੁਲਾਈ 2011 (ਦੋਵੇਂ ਦਿਨ ਸ਼ਾਮਲ) ਦੇ ਵਿਚਕਾਰ ਹੋਇਆ ਹੈ, ਗੁਰਦਾਸਪੁਰ ਜ਼ਿਲ੍ਹੇ ਦੇ ਕਿਸੇ ਵੀ ਸਰਕਾਰੀ ਜਾਂ ਮਾਨਤਾ ਪ੍ਰਾਪਤ ਸਕੂਲ ਵਿੱਚ 8ਵੀਂ ਜਮਾਤ ਅਤੇ 10ਵੀਂ ਵਿੱਚ ਪੜ੍ਹ ਰਹੇ ਹਨ, ਉਹ




ਦਾਖਲਾ ਲੈਣ ਦੇ ਯੋਗ ਹਨ ਤੇ ਮੁਫ਼ਤ ਕੀਤੀ ਜਾ ਸਕਦੀ ਹੈ। ਅਰਜ਼ੀ ਫਾਰਮ ਆਨਲਾਈਨ ਜਮ੍ਹਾਂ ਕਰਨ ਦੀ ਆਖ਼ਰੀ ਮਿਤੀ 23.09.2025 ਹੈ। ਉਨ੍ਹਾਂ ਦੱਸਿਆ ਕਿ ਚੋਣ ਟੈਸਟ ਦੀ ਮਿਤੀ 07 ਫਰਵਰੀ 2026 ਹੈ। ਵੇਰਵੇ ਸਹਿਤ ਜਾਣਕਾਰੀ ਵੈੱਬਸਾਈਟ ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਵਿਦਿਆਲਿਆ ਦੇ ਹੈਲਪ ਡੈਸਕ ਨੰਬਰ 01874266130 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਮਾਤਾ ਗੰਗਾ ਗਰਲਜ਼ ਕਾਲਜ ਵਿੱਚ ਐਨ. ਐਸ. ਐਸ. ਦਿਵਸ ਦੇ ਸਬੰਧ ਵਿੱਚ ਸਫ਼ਾਈ ਅਭਿਆਨ ਦਾ ਕੀਤਾ ਗਿਆ ਆਯੋਜਨ

**ਤਰਨ ਤਾਰਨ, 29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਤਾ ਗੰਗਾ ਗਰਲਜ਼ ਕਾਲਜ, ਤਰਨ ਤਾਰਨ ਵਿੱਚ ਅੱਜ ਐਨ. ਐਸ. ਐਸ. ਦਿਵਸ ਦੇ ਸਬੰਧ ਵਿੱਚ ਸਫ਼ਾਈ ਅਭਿਆਨ ਦਾ ਆਯੋਜਨ ਕੀਤਾ ਗਿਆ। ਇਸ ਅਭਿਆਨ ਵਿੱਚ ਕਾਲਜ ਦੀਆਂ ਵਿਦਿਆਰਥਣਾਂ ਅਤੇ ਅਧਿਆਪਕਾਂ ਨੇ ਉਤਸ਼ਾਹ ਪੂਰਵਕ ਹਿੱਸਾ ਲਿਆ।

ਸਫ਼ਾਈ ਕਾਰਜ ਫੈਸ਼ਨ ਲੈਬਾਂ, ਮਿਊਜ਼ਿਕ ਰੂਮ, ਐਨ.ਐਸ.ਐਸ. ਰੂਮ, ਕੰਪਿਊਟਰ ਲੈਬਾਂ, ਲਾਇਬ੍ਰੇਰੀ, ਸਟਾਫ਼ ਰੂਮ ਅਤੇ ਅਸੈਂਬਲੀ ਹਾਲ ਵਿੱਚ ਕੀਤਾ ਗਿਆ। ਇਸ ਮੌਕੇ ਪ੍ਰਬੰਧਨ ਸਕੱਤਰ ਮੈਡਮ ਕੁਲਜੀਤ ਕੌਰ ਅਤੇ ਕਾਰਜਕਾਰੀ ਪ੍ਰਿੰਸੀਪਲ ਇੰਦੂ ਬਾਲਾ ਨੇ ਵਿਦਿਆਰਥਣਾਂ ਦਾ ਹੌਸਲਾ ਵਧਾਇਆ ਅਤੇ ਸਫ਼ਾਈ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ।

ਉਨ੍ਹਾਂ ਕਿਹਾ ਕਿ ਸਫ਼ਾਈ ਸਿਰਫ਼ ਸਿਹਤ ਨਾਲ ਹੀ ਨਹੀਂ, ਸਗੋਂ ਵਿਅਕਤੀਗਤ ਤੇ ਸਮਾਜਿਕ ਵਿਕਾਸ ਨਾਲ ਵੀ ਜੁੜੀ ਹੋਈ ਹੈ। ਇਸ ਅਭਿਆਨ ਦੀ ਅਗਵਾਈ ਐਨ ਐਸ ਐਸ ਪ੍ਰੋਗਰਾਮ ਅਫਸਰ ਡਾ. ਨੇਹਾ ਅਰੋੜਾ ਅਤੇ ਮਿਸਿਜ਼ ਗੋਪੀ ਖਿੰਦਰੀਆ ਨੇ ਕੀਤੀ। ਉਨ੍ਹਾਂ ਨੇ ਵਿਦਿਆਰਥਣਾਂ ਨੂੰ ਸਫ਼ਾਈ ਪ੍ਰਤੀ ਆਪਣਾ ਫ਼ਰਜ਼ ਨਿਭਾਉਣ ਲਈ ਪ੍ਰੇਰਿਤ ਕੀਤਾ ਅਤੇ ਸਮਾਜ ਵਿੱਚ ਸੁੱਚਤਾ ਫੈਲਾਉਣ ਦੀ ਸਿੱਖਿਆ ਦਿੱਤੀ।

ਉਨ੍ਹਾਂ ਕਿਹਾ ਕਿ ਵਿਦਿਆਰਥਣਾਂ ਨੇ ਵੱਖ-ਵੱਖ ਕਮਰਿਆਂ ਅਤੇ ਹਾਲਾਂ ਵਿੱਚ ਸਫ਼ਾਈ ਕਰਕੇ ਸੁੱਚਾ ਕਾਲਜ, ਸੁੰਦਰ ਕਾਲਜ ਦੇ ਸਨਦੇਸ਼ ਨੂੰ ਅੱਗੇ ਵਧਾਇਆ। ਸਾਰੇ ਅਧਿਆਪਕਾਂ ਅਤੇ ਸਟਾਫ਼ ਮੈਂਬਰਾਂ ਨੇ ਵੀ ਇਸ ਯਤਨ ਵਿੱਚ ਸਹਿਯੋਗ ਦਿੱਤਾ। ਇਸ ਅਭਿਆਨ ਨੇ ਨਾ ਸਿਰਫ਼ ਕਾਲਜ ਦੇ ਵਾਤਾਵਰਣ ਨੂੰ ਸੁੱਚਾ ਬਣਾਇਆ, ਸਗੋਂ ਵਿਦਿਆਰਥਣਾਂ ਵਿੱਚ ਸਫ਼ਾਈ ਪ੍ਰਤੀ ਜ਼ਿੰਮੇਵਾਰੀ ਦਾ ਭਾਵ ਵੀ ਜਗਾਇਆ।

# ਕੇਂਦਰੀ ਟੀਮ ਵੱਲੋਂ ਫਾਜ਼ਿਲਕਾ ਜ਼ਿਲ੍ਹੇ ਦਾ ਦੌਰਾ

**ਫਾਜ਼ਿਲਕਾ,29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹੜ੍ਹਾਂ ਕਾਰਨ ਹੋਏ ਨੁਕਸਾਨ ਦੇ ਜਾਇਜ਼ੇ ਲਈ ਭਾਰਤ ਸਰਕਾਰ ਦੇ ਖੇਤੀਬਾੜੀ ਮੰਤਰਾਲੇ ਦੀ ਇੱਕ ਵਿਸ਼ੇਸ਼ ਟੀਮ ਵੱਲੋਂ ਅੱਜ ਫਾਜ਼ਿਲਕਾ ਜਿਲ੍ਹੇ ਦਾ ਦੌਰਾ ਕੀਤਾ ਗਿਆ। ਟੀਮ ਦੇ ਚੇਅਰਮੈਨ ਅਨਿਲ ਖਿਪਲ ਤੋਂ ਇਲਾਵਾ ਇਸ ਦੇ ਮੈਂਬਰ ਡਾ ਸੁਭਾਸ਼ ਚੰਦਰ ਅਤੇ ਸ਼੍ਰੀ ਰਾਮ ਪ੍ਰਕਾਸ਼ ਮੀਨਾ ਨੇ ਪਿੰਡ ਮਹਾਤਮ ਨਗਰ ਆਦਿ ਪਹੁੰਚ ਕੇ ਹੜ੍ਹਾਂ ਨਾਲ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਅਤੇ ਆਪਣੀ ਰਿਪੋਰਟ ਤਿਆਰ ਕੀਤੀ। ਭੂਮੀ ਵਿਗਿਆਨੀ ਡਾ ਕਾਮਿਨੀ ਵੀ ਹਾਜ਼ਰ ਸਨ।

ਇਸ ਦੌਰਾਨ ਟੀਮ ਵੱਲੋਂ ਹੜ੍ਹਾਂ ਨਾਲ ਆਈ ਮਿੱਟੀ ਕੱਢਣ ਅਤੇ ਜਮੀਨ ਸੁਧਾਰ ਕਰਨ ਦੇ ਵਿਸ਼ੇ ਸਬੰਧੀ ਰਿਪੋਰਟ ਤਿਆਰ ਕੀਤੀ ਜਾ ਰਹੀ ਹੈ। ਇਸ ਮੌਕੇ ਜ਼ਿਲ੍ਹਾ ਮਾਲ ਅਫਸਰ ਲਵਪ੍ਰੀਤ ਕੌਰ, ਤਹਿਸੀਲਦਾਰ ਜਸਪ੍ਰੀਤ ਸਿੰਘ, ਮੁੱਖ ਖੇਤੀਬਾੜੀ ਅਫਸਰ ਰਜਿੰਦਰ ਕੁਮਾਰ ਕੰਬੋਜ, ਭੂਮੀ ਰੱਖਿਆ ਵਿਭਾਗ ਤੋਂ ਕਾਰਜਕਾਰੀ ਇੰਜੀਨੀਅਰ ਗੁਰਿੰਦਰ ਸਿੰਘ, ਐਸ ਡੀ ਓ ਵਿਕਾਸ ਪੂਨੀਆਂ, ਕਾਰਜਕਾਰੀ ਇੰਜੀਨੀਅਰ ਜਲ ਸਰੋਤ ਅਲੋਕ ਚੌਧਰੀ, ਸਮੇਤ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜਰ ਸਨ

# ਮੇਅਰ ਪਦਮਜੀਤ ਮਹਿਤਾ ਵੱਲੋਂ ਵਾਰਡ ਨੰਬਰ 9 ਅਤੇ 33 ਵਿੱਚ ਲਗਭਗ 1 ਕਰੋੜ ਰੁਪਏ ਦੀ ਲਾਗਤ ਨਾਲ ਪ੍ਰੀਮਿਕਸ ਅਤੇ ਇੰਟਰਲਾਕਿੰਗ ਟਾਈਲਾਂ ਦੇ ਕੰਮ ਦਾ ਸ਼ੁਭ ਆਰੰਭ

**ਬਠਿੰਡਾ, 29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੇਅਰ ਸ਼੍ਰੀ ਪਦਮਜੀਤ ਸਿੰਘ ਮਹਿਤਾ ਨੇ ਕੌਂਸਲਰ ਵੀਰਪਾਲ ਕੌਰ ਦੇ ਵਾਰਡ ਨੰਬਰ 9 ਅਤੇ ਕੌਂਸਲਰ ਨੇਹਾ ਜਿੰਦਲ ਦੇ ਵਾਰਡ ਨੰਬਰ 33 ਵਿੱਚ ਲਗਭਗ 1 ਕਰੋੜ ਰੁਪਏ ਦੀ ਲਾਗਤ ਨਾਲ ਪ੍ਰੀਮਿਕਸ ਅਤੇ ਇੰਟਰਲਾਕਿੰਗ ਟਾਈਲਾਂ ਲਗਾਉਣ ਦੇ ਕੰਮ ਦਾ ਸ਼ੁਭ ਆਰੰਭ ਕੀਤਾ।

ਇਸ ਦੌਰਾਨ ਉਨ੍ਹਾਂ ਦੇ ਨਾਲ ਪਰਵਿੰਦਰ ਸਿੰਘ ਸਿੱਧੂ ਨੰਬਰਦਾਰ, ਸ੍ਰੀ ਮਨੋਜ ਜਿੰਦਲ, ਐਸਡੀਓ ਸ੍ਰੀ ਵਿਕਰਮਜੀਤ ਸਿੰਘ, ਜੇਈ ਸ੍ਰੀ ਰਾਜੇਸ਼ ਕੁਮਾਰ ਅਤੇ ਇਲਾਕਾ ਨਿਵਾਸੀ ਮੌਜੂਦ ਸਨ।

ਮੇਅਰ ਸ਼੍ਰੀ ਪਦਮਜੀਤ ਸਿੰਘ ਮਹਿਤਾ ਨੇ ਪਹਿਲਾਂ ਵਾਰਡ ਨੰਬਰ 9 ਵਿੱਚ ਸਥਿਤ ਮਾਡਲ ਟਾਊਨ ਫੇਸ-3 ਵਿੱਚ ਲਗਭਗ 49.97 ਲੱਖ ਰੁਪਏ ਦੀ ਲਾਗਤ ਨਾਲ ਪ੍ਰੀਮਿਕਸ ਪਾਉਣ ਦੇ ਕੰਮ ਦਾ ਸ਼ੁਭ ਆਰੰਭ ਕੀਤਾ। ਫਿਰ ਉਨ੍ਹਾਂ ਨੇ ਉਸੇ ਵਾਰਡ ਵਿੱਚ ਸਥਿਤ ਗਲੀ ਨੰਬਰ 26/1, ਅਜੀਤ ਰੋਡ ਵਿੱਚ ਲਗਭਗ 15.5 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕਿੰਗ ਟਾਈਲਾਂ ਲਗਾਉਣ ਦੇ ਕੰਮ ਦਾ ਉਦਘਾਟਨ ਕੀਤਾ।

ਵਿਕਾਸ ਕਾਰਜਾਂ ਨੂੰ ਤੇਜ਼ ਕਰਨ ਦੇ ਆਪਣੇ ਯਤਨਾਂ ਦੇ ਹਿੱਸੇ ਵਜੋਂ, ਮੇਅਰ ਸ਼੍ਰੀ ਮਹਿਤਾ ਨੇ ਵਾਰਡ ਨੰਬਰ 33 ਵਿੱਚ ਸਥਿਤ ਪ੍ਰਜਾਪਤ ਕਲੋਨੀ ਵਿੱਚ ਲਗਭਗ 33.3 ਲੱਖ ਰੁਪਏ ਦੀ ਲਾਗਤ ਨਾਲ ਪ੍ਰੀਮਿਕਸ ਪਾਉਣ ਦੇ ਕੰਮ ਦਾ ਉਦਘਾਟਨ ਵੀ ਕੀਤਾ।

ਇਸ ਦੌਰਾਨ ਸ਼੍ਰੀ ਪਰਵਿੰਦਰ ਸਿੰਘ ਨੰਬਰਦਾਰ ਅਤੇ ਸ਼੍ਰੀ ਮਨੋਜ ਜਿੰਦਲ ਨੇ ਮੇਅਰ ਸ਼੍ਰੀ ਪਦਮਜੀਤ ਸਿੰਘ ਮਹਿਤਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੇ ਕੁਝ ਸਾਲਾਂ ਤੋਂ ਵਿਕਾਸ ਕਾਰਜ ਰੁਕੇ ਹੋਏ ਸਨ, ਪਰ ਮੇਅਰ ਸ਼੍ਰੀ ਮਹਿਤਾ ਨੇ ਆਪਣੇ ਕਾਰਜਕਾਲ ਦੇ ਕੁਝ ਮਹੀਨਿਆਂ ਦੌਰਾਨ ਹੀ ਬਠਿੰਡਾ ਵਿੱਚ ਵਿਕਾਸ ਕਾਰਜਾਂ ਦੀ ਝੜੀ ਲਗਾ ਦਿੱਤੀ, ਜਿਸ ਲਈ ਮੇਅਰ ਸ਼੍ਰੀ ਮਹਿਤਾ ਪ੍ਰਸ਼ੰਸਾ ਦੇ ਹੱਕਦਾਰ ਹਨ।

# ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਸਹੀ ਪ੍ਰਬੰਧਨ ਬਾਰੇ ਲਗਾਇਆ ਜਾਗਰੂਕਤਾ ਕੈਂਪ

**ਹੁਸ਼ਿਆਰਪੁਰ, 29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਖੇਤੀਬਾੜੀ ਅਫ਼ਸਰ ਹੁਸ਼ਿਆਰਪੁਰ ਦਵਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸੀ.ਆਰ.ਐਮ ਸਕੀਮ ਸਾਲ 2025-26 ਦੇ ਤਹਿਤ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਬਲਾਕ ਹੁਸ਼ਿਆਰਪੁਰ-2 ਵੱਲੋਂ ਪਿੰਡ ਰਾਜਪੁਰ ਭਾਈਆਂ ਵਿਚ ਇਕ ਬਲਾਕ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ।

# ਵੇਦਾਂਤ ਅਚਾਰੀਆ ਚੇਤਨਾ ਨੰਦ ਭੂਰੀ ਵਾਲੇ

**ਸ਼ਾਮ ਸੁੰਦਰ ਮੀਲੂ**

**ਸਵਾਮੀ ਚੇਤਨਾ ਨੰਦ ਮਹਾਰਾਜ ਵੱਲੋਂ ਸਤਿਗੁਰੂ ਲਾਲ ਦਾਸ ਅਤੇ ਸਤਿਗੁਰੂ ਬ੍ਰਹਮਾ ਨੰਦ ਭੂਰੀ ਵਾਲਿਆਂ ਵੱਲੋਂ ਸ਼ੁਰੂ ਕੀਤੇ ਗਏ ਰੂਹਾਨੀ ਤੇ ਸਮਾਜ ਸੇਵਾ ਦੇ ਕੰਮਾਂ ਨੂੰ ਆਮ ਲੋਕਾਂ ਦੇ ਭਲੇ ਲਈ ਤਨਦੇਹੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ...**

ਵੇਦਾਂਤ ਅਚਾਰੀਆ ਸਵਾਮੀ ਚੇਤਨਾ ਨੰਦ ਮਹਾਰਾਜ ਭੂਰੀਵਾਲਿਆਂ ਦਾ ਜਨਮ ਰੋਪੜ ਜ਼ਿਲ੍ਹੇ ਦੀ ਤਹਿਸੀਲ ਸ੍ਰੀ ਅਨੰਦਪੁਰ ਸਾਹਿਬ ਦੇ ਪਿੰਡ ਝਾਂਡੀਆਂ ਕਲਾਂ, ਨੇੜੇ ਨੂਰਪੁਰ ਬੇਦੀ ਵਿਖੇ ਪਿਤਾ ਰਾਮ ਰੱਖਾ ਤੇ ਮਾਤਾ ਮਣਸੋ ਦੇਵੀ ਜੀ ਦੇ ਘਰ ਹੋਇਆ। ਉਨ੍ਹਾਂ ਦੀ ਉਮਰ ਦੋ ਸਾਲ ਦੀ ਹੀ ਸੀ ਤਾਂ ਪਿਤਾ ਰੱਖਾ ਰਾਮ ਨੇ ਆਪ ਨੂੰ ਮਹਾਰਾਜ ਭੂਰੀਵਾਲੇ ਗੁਰਗੱਦੀ ਪਰੰਪਰਾ (ਗ਼ਰੀਬਦਾਸੀ ਸੰਪਰਦਾਇ) ਦੇ ਦੂਜੇ ਗੱਦੀਨਸ਼ੀਨ ਸਤਿਗੁਰੂ ਲਾਲ ਦਾਸ ਮਹਾਰਾਜ ਨੂੰ ਅਰਪਿਤ ਕਰ ਦਿੱਤਾ।

ਸਤਿਗੁਰੂ ਲਾਲ ਦਾਸ ਭੂਰੀਵਾਲਿਆਂ ਦੀ ਇੱਛਾ ਅਨੁਸਾਰ ਉਨ੍ਹਾਂ ਦਾ ਪਾਲਣ ਪੋਸ਼ਣ ਤੇ ਮੈਟ੍ਰਿਕ ਤਕ ਦੀ ਪੜ੍ਹਾਈ ਪਰਿਵਾਰ ਵੱਲੋਂ ਕਰਵਾਈ ਗਈ। ਪੜ੍ਹਾਈ ਉਪਰੰਤ ਲੁਧਿਆਣਾ ਸਥਿਤ ਭੂਰੀਵਾਲੇ ਆਸ਼ਰਮ ਵਿਖੇ ਉਨ੍ਹਾਂ ਨੇ ਸੰਨਿਆਸ ਧਾਰਣ ਕੀਤਾ ਤੇ ਆਪ ਦਾ ਨਾਂ ਸਵਾਮੀ ਚੇਤਨਾ ਨੰਦ ਰੱਖਿਆ ਗਿਆ। ਸੰਨਿਆਸ ਤੋਂ ਬਾਅਦ ਆਪ ਦੀ ਇੱਛਾ ਹੋਰ ਸਿੱਖਿਆ ਗ੍ਰਹਿਣ ਕਰਨ ਦੀ ਸੀ। ਉਨ੍ਹਾਂ ਦੀ ਇਸ ਇੱਛਾ ਦੀ ਪੂਰਤੀ ਲਈ ਸਤਿਗੁਰੂ ਬ੍ਰਹਮਾ ਨੰਦ ਭੂਰੀਵਾਲਿਆਂ (ਗਊਆਂ ਵਾਲਿਆਂ) ਨੇ ਉਨ੍ਹਾਂ ਨੂੰ ਉੱਚ ਸਿੱਖਿਆ ਲਈ ਸੰਪੂਰਨ ਨੰਦ ਸੰਸਕ੍ਰਿਤੀ ਵਿਸ਼ਵ ਵਿਦਿਆਲਿਆ ਬਨਾਰਸ ਵਿਖੇ ਦਾਖ਼ਲਾ ਦਿਵਾਇਆ।

ਅਚਾਰੀਆ ਸਵਾਮੀ ਚੇਤਨਾ ਨੰਦ ਮਹਾਰਾਜ ਨੇ 1989 ਤੋਂ 1992 ਤਕ ਕਾਂਸ਼ੀ ਵਿਖੇ ਰਹਿ ਕੇ ਵੇਦਾਂਤ ਸ਼ਾਸਤਰੀ ਤੇ ਅਚਾਰੀਆ ਦੀ ਡਗਰੀ ਪ੍ਰਾਪਤ ਕੀਤੀ। ਪੜ੍ਹਾਈ ਪੂਰੀ ਕਰ ਕੇ 1992 ਤੋਂ ਬਾਅਦ ਉਹ ਸਤਿਗੁਰੂ ਬ੍ਰਹਮਾ ਨੰਦ ਮਹਾਰਾਜ ਭੂਰੀਵਾਲਿਆਂ ਨਾਲ ਵਿਚਰਨ ਲੱਗੇ। ਉਹ ਵੇਦਾਂ, ਸ਼ਾਸਤਰਾਂ ਦੇ ਗਿਆਤਾ ਤੇ ਪਰਪੱਕ ਕਥਾਵਾਚਕ ਹਨ। ਇਹੀ ਵਜ੍ਹਾ ਸੀ ਕਿ ਇਸ ਸਤਿਗੁਰੂ ਬ੍ਰਹਮਾ ਨੰਦ ਮਹਾਰਾਜ ਨੇ ਆਪਣੇ ਸ਼ਿਸ਼ ਸਵਾਮੀ ਚੇਤਨਾ ਨੰਦ ਜੀ ਨੂੰ ਸ੍ਰੀ ਬ੍ਰਹਮ ਸਰੋਵਰ ਮਾਲੇਵਾਲ ਧਾਮ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਗੁਰਗੱਦੀ ਦੀ ਥਾਪਨਾ ਦਿੱਤੀ।

1 ਮਈ 2002 ਨੂੰ ਸਤਿਗੁਰੂ ਬ੍ਰਹਮਾ ਨੰਦ ਜੀ ਮਹਾਰਾਜ ਭੂਰੀਵਾਲਿਆਂ ਦੇ ਪੰਜ ਭੌਤਿਕ ਸਰੀਰ ਤਿਆਗ ਜਾਣ ਉਪਰੰਤ 17 ਮਈ 2002 ਨੂੰ ਗ਼ਰੀਬਦਾਸੀ ਪੰਥ ਦੇ ਸਰਵਉੱਚ ਪੀਠਾ ਛਤਰੀ ਸਾਹਿਬ ਛੁਡਾਣੀ ਧਾਮ (ਹਰਿਆਣਾ) ਦੇ ਪੀਠਾਧੀਸ਼ਵਰ ਮਹੰਤ ਦਯਾ ਸਾਗਰ ਅਤੇ ਸੰਗਤ ਨੇ ਸ੍ਰੀ ਬ੍ਰਹਮ ਨਿਵਾਸ ਆਸ਼ਰਮ ਸਪਤ ਸਰੋਵਰ ਮਾਰਗ ਦੱਖਣੀ ਭਾਗ ਹਰਿਦੁਆਰ (ਉਤਰਾਖੰਡ) ਵਿਖੇ ਮਹਾਰਾਜ ਭੂਰੀਵਾਲਿਆਂ ਦੀ ਗੁਰਗੱਦੀ 'ਤੇ ਸਵਾਮੀ ਚੇਤਨਾ ਨੰਦ ਮਹਾਰਾਜ ਭੂਰੀਵਾਲਿਆਂ ਨੂੰ ਬਿਰਾਜਮਾਨ ਕੀਤਾ। ਉਹ ਭੂਰੀਵਾਲੇ ਗੁਰਗੱਦੀ ਪਰੰਪਰਾ ਦੀ ਨਾਮਲੇਵਾ ਸੰਗਤ ਦਰਮਿਆਨ ਅਚਾਰੀਆ ਚੇਤਨਾ ਨੰਦ ਜੀ (ਸਤਿਗੁਰੂ ਕਾਸ਼ੀ ਵਾਲਿਆਂ) ਦੇ ਨਾਂ ਨਾਲ ਹਰਮਨ ਪਿਆਰੇ ਹੋਏ।

ਸਵਾਮੀ ਚੇਤਨਾ ਨੰਦ ਮਹਾਰਾਜ ਭੂਰੀਵਾਲਿਆਂ ਨੇ ਸਮਾਜ ਦੇ ਵਿਕਾਸ ਲਈ ਕਈ ਅਹਿਮ ਉਪਰਾਲੇ ਕੀਤੇ। ਬ੍ਰਹਮਲੀਨ ਸਤਿਗੁਰੂ ਬ੍ਰਹਮਾ ਨੰਦ ਭੂਰੀਵਾਲਿਆਂ ਦੁਆਰਾ ਸਮਾਜ ਦੇ ਵਿਕਾਸ ਲਈ ਬਣਾਏ ਗਏ ਵਿੱਦਿਅਕ ਅਦਾਰੇ, ਸਿਹਤ ਅਦਾਰੇ, ਪਬਲਿਕ ਸਕੂਲ, ਡਿਗਰੀ ਕਾਲਜਾਂ ਆਦਿ ਨੂੰ ਉਨ੍ਹਾਂ ਦੁਆਰਾ ਬਾਖ਼ੂਬੀ ਚਲਾਇਆ ਜਾ ਰਿਹਾ ਹੈ। ਉਹ ਸਮਾਜਕ ਪ੍ਰਾਣੀਆਂ ਦੇ ਦੁੱਖ-ਤਕਲੀਫ਼ ਰੋਜ਼ਾਨਾ ਸੰਗਤ ਵਿਚ ਬਿਰਾਜਮਾਨ ਹੋ ਕੇ ਸੁਣਦੇ ਹਨ। ਉਹ ਲੋੜਵੰਦਾਂ ਤੇ ਸਮਾਜ ਦੇ ਭਲੇ ਲਈ ਹਰ ਸਮੇਂ ਤਤਪਰ ਰਹਿੰਦੇ ਹਨ। ਇਹੀ ਕਾਰਨ ਹੈ ਮਹਾਰਾਜ ਭੂਰੀਵਾਲੇ ਗੁਰਗੱਦੀ ਪਰੰਪਰਾ (ਗ਼ਰੀਬਦਾਸੀ ਸੰਪਰਦਾਇ) ਦੇਸ਼-ਵਿਦੇਸ਼ ਵਿਚ ਸ਼ਰਧਾਲੂਆਂ ਦੀ ਅਟੁੱਟ ਸ਼ਰਧਾ ਦਾ ਕੇਂਦਰ ਹੈ। ਸਵਾਮੀ ਚੇਤਨਾ ਨੰਦ ਮਹਾਰਾਜ ਭੂਰੀਵਾਲਿਆਂ ਦੁਆਰਾ ਆਸਟ੍ਰੇਲੀਆ ਅਤੇ ਕੈਨੇਡਾ ਵਿਖੇ ਵੀ ਆਸ਼ਰਮ ਬਣਵਾਏ ਗਏ ਅਤੇ ਭਾਰਤ ਦੇ ਵੱਖ-ਵੱਖ ਸੂਬਿਆਂ ਵਿਚ ਵੀ ਪ੍ਰਭੂ ਦੀ ਮਹਿਮਾ ਦਾ ਪ੍ਰਚਾਰ ਪਸਾਰ ਕਰ ਰਹੇ ਹਨ।

ਸਤਿਗੁਰੂ ਵੇਦਾਂਤ ਅਚਾਰੀਆ ਸਵਾਮੀ ਚੇਤਨਾ ਨੰਦ ਮਹਾਰਾਜ ਭੂਰੀਵਾਲਿਆਂ ਦਾ ਜਨਮ ਦਿਹਾੜਾ ਸ਼ਰਧਾਲੂਆਂ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਧਾਮ ਝਾਂਡੀਆਂ ਕਲਾਂ, ਨੇੜੇ ਨੂਰਪੁਰ ਬੇਦੀ (ਰੋਪੜ) ਵਿਖੇ ਸ਼ਰਧਾ ਭਾਵ ਨਾਲ ਮਨਾਇਆ ਜਾ ਰਿਹਾ ਹੈ। 26 ਸਤੰਬਰ ਨੂੰ 'ਜਗਤਗੁਰੂ ਅਚਾਰੀਆ ਬਾਬਾ ਗ਼ਰੀਬਦਾਸ ਰਚਿਤ ਬਾਣੀ' ਦੇ ਪਾਠਾਂ ਦਾ ਪ੍ਰਕਾਸ਼ ਹੋਵੇਗਾ। 27 ਸਤੰਬਰ ਨੂੰ ਮੱਧ ਦੀ ਬਾਣੀ ਦੇ ਭੋਗ ਤੇ ਖ਼ੂਨਦਾਨ ਕੈਂਪ, ਮੈਗਾ ਮੈਡੀਕਲ ਕੈਂਪ ਲਗਾਇਆ ਜਾਵੇਗਾ। 28 ਸਤੰਬਰ ਨੂੰ ਅੰਮ੍ਰਿਤ ਵੇਲੇ ਸ਼ੋਭਾ ਯਾਤਰਾ ਉਪਰੰਤ ਬਾਣੀ ਦੇ ਪਾਠ ਦੇ ਭੋਗ ਪੈਣਗੇ। ਤਿੰਨੋਂ ਦਿਨ ਸੰਧਿਆ ਆਰਤੀ ਉਪਰੰਤ ਅਚਾਰੀਆ ਚੇਤਨਾ ਨੰਦ ਮਹਾਰਾਜ ਤੇ ਵੱਖ-ਵੱਖ ਸਾਂਪਰਦਾਵਾਂ ਦੇ ਸੰਤ ਮਹਾਂਪੁਰਸ਼ ਹਾਜ਼ਰ ਸ਼ਰਧਾਲੂਆਂ ਨੂੰ ਪਰਮਾਰਥ ਮਾਰਗ ਨਾਲ ਜੁੜਣ ਦੀ ਪ੍ਰੇਰਨਾ ਦੇਣਗੇ। •

94634-42400

## ਸਮਾਜਕ ਸੇਵਾ ਦੇ ਕਾਰਜ

ਸਵਮੀ ਜੀ ਦੀ ਦੇਖਰੇਖ ਹੇਠ ਨਸ਼ਾ ਮੁਕਤੀ, ਵਾਤਾਵਰਨ ਸੰਭਾਲ, ਪੀਜੀਆਈ ਵਿਖੇ ਮਰੀਜ਼ਾਂ ਲਈ ਰੋਜ਼ਾਨਾ ਲੰਗਰ ਭੇਜਣਾ, ਪੀਜੀਆਈ ਚੰਡੀਗੜ੍ਹ ਲਈ ਮਰੀਜ਼ਾਂ ਨੂੰ ਲਿਜਾਣ ਵਾਸਤੇ ਮੁਫ਼ਤ ਬੱਸ ਸੇਵਾ, ਪੰਛੀਆਂ ਲਈ ਕੁਇੰਟਲਾਂ ਬੱਧੀ ਦਾਣਾ, ਪੰਛੀਆਂ ਲਈ ਮਿੱਟੀ ਦੇ ਕਟੋਰੇ ਟੰਗਵਾਉਣਾ, ਜੰਗਲੀ ਜੀਵਾਂ ਦੀ ਪਿਆਸ ਬੁਝਾਉਣ ਲਈ ਜੰਗਲੀ ਇਲਾਕੇ 'ਚੋਂ ਲੰਘਦੀਆਂ ਸੜਕਾਂ 'ਤੇ ਪਾਣੀ ਦੇ ਚੁਬੱਚੇ ਬਣਵਾਉਣਾ, ਹਰਿਦੁਆਰ ਆਸ਼ਰਮ ਵਿਖੇ ਹਜ਼ਾਰਾਂ ਸਾਧੂਆਂ ਨੂੰ ਦੋ ਵਕਤ ਭੋਜਨ ਮੁਹੱਈਆ ਕਰਵਾਉਣਾ, ਖ਼ੂਨਦਾਨ ਕੈਂਪ, ਮੈਡੀਕਲ ਕੈਂਪ, ਕੈਂਸਰ ਮੈਗਾ ਕੈਂਪ, ਆਯੁਰਵੇਦਿਕ ਤੇ ਹੋਮਿਓਪੈਥੀ ਕੈਂਪ ਲਗਾਇਆ, ਲਾਵਾਰਿਸ ਗਊਆਂ ਨੂੰ ਸੇਵਕਾਂ ਦੇ ਘਰ ਪਹੁੰਚਾਉਣਾ, ਲਵਾਰਿਸ ਜ਼ਖ਼ਮੀ ਗਊਆਂ ਦੇ ਇਲਾਜ ਦਾ ਪ੍ਰਬੰਧ ਕਰਨਾ ਆਦਿ ਅਣਗਿਣਤ ਸਮਾਜ ਭਲਾਈ ਦੇ ਕਾਰਜ ਹਨ, ਜੋ ਉਨ੍ਹ0ਾਂ ਵੱਲੋਂ ਨਿਰਵਿਘਨ ਜਾਰੀ ਰੱਖੇ ਜਾ ਰਹੇ ਹਨ।



# ਭਲੇ ਅਮਰਦਾਸ ਗੁਣ ਤੇਰੇ ਤੇਰੀ ਉਪਮਾ ਤੋਹਿ ਬਨਿ ਆਵੈ

**ਧਰਮਿੰਦਰ ਸਿੰਘ ਚੱਬਾ**



ਧੰਨ ਗੁਰੂ ਅਮਰਦਾਸ ਜੀ ਗੁਣਾਂ ਦੇ ਖ਼ਜ਼ਾਨੇ ਹਨ। ਸਤਿਗੁਰੂ ਦਾ ਦੂਜਾ ਵੱਡਾ ਗੁਣ ਹੁੰਦਾ ਹੈ ਕਿ ਉਹ ਆਪ ਸੱਚੇ-ਸੁੱਚੇ ਆਚਰਣ ਵਾਲਾ ਹੋਵੇ ਤੇ ਇਹ ਸੱਚ ਆਪਣੇ ਸਿੱਖ ਭਗਤਾਂ ਨੂੰ ਦ੍ਰਿੜ ਕਰਵਾਏ ਤਾਂ ਜੋ ਉਸ ਗੁਰੂ ਦੇ ਦਰਸ਼ਨਾਂ ਨਾਲ ਤਨ-ਮਨ ਸੀਤਲ ਹੋ ਜਾਣ। ਗੁਰੂ ਅਮਰਦਾਸ ਜੀ ਦੀ ਵਡਿਆਈ ਵਿਚ ਭਾਈ ਗੁਰਦਾਸ ਜੀ ਲਿਖਦੇ ਹਨ :

*ਦੇਵੀ ਦੇਵ ਦੁੜਾਇਅਨੁ ਜਿਉ ਮਿਰਗਾਵਲਿ ਦੇਖਿ ਬਘੇਲਾ॥*
*ਹੁਕਮਿ ਰਜਾਈ ਚਲਣਾ ਪਿਛੇ ਲਗੇ ਨਕਿ ਨਕੇਲਾ॥*
*ਗੁਰਮੁਖਿ ਸਚਾ ਅਮਰ ਸੁਹੇਲਾ॥*

ਭਾਵ, ਗੁਰੂ ਅਮਰਦਾਸ ਜੀ ਸੱਚੇ ਗੁਰੂ ਸਦਾ ਅਨੰਦ ਗੁਰਮੁਖ ਰੂਪ 'ਚ ਪ੍ਰਕਾਸ਼ ਰਹੇ ਹਨ। ਗੁਰੂ ਅਮਰਦਾਸ ਜੀ ਦੀ ਵਡਿਆਈ 'ਚ 'ਭੱਟ ਭਲ' ਜੀ ਵੀ ਇਹ ਕਹਿ ਕੇ ਸਤਿਕਾਰ ਦਿੰਦੇ ਹਨ :

*ਭਲੇ ਅਮਰਦਾਸ ਗੁਣ ਤੇਰੇ,*
*ਤੇਰੀ ਉਪਮਾ ਤੋਹਿ ਬਨਿ ਆਵੈ॥*

ਆਪ ਦਾ ਜਨਮ 5 ਮਈ 1479 ਈਸਵੀ ਨੂੰ ਪਿਤਾ ਭਾਈ ਤੇਜ ਭਾਨ ਜੀ ਤੇ ਮਾਤਾ ਸੁਲੱਖਣੀ ਜੀ ਦੇ ਘਰ ਪਿੰਡ ਬਾਸਰਕੇ ਗਿੱਲਾਂ, ਛੇਹਰਟਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਹੋਇਆ। ਗੁਰੂ ਅਮਰਦਾਸ ਜੀ ਗੁਰੂ ਨਾਨਕ ਦੇਵ ਜੀ ਤੋਂ ਉਮਰ 'ਚ ਦਸ ਸਾਲ ਛੋਟੇ ਸਨ ਤੇ ਗੁਰੂ ਅੰਗਦ ਦੇਵ ਜੀ ਤੋਂ 25 ਸਾਲ ਵੱਡੇ ਸਨ। ਆਪ ਭਾਈ ਅਮਰਦਾਸ ਜੀ, ਭਾਈ ਈਸ਼ਰਦਾਸ ਜੀ, ਭਾਈ ਬਾਬਾ ਖੇਮ ਰਾਇ ਜੀ ਤੇ ਭਾਈ ਮਾਣਕ ਚੰਦ ਜੀ, ਚਾਰ ਭਾਈ ਸਨ। ਆਪ ਸਭ ਤੋਂ ਵੱਡੇ ਸਨ। ਆਪ ਦੇ ਸਭ ਤੋਂ ਛੋਟੇ ਭਾਈ ਮਾਣਕ ਚੰਦ ਦੇ ਸਪੁੱਤਰ ਜਸੂ ਜੀ ਨਾਲ ਗੁਰੂ ਅੰਗਦ ਦੇਵ ਜੀ ਦੀ ਸਪੁੱਤਰੀ ਬੀਬੀ ਅਮਰੋ ਜੀ ਵਿਆਹੇ ਹੋਏ ਸਨ। 23 ਸਾਲ ਦੀ ਉਮਰ ਵਿਚ 1502 ਈਸਵੀ 'ਚ ਆਪ ਦਾ ਵਿਆਹ ਸਿਆਲਕੋਟ ਦੇ ਪਿੰਡ ਸਨਖਤ੍ਰਾ ਦੇ ਦੇਵੀ ਚੰਦ ਜੀ ਦੀ ਸਪੁੱਤਰੀ ਬੀਬੀ ਮਨਸਾ ਦੇਵੀ ਜੀ ਨਾਲ ਹੋਇਆ। ਮਾਤਾ ਮਨਸਾ ਦੇਵੀ ਜੀ ਨੇਕ ਤੇ ਧਾਰਮਿਕ ਵਿਚਾਰਾਂ ਵਾਲੇ ਸਨ। ਆਪ ਦੇ ਗ੍ਰਹਿ ਦੋ ਪੁੱਤਰੀਆਂ ਬੀਬੀ ਦਾਨੀ ਜੀ, ਬੀਬੀ ਭਾਨੀ ਜੀ ਤੇ ਦੋ ਸਪੁੱਤਰ ਬਾਬਾ ਮੋਹਨ ਜੀ ਅਤੇ ਬਾਬਾ ਮੋਹਰੀ ਜੀ ਨੇ ਜਨਮ ਲਿਆ। ਬੀਬੀ ਭਾਨੀ ਜੀ ਦਾ ਵਿਆਹ ਚੌਥੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਨਾਲ ਹੋਇਆ ਸੀ।

ਗੁਰੂ ਅਮਰਦਾਸ ਧਰਮ ਦੀ ਕਿਰਤ ਕਰਦਿਆਂ ਲਗਾਤਾਰ 20 ਸਾਲ 1541 ਤਕ ਹਰ ਛੇ ਮਹੀਨੇ ਬਾਅਦ ਤੀਰਥ ਅਸਥਾਨਾਂ ਤੇ ਦੇਵੀ ਦੇ ਦਰਸ਼ਨਾਂ ਨੂੰ ਜਾਇਆ ਕਰਦੇ ਸਨ। ਇਕ ਦਿਨ ਦੇਵੀ ਦਰਸ਼ਨਾਂ ਤੋਂ ਵਾਪਸ ਆਉਂਦਿਆਂ ਇਕ ਬ੍ਰਹਮਚਾਰੀ ਦੇ ਮੇਲ ਨੇ ਸਾਰੀ ਜ਼ਿੰਦਗੀ ਬਦਲ ਕੇ ਰੱਖ ਦਿੱਤੀ। ਇਸ ਘਟਨਾ ਦਾ ਆਪ ਦੇ ਜੀਵਨ 'ਤੇ ਬੜਾ ਗਹਿਰਾ ਪ੍ਰਭਾਵ ਪਿਆ, ਜਿਸ ਨਾਲ ਗੁਰੂ ਧਾਰਨ ਦੀ ਇੱਛਾ ਪ੍ਰਬਲ ਹੋਈ। ਉਹ ਰਾਤ ਬੜੀ ਬੇਚੈਨੀ ਵਿਚ ਲੰਘੀ। ਅੰਮ੍ਰਿਤ ਵੇਲੇ ਆਪ ਜੀ ਦੀ ਨੂੰਹ ਬੀਬੀ ਅਮਰੋ ਜੀ ਦੇ ਕੋਲੋਂ ਗੁਰੂ ਨਾਨਕ ਪਾਤਸ਼ਾਹ ਦਾ ਮਾਰੂ ਰਾਗ ਵਿਚ ਉਚਾਰਣ ਕੀਤਾ ਹੋਇਆ ਸ਼ਬਦ

*ਕਰਣੀ ਕਾਗਦੁ ਮਨੁ ਮਸਵਾਣੀ ਬੁਰਾ ਭਲਾ ਦੁਇ ਲੇਖ ਪਏ॥*
*ਜਿਉ ਜਿਉ ਕਿਰਤੁ ਚਲਾਏ ਤਿਉ ਚਲੀਐ ਤਉ ਗੁਣ ਨਾਹੀ ਅੰਤੁ ਹਰੇ॥*
*ਚਿਤ ਚੇਤਸਿ ਕੀ ਨਹੀ ਬਾਵਰਿਆ॥*
*ਹਰਿ ਬਿਸਰਤ ਤੇਰੇ ਗੁਣ ਗਲਿਆ॥*

ਸੁਣ ਕੇ ਤਪਦੇ ਹਿਰਦੇ ਨੂੰ ਸ਼ਾਂਤੀ ਮਿਲੀ ਤੇ ਗੁਰੂ ਦਰਸ਼ਨਾਂ ਦੀ ਤਾਂਘ ਪੈਦਾ ਹੋਈ। ਜਦ ਆਪ ਨੇ ਬੀਬੀ ਅਮਰੋ ਜੀ ਦੇ ਨਾਲ ਆ ਕੇ ਖਡੂਰ ਸਾਹਿਬ ਵਿਖੇ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਦਰਸ਼ਨ ਕੀਤੇ ਤਾਂ ਸਦਾ ਲਈ ਗੁਰੂ ਘਰ ਦੇ ਹੋ ਕੇ ਰਹਿ ਗਏ। ਗੁਰੂ ਅੰਗਦ ਦੇਵ ਜੀ ਲਈ ਅੰਮ੍ਰਿਤ ਵੇਲੇ ਜਲ ਦੀ ਗਾਗਰ ਲਿਆ ਕੇ ਇਸ਼ਨਾਨ ਕਰਵਾਉਣਾ ਤੇ ਲੰਗਰ ਦੀ ਸੇਵਾ ਕਰਨੀ ਆਪ ਦਾ ਨਿਤਨੇਮ ਬਣ ਚੁੱਕਾ ਸੀ। ਜਦ ਆਪ ਜੀ ਦਾ ਮਿਲਾਪ ਗੁਰੂ ਜੀ ਨਾਲ ਹੋਇਆ ਤਾਂ ਆਪ ਦੀ ਉਮਰ 61 ਸਾਲਾਂ ਦੀ ਸੀ। ਆਪ ਨੇ ਲਗਾਤਾਰ 11 ਸਾਲ ਗੁਰੂ ਘਰ ਦੀ ਸੇਵਾ ਪੂਰਨ ਨਿਸ਼ਠਾ ਨਾਲ ਨਿਭਾਈ। ਜੁਲਾਹੀ ਵੱਲੋਂ ਅਮਰੂ ਨਿਥਾਵਾਂ ਕਹਿਣ 'ਤੇ ਆਪ ਨੂੰ ਗੁਰ ਅੰਗਦ ਦੇਵ ਜੀ ਨੇ ਬਾਰਾਂ ਵਰ ਦਿੱਤੇ ਕਿਹਾ, ਨਿਥਾਵਿਆਂ ਦਾ ਥਾਂਵ, ਨਿਮਾਣਿਆਂ ਦਾ ਮਾਣ, ਨਿਤਾਣਿਆ ਦਾ ਤਾਣ, ਨਿਓਟਿਆਂ ਦੀ ਓਟ, ਨਿਆਸਰਿਆਂ ਦਾ ਆਸਰਾ, ਨਿਪੱਤਿਆਂ ਦੀ ਪੱਤ, ਨਿਗੱਤਿਆਂ ਦੀ ਗੱਤ, ਨਿਧਿਰਿਆਂ ਦੀ ਧਿਰ, ਨਿਲੱਜਿਆਂ ਦੀ ਲੱਜ, ਗਈ ਬਹੋੜ ਬੰਦੀ ਛੋੜ, ਭੰਨਣ ਘੜਣ ਸਮਰੱਥ, ਜਗ ਜੀਵਕਾ ਸਭ ਹੱਥ ਆਖ ਕੇ ਆਪ ਦੀ ਵਡਿਆਈ ਕੀਤੀ ਤੇ 1552 ਨੂੰ ਆਪ ਨੂੰ ਗੁਰਗੱਦੀ ਦੀ ਬਖ਼ਸ਼ਿਸ਼ ਕੀਤੀ। ਉਸ ਸਮੇਂ ਆਪ ਦੀ ਉਮਰ 73 ਵਰ੍ਹੇ ਹੋ ਚੁੱਕੀ ਸੀ। ਭਾਈ ਗੁਰਦਾਸ ਜੀ ਦੂਜੇ ਲਿਖਦੇ ਹਨ :

*ਤੀਸਰ ਮਹਲ ਅਮਰ ਪਰਧਾਨਾ।*
*ਜਿਨ ਘਟ ਮਹਿ ਨਿਰਖੇ ਹਰਿ ਭਗਵਾਨਾ।*
*ਜਲ ਭਰਿਉ ਸਤਿਗੁਰੂ ਕੇ ਦੁਆਰੇ।*
*ਤਬ ਇਹ ਪਾਇਉ ਮਹਲ ਅਪਾਰੇ।*

ਆਪ ਨੇ ਗੋਇੰਦਵਾਲ ਨਗਰ ਵਸਾ ਕੇ ਇਸ ਨੂੰ ਸਿੱਖੀ ਦਾ ਧੁਰਾ ਆਖਿਆ ਤੇ ਗੋਇੰਦਵਾਲ ਸਿੱਖੀ ਦੇ ਪ੍ਰਚਾਰ ਦਾ ਮੁੱਖ ਕੇਂਦਰ ਬਣਿਆ। ਆਪ ਨੇ ਸਿੱਖੀ ਦੇ ਪ੍ਰਚਾਰ ਲਈ 22 ਕੇਂਦਰ ਨਿਯੁਕਤ ਕੀਤੇ, ਜਿੰਨ੍ਹਾਂ ਨੂੰ ਮੰਜੀਆਂ ਆਖਿਆ ਜਾਂਦਾ ਹੈ। ਅੱਗੇ ਸਬ ਕੇਂਦਰ ਬਣਾਏ, ਜਿੰਨ੍ਹਾਂ ਨੂੰ ਪੀੜ੍ਹੀਆਂ ਦਾ ਨਾਂ ਦਿੱਤਾ ਗਿਆ। ਉੱਚੇ-ਸੁੱਚੇ ਤੇ ਸੱਚੇ ਕਿਰਦਾਰ ਵਾਲੇ ਸਿੱਖਾਂ ਨੂੰ ਸੇਵਾਦਾਰ ਥਾਪਿਆ ਗਿਆ। ਆਪ ਨੇ ਗ਼ਰੀਬ, ਮਜ਼ਲੂਮ ਤੇ ਦੱਬੇ ਕੁਚਲੇ ਲੋਕਾਂ ਨੂੰ ਮਾਣ-ਸਨਮਾਨ ਬਖ਼ਸ਼ਿਆ ਤੇ ਸੀਨੇ ਨਾਲ ਲਾਇਆ। ਲੰਗਰ ਦੀ ਮਰਿਆਦਾ ਵੱਲ ਆਪ ਨੇ ਵਿਸ਼ੇਸ਼ ਧਿਆਨ ਦਿੱਤਾ। ਗੁਰੂ ਦਰਸ਼ਨਾਂ ਲਈ ਆਈਆਂ ਸੰਗਤਾਂ ਲਈ ਪਹਿਲਾਂ ਲੰਗਰ ਛਕਣਾ ਆਪ ਨੇ ਜਰੂਰੀ ਬਣਾ ਦਿੱਤਾ - 'ਪਹਿਲੇ ਪੰਗਤ ਪਾਛੈ ਸੰਗਤ।' ਅਕਬਰ ਬਾਦਸ਼ਾਹ ਨੇ ਵੀ ਪੰਗਤ ਵਿਚ ਬੈਠ ਕੇ ਲੰਗਰ ਛਕਿਆ ਸੀ।

ਗੁਰੂ ਸਾਹਿਬ ਨੇ ਊਚ-ਨੀਚ, ਜਾਤ-ਪਾਤ ਨੂੰ ਖ਼ਤਮ ਕੀਤਾ। ਉਸ ਸਮੇਂ ਦੌਰਾਨ ਔਰਤ ਦੀ ਬਹੁਤ ਦੁਰਦਸ਼ਾ ਹੋ ਰਹੀ ਸੀ। ਔਰਤ ਨੂੰ ਮਰਦ ਪ੍ਰਧਾਨ ਸਮਾਜ ਆਪਣੇ ਬਰਾਬਰ ਦਾ ਹੱਕ ਦੇਣ ਲਈ ਤਿਆਰ ਨਹੀਂ ਸੀ। ਗੁਰੂ ਸਾਹਿਬ ਨੇ ਸਦੀਆਂ ਤੋਂ ਚੱਲੀ ਆ ਰਹੀ ਸਤੀ ਪ੍ਰਥਾ ਦਾ ਅੰਤ ਕੀਤਾ, ਜਿਸ ਵਿਚ ਪਤਨੀ ਨੂੰ ਪਤੀ ਦੀ ਮੌਤ 'ਤੇ ਚਿਤਾ ਵਿਚ ਜ਼ਿੰਦਾ ਸਾੜ ਦਿੱਤਾ ਜਾਂਦਾ ਸੀ। ਜਿਹੜੀਆਂ ਇਸਤਰੀਆਂ ਨਾਂਹ ਕਰਦੀਆਂ ਸਨ, ਉਨ੍ਹਾਂ ਨੂੰ ਜ਼ਬਰਦਸਤੀ ਚਿਤਾ ਵਿਚ ਸੜਨ ਲਈ ਮਜਬੂਰ ਕੀਤਾ ਜਾਂਦਾ ਸੀ।

ਆਪ ਨੇ ਸਦੀਆਂ ਤੋਂ ਲਿਤਾੜੇ ਹੋਏ ਮਜ਼ਲੂਮ, ਅਨਪੜ੍ਹ ਤੇ ਗ਼ਰੀਬ ਲੋਕਾਂ ਨੂੰ ਭਰਮ-ਭੁਲੇਖੇ ਤੇ ਵਹਿਮਾਂ-ਭਰਮਾਂ ਵਿੱਚੋਂ ਬਾਹਰ ਕੱਢਿਆ ਤੇ ਉਸ ਅਕਾਲ ਪੁਰਖ ਦੇ ਚਰਨਾਂ ਨਾਲ ਜੁੜਨ ਦਾ ਰਾਹ ਦੱਸਿਆ। ਆਪ ਨੇ ਸਮਾਜ ਵਿਚ ਮਨੁੱਖੀ ਸਮਾਨਤਾ ਨੂੰ ਪਹਿਲ ਦਿੱਤੀ, ਇਸਤਰੀ ਨੂੰ ਮਰਦ ਦੇ ਬਰਾਬਰ ਸਮਾਨਤਾ ਦਿੱਤੀ, ਪਰਦੇ ਜਾਂ ਘੁੰਡ ਕੱਢਣ ਦਾ ਰਿਵਾਜ ਹਟਾਇਆ, ਕੁੜੀ-ਮਾਰਾਂ ਦਾ ਵਿਰੋਧ ਕੀਤਾ, ਵਿਧਵਾ ਵਿਆਹ ਤੇ ਅੰਤਰ-ਸ਼੍ਰੇਣੀ ਵਿਆਹ ਨੂੰ ਇਜਾਜ਼ਤ ਦਿੱਤੀ, ਵਿਆਹ ਤੇ ਦਾਨ ਦਾ ਵਿਰੋਧ ਕੀਤਾ, ਨਸ਼ਿਆ ਦਾ ਵਿਰੋਧ ਕੀਤਾ, ਲੋਕਾਈ ਨੂੰ ਭਰਮ-ਭੁਲੇਖਿਆਂ 'ਚੋਂ ਕੱਢਿਆ, ਮ੍ਰਿਤਕ ਕੁਰੀਤੀਆਂ ਰੋਣ-ਪਿੱਟਣ ਤੋਂ ਵਰਜਿਆ, ਮਰਨ ਸਮੇਂ ਦੀਵਾ ਜਗਾਉਣਾ, ਪਿੰਡ ਪੱਤਲ, ਮਰੇ ਨੂੰ ਸਜਾਉਣਾ, ਘੜਾ ਭੰਨਣਾ, ਅਸਥੀਆਂ ਪ੍ਰਵਾਹ ਕਰਨੀਆਂ, ਭੂਤਾਂ-ਪ੍ਰੇਤਾਂ ਤੇ ਕਿਰਿਆਂ ਕਰਨ ਵਰਗੇ ਵਹਿਮਾਂ ਭਰਮਾਂ ਤੋਂ ਵਰਜਿਆ। ਗੁਰੂ ਜੀ ਨੇ ਮਨੁੱਖ ਦੇ ਅੰਤ ਵੇਲੇ ਸਿਰਫ਼ ਕੀਰਤਨ ਕਰਨ ਨੂੰ ਪਹਿਲ ਦਿੱਤੀ। ਉਸ ਪ੍ਰਭੂ ਪਰਮਾਤਮਾ ਨਾਲ ਮੇਲ-ਮਿਲਾਪ ਦਾ ਰਾਹ ਸੱਚੀ ਬਾਣੀ ਪੜ੍ਹਨੀ ਦੱਸਿਆ। ਨਾਮ ਜਪਣਾ ਦੱਸਿਆ। ਦਸਾਂ ਨਹੁੰਆਂ ਦੀ ਕਿਰਤ ਕਰਨੀ ਦੱਸੀ। ਲੋੜਵੰਦਾਂ ਦੀ ਮਦਦ ਕਰਨੀ ਦੱਸੀ, ਜੋ ਸਾਰੀ ਸੰਗਤ ਨੇ ਪ੍ਰਵਾਨ ਕੀਤਾ। ਭਾਈ ਗੁਰਦਾਸ ਜੀ ਆਪ ਦੇ ਭਤੀਜੇ ਤੇ ਭਾਈ ਈਸ਼ਰਦਾਸ ਜੀ ਦੇ ਬੇਟੇ ਸਨ। ਭਾਈ ਗੁਰਦਾਸ ਜੀ ਵਾਰ ਪਹਿਲੀ ਦੀ 46ਵੀਂ ਪਉੜੀ ਵਿਚ ਲਿਖਦੇ ਹਨ :

*ਲਹਣੇ ਪਾਈ ਨਾਨਕੋ ਦੇਣੀ ਅਮਰਦਾਸਿ ਘਰਿ ਆਈ।*
*ਗੁਰੂ ਬੈਠਾ ਅਮਰ ਸਰੂਪ ਹੋਇ ਗੁਰਮੁਖਿ ਪਾਈ ਦਾਤ ਇਲਾਹੀ।*
*ਫੇਰਿ ਵਸਾਇਆ ਗੋਇੰਦਵਾਲ, ਅਚਰਜੁ ਖੇਲੁ ਨ ਲਖਿਆ ਜਾਇ।*
*ਦਾਤਿ ਜੋਤਿ ਖਸਮੈ ਵਡਿਆਈ।*

ਭਾਈ ਗੁਰਦਾਸ ਜੀ ਇਸ ਸ਼ਬਦ ਵਿਚ ਦੱਸਦੇ ਹਨ ਕਿ ਗੋਇੰਦਵਾਲ ਵਿਖੇ ਅਚਰਜ ਖੇਲ ਹੋ ਰਹਿਆ ਹੈ, ਜੋ ਬਿਆਨ ਨਹੀਂ ਕੀਤਾ ਜਾ ਸਕਦਾ। ਸ੍ਰੀ ਗੁਰੂ ਅਮਰਦਾਸ ਜੀ ਦੀ ਸਾਹਿਤ ਨੂੰ ਵੀ ਵਡਮੁੱਲੀ ਦੇਣ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਆਪ ਜੀ ਦੀ ਬਾਣੀ ਸਿਰੀ, ਮਾਝ, ਗਉੜੀ, ਆਸਾ, ਗੁਜਰੀ, ਵਡਹੰਸ, ਸੋਰਿਠ, ਧਨਾਸਰੀ, ਸੂਹੀ, ਬਿਲਾਵਲ, ਰਾਮਕਲੀ, ਮਾਰੂ, ਭੈਰਉ, ਬਸੰਤ, ਸਾਰੰਗ, ਮਲਾਰ ਤੇ ਪ੍ਰਭਾਤੀ 17 ਰਾਗਾਂ ਵਿੱਚ 907 ਸ਼ਬਦ ਹਨ (ਮਹਾਨ ਕੋਸ਼ ਅਨੁਸਾਰ ਸ਼ਬਦਾਂ ਦੀ ਗਿਣਤੀ 869 ਹੈ।

'ਅਨੰਦ ਸਾਹਿਬ' ਆਪ ਦੀ ਮਹਾਨ ਰਚਨਾ ਹੈ। ਇਸ ਬਾਣੀ ਦਾ ਹਰ ਅਵਸਰ ਜਾਂ ਸਮਾਗਮ 'ਤੇ ਪਾਠ ਹੁੰਦਾ ਹੈ। 40 ਪਉੜੀਆਂ ਦੀ ਇਹ ਬਾਣੀ ਸ੍ਰੀ ਗੁਰੂ ਅਮਰਦਾਸ ਜੀ ਨੇ ਆਪਣੇ ਪੋਤਰੇ ਅਨੰਦ ਦੇ ਜਨਮ ਸਮੇਂ 1554 ਵਿਚ ਉਚਾਰਣ ਕੀਤੀ ਸੀ। ਆਪ ਨੇ 'ਸਤਿਗੁਰੂ ਬਿਨਾਂ ਹੋਰ ਕੱਚੀ ਹੈ ਬਾਣੀ' ਦੀ ਚਿਤਾਵਨੀ ਦੇ ਕੇ ਸੰਗਤਾਂ ਨੂੰ ਸੱਚੀ ਬਾਣੀ ਨਾਲ ਜੋੜਿਆ। ਗੋਇੰਦਵਾਲ ਸਾਹਿਬ ਵਿਚ 84 ਪਉੜੀਆਂ ਵਾਲੀ ਬਾਉਲੀ ਆਪ ਦੀ ਉੱਤਮ ਦੇਣ ਹੈ। ਜ਼ਿਆਦਾ ਸਮਾਂ ਆਪ ਮਾਝੇ ਵਿਚ ਹੀ ਰਹੇ। ਆਪ ਨੇ ਗੁਮਟਾਲਾ, ਤੁੰਗ, ਸੁਲਤਾਨਵਿੰਡ ਤੇ ਗਿਲਵਾਲੀ ਆਦਿ ਪਿੰਡਾਂ ਲਾਗੇ 1570 ਨੂੰ ਅੰਮ੍ਰਿਤਸਰ ਵਸਾਉਣ ਲਈ ਮੋਹੜੇ ਗਡਵਾਏ ਤੇ ਉਸ ਅਸਥਾਨ ਦਾ ਨਾਂ ਚੱਕ-ਗੁਰੂ ਰੱਖਿਆ, ਜਿਸ ਦਾ ਕੰਮ ਗੁਰੂ ਰਾਮਦਾਸ ਜੀ ਨੇ ਆਪਣੀ ਨਿਗਰਾਨੀ ਹੇਠ ਕਰਵਾਇਆ। ਮਹਾਨ ਕੋਸ਼ ਅਨੁਸਾਰ ਆਪ 95 ਵਰ੍ਹੇ 3 ਮਹੀਨੇ ਤੇ 27 ਦਿਨ ਦੀ ਆਯੂ ਵਿੱਚੋਂ 22 ਸਾਲ 5 ਮਹੀਨੇ ਗੁਰਗੱਦੀ 'ਤੇ ਬਿਰਾਜਮਾਨ ਰਹੇ। ਆਪ 1 ਸਤੰਬਰ 1574 ਨੂੰ ਗੁਰਗੱਦੀ ਸ੍ਰੀ ਗੁਰੂ ਰਾਮਦਾਸ ਜੀ ਨੂੰ ਸੌਂਪ ਕੇ ਗੋਇੰਦਵਾਲ ਸਾਹਿਬ ਵਿਖੇ ਜੋਤੀ ਜੋਤ ਸਮਾ ਗਏ। •

# ਧੰਨੁ ਧੰਨੁ ਰਾਮਦਾਸ ਗੁਰੁ

**ਰਮੇਸ਼ ਬੱਗਾ ਚੋਹਲਾ**

ਸਿੱਖ ਧਰਮ ਵਿਚ ਗੁਰਿਆਈ ਇਕ ਅਧਿਆਤਮਿਕ ਉੱਚਤਾ ਤੇ ਵਿਹਾਰਕ ਸੁੱਚਤਾ ਦਾ ਨਾਂ ਹੈ। ਸੇਵਾ, ਸਿਮਰਨ, ਪਰਉਪਕਾਰ ਤੇ ਹੁਕਮ ਅਨੁਸਾਰੀ ਬਿਰਤੀ ਗੁਰਿਆਈ ਤਕ ਦੇ ਸਫ਼ਰ ਨੂੰ ਸੁਖਾਲਾ ਬਣਾਉਂਦੀ ਰਹੀ ਹੈ। ਗੁਰੂ ਨਾਨਕ ਦੇਵ ਜੀ ਦੇ ਸਮੇਂ ਤੋਂ ਗੁਰਿਆਈ ਦੀ ਬਖ਼ਸ਼ਿਸ਼ ਲਈ ਸੇਵਾ-ਭਾਵਨਾ ਤੇ ਹਉਮੈ ਰਹਿਤ ਵਿਹਾਰ ਨੂੰ ਤਰਜ਼ੀਹ ਦਿੱਤੀ ਗਈ ਹੈ। ਬਾਕੀ ਦੇ ਗੁਰੂ ਸਾਹਿਬਾਨ ਵੱਲੋਂ ਵੀ ਆਪੋ ਆਪਣੇ ਸਮੇਂ ਵਿਚ ਇਸ ਤਰਜ਼ੀਹ ਨੂੰ ਕਾਇਮ ਰੱਖਿਆ ਗਿਆ। *'ਤਖਤਿ ਬਹੈ ਤਖਤੈ ਕੀ ਲਾਇਕ'* ਦੀ ਧਾਰਨਾ ਮੁਤਾਬਕ ਗੁਰੂ ਨਾਨਕ ਦਰਬਾਰ ਦਾ ਵਾਰਿਸ ਹਮੇਸ਼ਾ ਉਸ ਨੂੰ ਬਣਾਇਆ ਜਾਂਦਾ ਰਿਹਾ ਹੈ ਜਿਹੜਾ ਇਸ ਵਿਰਾਸਤ ਲਈ ਵਿਸ਼ੇਸ਼, ਵਿਲੱਖਣ ਤੇ ਸਰਵਪ੍ਰਵਾਣਿਤ ਯੋਗਤਾ ਰੱਖਦਾ ਰਿਹਾ ਹੈ। ਇਸ ਤਰ੍ਹਾਂ ਦੀ ਹੀ ਯੋਗਤਾ ਤੀਸਰੇ ਨਾਨਕ ਸ੍ਰੀ ਗੁਰੂ ਅਮਰਦਾਸ ਜੀ ਨੂੰ ਭਾਈ ਜੇਠਾ ਜੀ ਵਿਚ ਦਿਖਾਈ ਦਿੱਤੀ, ਜਿਸ ਕਾਰਨ ਉਨ੍ਹਾਂ ਨੇ ਭਾਈ ਜੇਠਾ ਜੀ ਨੂੰ ਭਾਦੋਂ ਸੁਦੀ 15, ਮੁਤਾਬਕ 1 ਸਤੰਬਰ 1574 ਨੂੰ ਗੁਰਿਆਈ ਬਖ਼ਸ਼ਿਸ਼ ਕਰ ਕੇ ਸੋਢੀ ਪਾਤਸ਼ਾਹ ਗੁਰੂ ਰਾਮਦਾਸ ਬਣਾ ਦਿੱਤਾ ਸੀ।

ਸ੍ਰੀ ਗੁਰੂ ਰਾਮਦਾਸ ਜੀ ਦਾ ਬਚਪਨ ਦਾ ਨਾਂ ਭਾਈ ਜੇਠਾ ਸੀ। ਉਨ੍ਹਾਂ ਦਾ ਜਨਮ 24 ਸਤੰਬਰ 1534 ਨੂੰ ਚੂਨਾ ਮੰਡੀ ਲਾਹੌਰ ਦੇ ਵਸਨੀਕ ਭਾਈ ਹਰਿਦਾਸ ਜੀ ਤੇ ਮਾਤਾ ਦਇਆ ਕੌਰ ਜੀ ਦੇ ਘਰ ਹੋਇਆ। ਪਲੇਠਾ ਪੁੱਤਰ ਹੋਣ ਕਰਕੇ ਉਨ੍ਹਾਂ ਦਾ ਨਾਂ ਭਾਈ ਜੇਠਾ ਜੀ ਹੋ ਗਿਆ। ਭਾਈ ਜੇਠਾ ਜੀ ਅਜੇ ਬਚਪਨ ਦੀ ਦਹਿਲੀਜ਼ 'ਤੇ ਹੀ ਵਿਚਰ ਰਹੇ ਸਨ ਕਿ ਪਹਿਲਾਂ ਮਾਤਾ ਜੀ ਤੇ ਫਿਰ ਪਿਤਾ ਜੀ ਦੁਨੀਆ ਤੋਂ ਕੂਚ ਕਰ ਗਏ। ਆਪ ਜੀ ਦੀ ਨਾਨੀ ਆਪ ਨੂੰ ਪਿੰਡ ਬਾਸਰਕੇ ਲੈ ਆਈ। ਭਾਈ ਜੇਠਾ ਜੀ ਆਪਣੇ ਨਾਨਕੇ ਘਰ ਰਹਿ ਕੇ ਘੁੰਙਣੀਆਂ ਵੇਚਣ ਦੀ ਕਾਰ ਕਰਿਆ ਕਰਦੇ ਸਨ ਤੇ ਇਨ੍ਹਾਂ ਦੀ ਵੱਟਕ ਨਾਲ ਗੁਜ਼ਾਰਾ ਕਰਦੇ ਸਨ। ਸ੍ਰੀ (ਗੁਰੂ) ਅਮਰਦਾਸ ਜੀ ਜਦੋਂ ਖਡੂਰ ਸਾਹਿਬ ਤੋਂ ਬਾਸਰਕੇ ਆਉਂਦੇ ਤਾਂ ਉਹ ਭਾਈ ਜੇਠਾ ਜੀ ਨੂੰ ਜ਼ਰੂਰ ਮਿਲਦੇ।

ਜਦੋਂ ਗੋਂਦੇ ਖੱਤਰੀ ਦੀ ਬੇਨਤੀ 'ਤੇ ਗੁਰੂ ਅਮਰਦਾਸ ਜੀ ਨੇ ਦਰਿਆ ਬਿਆਸ ਦੇ ਕਿਨਾਰੇ ਗੋਇੰਦਵਾਲ ਸਾਹਿਬ ਨਗਰ ਵਸਾਇਆ ਤਾਂ ਉਨ੍ਹਾਂ ਦੇ ਕਈ ਰਿਸ਼ਤੇਦਾਰ ਤੇ ਸਨੇਹੀ ਵੀ ਗੋਇੰਦਵਾਲ ਸਾਹਿਬ ਆ ਗਏ। ਗੁਰੂ ਦਰਸ਼ਨਾਂ ਦੀ ਤਾਂਘ ਭਾਈ ਜੇਠਾ ਜੀ ਨੂੰ ਵੀ ਇਥੇ ਲੈ ਆਈ। ਉਸ ਵਕਤ ਉਨ੍ਹਾਂ ਦੀ ਆਯੂ ਕਰੀਬ 12 ਸਾਲ ਸੀ। ਅਵਸਥਾ ਭਾਵੇਂ ਬਾਲਪਨ ਵਾਲੀ ਸੀ ਪਰ ਸ੍ਰੀ ਗੁਰੂ ਅਮਰਦਾਸ ਜੀ ਦੇ ਪ੍ਰਭਾਵ ਸਦਕਾ ਸ੍ਰੀ ਗੁਰੂ ਨਾਨਕ ਸਾਹਿਬ ਦੇ ਦਰਬਾਰ ਦੀ ਰੰਗਤ ਭਾਈ ਜੇਠਾ ਜੀ 'ਤੇ ਖ਼ੂਬ ਚੜ੍ਹਨ ਲੱਗੀ। ਗੁਰੂ ਅਮਰਦਾਸ ਜੀ ਨੇ ਭਾਈ ਜੇਠਾ ਜੀ ਨੂੰ 10-12 ਸਾਲ ਆਪਣੀ ਨਿਗਰਾਨੀ 'ਚ ਰੱਖਿਆ ਤੇ ਉਨ੍ਹਾਂ ਸਾਰੇ ਗੁਣਾਂ ਨੂੰ ਵਾਚਿਆ ਜੋ ਕਿਸੇ ਉਚੇਚੀ ਜ਼ਿੰਮੇਵਾਰੀ ਲਈ ਜ਼ਰੂਰੀ ਹੁੰਦੇ ਹਨ। ਗੁਰੂ ਸਾਹਿਬ ਨੇ ਇਨ੍ਹਾਂ ਗੁਣਾਂ ਦੀ ਕਦਰ ਕਰਦਿਆਂ 22 ਫੱਗਣ ਸੰਮਤ 1610 ਨੂੰ ਆਪਣੀ ਲਾਡਲੀ ਸਪੁੱਤਰੀ ਬੀਬੀ ਭਾਨੀ ਜੀ ਦਾ ਵਿਆਹ ਭਾਈ ਜੇਠਾ ਜੀ ਨਾਲ ਕਰ ਦਿੱਤਾ।



1557 ਵਿਚ ਜਦੋਂ ਗੁਰੂ ਅਮਰਦਾਸ ਜੀ ਨੇ ਸਮਾਜਿਕ ਬਰਾਬਰੀ ਨੂੰ ਲਾਗੂ ਕਰਨ ਲਈ ਸਮਾਜ ਵਿੱਚੋਂ ਛੂਤ-ਛਾਤ ਖ਼ਤਮ ਕਰਨ ਦਾ ਬੀੜਾ ਚੁੱਕਿਆ ਤਾਂ ਗੁਰੂ-ਘਰ ਦੇ ਦੋਖੀਆਂ ਕੋਲੋਂ ਇਹ ਗੱਲ ਬਰਦਾਸ਼ਤ ਨਾ ਹੋਈ। ਕਿਸੇ ਨੇ ਅਕਬਰ ਬਾਦਸ਼ਾਹ ਕੋਲ ਜਾ ਕੇ ਗੁਰੂ ਦਰਬਾਰ ਦੇ ਖ਼ਿਲਾਫ਼ ਕੰਨ ਭਰੇ। ਆਪਣੀ ਤਸੱਲੀ ਲਈ ਬਾਦਸ਼ਾਹ ਨੇ ਗੁਰੂ ਦਰਬਾਰ ਵੱਲ ਸੱਦਾ-ਪੱਤਰ ਭੇਜਿਆ। ਬਿਰਧ ਹੋਣ ਕਰਕੇ ਤੀਸਰੇ ਪਾਤਸ਼ਾਹ ਨੇ ਗੁਰੂ-ਘਰ ਦੀ ਵਕਾਲਤ ਲਈ ਭਾਈ ਜੇਠਾ ਜੀ ਨੂੰ ਇਹ ਜ਼ਿੰਮੇਵਾਰੀ ਦਿੱਤੀ। ਭਾਈ ਜੇਠਾ ਜੀ ਨੇ ਸਿੱਖੀ ਦੇ ਸਿਧਾਂਤਾਂ ਦੀ ਇੰਨੇ ਸੁਚੱਜੇ ਢੰਗ ਨਾਲ ਵਿਆਖਿਆ ਕੀਤੀ ਤੇ ਅਕਬਰ ਦੇ ਭਰਮ-ਭੁਲੇਖੇ ਦੂਰ ਕੀਤੇ।

ਸ੍ਰੀ ਗੋਇੰਦਵਾਲ ਸਾਹਿਬ ਵਿਖੇ ਬਾਉਲੀ ਸਾਹਿਬ ਦੇ ਨਿਰਮਾਣ ਸਮੇਂ ਭਾਈ ਜੇਠਾ ਜੀ ਇਕ ਨਿਮਾਣੇ ਸਿੱਖ ਵਾਂਗ ਸਿਰ 'ਤੇ ਟੋਕਰੀ ਢੋਅ ਕੇ ਸੇਵਾ ਕਰਿਆ ਕਰਦੇ ਸਨ। ਇਕ ਦਿਨ ਜਦੋਂ ਉਹ ਤਨ-ਮਨ ਨਾਲ ਸੇਵਾ ਵਿਚ ਲੀਨ ਸਨ ਤਾਂ ਲਾਹੌਰ ਤੋਂ ਉਨ੍ਹਾਂ ਦੇ ਸ਼ਰੀਕੇ-ਭਾਈਚਾਰੇ ਦੇ ਕੁਝ ਲੋਕ ਤੀਰਥ ਅਸਥਾਨਾਂ ਦੇ ਦਰਸ਼ਨਾਂ ਲਈ ਜਾਂਦੇ ਹੋਏ ਸ੍ਰੀ ਗੋਇੰਦਵਾਲ ਵਿਖੇ ਆ ਗਏ। ਜਦੋਂ ਉਨ੍ਹਾਂ ਨੇ ਤੱਕਿਆ ਕਿ ਭਾਈ ਜੇਠਾ ਜੀ ਮਜ਼ਦੂਰਾਂ ਵਾਂਗੂ ਸਿਰ 'ਤੇ ਟੋਕਰੀ ਚੁੱਕੀ ਜਾ ਰਹੇ ਹਨ ਤਾਂ ਉਹ ਕ੍ਰੋਧਿਤ ਹੋ ਉੱਠੇ ਤੇ ਸ਼ਿਸ਼ਟਾਚਾਰ ਦਾ ਪੱਲਾ ਛੱਡ ਬੈਠੇ। ਉਹ ਭਰੇ-ਪੀਤੇ ਗੁਰੂ ਅਮਰਦਾਸ ਜੀ ਨੂੰ ਕਹਿਣ ਲੱਗੇ, 'ਸਾਡੇ ਭਰਾ ਜੇਠੇ ਕੋਲੋਂ ਮਜ਼ਦੂਰੀ ਕਰਵਾ ਕੇ ਤੁਸੀਂ ਸਾਡੇ ਮਾਣ-ਸਤਿਕਾਰ ਨੂੰ ਢਾਹ ਲਾਈ ਹੈ। ਤੁਹਾਡੇ ਇਸ ਵਤੀਰੇ ਨਾਲ ਸਾਨੂੰ ਬੜੀ ਨਮੋਸ਼ੀ ਹੋਈ ਹੈ।'

ਸ਼ਰੀਕੇ-ਭਾਈਚਾਰੇ ਦੀਆਂ ਖਰ੍ਹਵੀਆਂ ਗੱਲਾਂ ਕਾਰਨ ਭਾਈ ਜੇਠਾ ਜੀ ਨੇ ਗੁਰੂ ਅਮਰਦਾਸ ਪਾਤਸ਼ਾਹ ਕੋਲੋਂ ਹੱਥ ਜੋੜ ਕੇ ਮਾਫ਼ੀ ਮੰਗੀ ਤੇ ਕਹਿਣ ਲੱਗੇ, 'ਸੱਚੇ ਪਾਤਸ਼ਾਹ ਇਹ ਅਣਜਾਣ ਹਨ, ਇਨ੍ਹਾਂ ਦੀਆਂ ਕੌੜੀਆਂ-ਕੁਸੈਲੀਆਂ ਤੇ ਮਨ ਦੀ ਮੈਲੀਆਂ ਗੱਲਾਂ ਨੂੰ ਲੇਖੇ ਵਿਚ ਨਾ ਲਿਆਉਣਾ।' ਇਸ ਤਰ੍ਹਾਂ ਉਨ੍ਹਾਂ ਨੇ ਜਿੱਥੇ ਆਪਣੇ ਸ਼ਰੀਕੇ ਦੀ ਰੱਖ ਦਿਖਾਈ ਉੱਥੇ ਗੁਰੂ ਸਾਹਿਬ ਦੀ ਪ੍ਰਸੰਨਤਾ ਦੇ ਪਾਤਰ ਵੀ ਬਣੇ।

ਆਪ ਦੇ ਘਰ ਤਿੰਨ ਪੁੱਤਰਾਂ ਬਾਬਾ ਪ੍ਰਿਥੀ ਚੰਦ, ਬਾਬਾ ਮਹਾਦੇਵ ਤੇ (ਗੁਰੂ) ਅਰਜਨ ਦੇਵ ਜੀ ਨੇ ਜਨਮ ਲਿਆ। ਬਾਬਾ ਪ੍ਰਿਥੀ ਚੰਦ ਭਾਵੇਂ ਘਰ ਦਾ ਵੱਡਾ ਪੁੱਤਰ ਸੀ ਪਰ ਲਾਲਚੀ ਤੇ ਵਡਿਆਈਖ਼ੋਰੇ ਸੁਭਾਅ ਕਾਰਨ ਆਪਣੇ ਗੁਰੂ-ਪਿਤਾ ਦੀਆਂ ਖ਼ੁਸ਼ੀਆਂ ਲੈਣ ਤੋਂ ਵਾਂਝਾ ਰਹਿ ਗਿਆ। ਇਸੇ ਕਾਰਨ ਉਹ ਸਾਰੀ ਹਯਾਤੀ ਈਰਖਾ ਤੇ ਦਵੈਤ ਦੀ ਅੱਗ 'ਚ ਸੜਦਾ ਰਿਹਾ ਤੇ ਸੰਗਤਾਂ ਦੇ ਤ੍ਰਿਸਕਾਰ ਦਾ ਪਾਤਰ ਬਣਦਾ ਰਿਹਾ।

ਗੁਰੂ ਨਾਨਕ ਦੇਵ ਜੀ ਦੁਆਰਾ ਲਗਾਇਆ ਸਿੱਖੀ ਦਾ ਬੂਟਾ ਜਿਵੇਂ-ਜਿਵੇਂ ਜੋਬਨ 'ਤੇ ਆ ਰਿਹਾ ਸੀ, ਇਸ ਦੀ ਮਹਿਕ ਦੂਰ-ਦੁਰਾਡੇ ਫ਼ੈਲ ਰਹੀ ਸੀ। ਇਸੇ ਕਾਰਨ ਸਿੱਖੀ ਦਾ ਪ੍ਰਚਾਰ ਕੇਂਦਰ ਸ੍ਰੀ ਗੋਇੰਦਵਾਲ ਸਾਹਿਬ ਤੋਂ ਗੁਰੂ ਕੇ ਚੱਕ (ਸ੍ਰੀ ਅੰਮ੍ਰਿਤਸਰ ਸਾਹਿਬ) ਵਿਖੇ ਲੈ ਜਾਣ ਦੀ ਵਿਉਂਤਬੰਦੀ ਕੀਤੀ ਗਈ। ਇਸ ਨੂੰ ਅਮਲੀ ਰੂਪ ਦੇਣ ਦੀ ਜ਼ਿੰਮੇਵਾਰੀ ਭਾਈ ਜੇਠਾ ਜੀ ਨੂੰ ਦਿੱਤੀ ਗਈ। ਆਪ ਜੀ ਨੇ ਇਹ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਈ।

ਗੁਰੂ ਅਮਰਦਾਸ ਜੀ ਹੁਣ ਸਰੀਰਕ ਤੌਰ 'ਤੇ ਕਾਫ਼ੀ ਬਿਰਧ ਹੋ ਚੁੱਕੇ ਸਨ। ਸੱਚਖੰਡ ਵਾਪਸੀ ਦਾ ਸਮਾਂ ਨੇੜੇ ਆਇਆ ਜਾਣ ਕੇ ਉਨ੍ਹਾਂ ਨੇ ਸੰਮਤ 1631 ਦੇ ਭਾਦੋਂ ਮਹੀਨੇ ਸਮੂਹ ਸੰਗਤ ਅਤੇ ਆਪਣੇ ਪਰਿਵਾਰ ਦੇ ਸਨਮੁਖ ਭਾਈ ਜੇਠਾ ਜੀ ਨੂੰ ਗੁਰੂ ਨਾਨਕ ਪਾਤਸ਼ਾਹ ਦੇ ਘਰ ਦਾ ਚੌਥਾ ਵਾਰਿਸ ਥਾਪ ਕੇ ਸ੍ਰੀ ਗੁਰੂ ਰਾਮਦਾਸ ਜੀ ਬਣਾ ਦਿੱਤਾ।

ਗੁਰਿਆਈ ਦੀ ਬਖ਼ਸ਼ਿਸ਼ ਛੋਟੀ ਜਾਂ ਸਧਾਰਨ ਗੱਲ ਨਹੀਂ ਸੀ, ਕਿਉਂਕਿ ਗੁਰੂ ਰਾਮਦਾਸ ਨੂੰ ਉਸ ਰੱਬੀ ਤਖ਼ਤ ਦੀ ਪ੍ਰਾਪਤੀ ਹੋ ਗਈ ਸੀ, ਜਿਸ ਦੇ ਅੱਗੇ ਰਾਜੇ-ਮਹਾਰਾਜਿਆਂ ਦਾ ਸੀਸ ਝੁਕਦਾ ਆ ਰਿਹਾ ਸੀ। ਸ੍ਰੀ ਗੁਰੂ ਨਾਨਕ ਸਾਹਿਬ ਦੇ ਦਰਬਾਰ ਵਿੱਚੋਂ ਇਕ ਨਿਮਾਣੇ ਸਿੱਖ ਨੂੰ ਮਿਲੇ ਮਾਣ ਨੂੰ ਦੇਖ ਕੇ ਆਪ ਵੈਰਾਗ ਵਿਚ ਆ ਗਏ ਤੇ ਉਚਾਰਣ ਕੀਤਾ :

*ਜੋ ਹਮਰੀ ਬਿਧਿ ਹੋਤੀ, ਮੇਰੇ ਸਤਿਗੁਰਾ ਸਾ ਬਿਧਿ ਤੁਮ ਹਰਿ ਜਾਣਹੁ ਆਪੇ॥*
*ਹਮ ਰੁਲਤੇ ਫਿਰਤੇ, ਕੋਈ ਬਾਤ ਨ ਪੂਛਤਾ, ਗੁਰ ਸਤਿਗੁਰ ਸੰਗ ਕੀਰੇ ਹਮ ਥਾਪੇ॥*

ਗੁਰੂ ਰਾਮਦਾਸ ਜੀ ਦੀ ਕਿਰਪਾ ਨਾਲ ਮਾਝੇ ਦਾ ਇਲਾਕਾ ਬੌਧਿਕ ਅਤੇ ਰੂਹਾਨੀ ਤੌਰ 'ਤੇ ਜਾਗ ਪਿਆ। ਇਸ ਜਾਗ੍ਰਿਤੀ ਕਾਰਨ ਗੁਰੂ ਸਾਹਿਬ ਨੇ ਸੋਚਿਆ ਕਿ ਇਸ ਕੇਂਦਰੀ ਸਥਾਨ (ਸ੍ਰੀ ਅੰਮ੍ਰਿਤਸਰ ਸਾਹਿਬ) ਵਿਖੇ ਇਕ ਸ਼ਾਨਦਾਰ ਧਾਰਮਿਕ ਸਥਾਨ ਉਸਾਰਿਆ ਜਾਵੇ, ਜੋ ਸੰਗਤ ਦੀਆਂ ਰੂਹਾਨੀ ਜ਼ਰੂਰਤਾਂ ਪੂਰੀਆਂ ਕਰ ਸਕੇ। ਇਸ ਪਵਿੱਤਰ ਅਸਥਾਨ 'ਤੇ ਸਰੋਵਰ ਬਣਾਉਣ ਦੀ ਤਜਵੀਜ਼ ਵੀ ਬਣਾਈ ਗਈ। ਸ੍ਰੀ ਅੰਮ੍ਰਿਤਸਰ ਵਿਖੇ ਪਹਿਲਾਂ ਸਰੋਵਰ ਅਤੇ ਬਾਅਦ ਵਿਚ 'ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸਮੇਂ ਸ੍ਰੀ ਹਰਿਮੰਦਰ ਸਾਹਿਬ ਦੀ ਉਸਾਰੀ ਮੁਕੰਮਲ ਹੋਈ। ਇਨ੍ਹਾਂ ਦੋ ਮਹਾਨ ਉਪਰਾਲਿਆਂ ਨਾਲ ਸਿੱਖ ਧਰਮ ਦੇ ਨਕਸ਼-ਨੁਹਾਰ ਹੋਰ ਵੀ ਨਿਖਰਨ ਲੱਗੇ। ਜਿਵੇਂ ਤੀਸਰੇ ਪਾਤਸ਼ਾਹ ਨੇ ਸਿੱਖੀ ਦੇ ਪ੍ਰਚਾਰ ਲਈ 22 ਮੰਜੀਆਂ ਅਤੇ 52 ਪੀੜ੍ਹਿਆਂ ਦੀ ਸਥਾਪਨਾ ਕੀਤੀ ਸੀ, ਉਸ ਨੂੰ ਅੱਗੇ ਵਧਾਉਂਦਿਆਂ ਗੁਰੂ ਰਾਮਦਾਸ ਜੀ ਨੇ ਮਸੰਦ ਪ੍ਰਥਾ ਆਰੰਭ ਕੀਤੀ। ਇਹ ਮਸੰਦ ਦੂਰ-ਦੁਰਾਡੇ ਇਲਾਕਿਆਂ ਵਿਚ ਸਿੱਖੀ-ਸਿਧਾਂਤਾਂ ਦਾ ਪ੍ਰਚਾਰ ਕਰਦੇ ਅਤੇ ਸਿੱਖੀ ਦੇ ਬੂਟੇ ਨੂੰ ਆਪਣੀ ਸੇਵਾ ਨਾਲ ਸਿੰਜਦੇ ਸਨ।

ਭਾਵੇਂ ਗੁਰੂ ਰਾਮਦਾਸ ਜੀ ਕੋਲ ਬਹੁਤ ਸਾਰੇ ਰੁਝੇਵੇਂ ਸਨ ਪਰ ਉਨ੍ਹਾਂ ਦੀ ਤਰਜੀਹ ਹਮੇਸ਼ਾ ਕਾਰ-ਸੇਵਾ ਵਿਚ ਬਣੀ ਰਹਿੰਦੀ। ਵਕਤ ਮਿਲਣ 'ਤੇ ਆਪ ਟੋਕਰੀ ਚੁੱਕ ਲੈਂਦੇ ਅਤੇ ਇੱਟਾਂ, ਗਾਰੇ ਤੇ ਚੂਨੇ ਆਦਿ ਦੀ ਹੱਥੀਂ ਸੇਵਾ ਕਰਦੇ। ਇਹ ਸਭ ਕੁਝ ਉਹ ਕਿਰਤ ਦੇ ਸਿਧਾਂਤ ਨੂੰ ਵਡਿਆਉਣ ਤੇ ਪਕਿਆਉਣ ਲਈ ਵੀ ਕਰਦੇ ਸਨ। ਇਸ ਤਰ੍ਹਾਂ ਕਰਦਿਆਂ ਇਕ ਦਿਨ ਉਹ ਵੀ ਆ ਗਿਆ ਜਿਸ ਦਿਨ ਗੁਰੂ ਰਾਮਦਾਸ ਜੀ ਅਤੇ ਉਨ੍ਹਾਂ ਦੇ ਸਪੁੱਤਰ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸੁਚੱਜੀ ਅਗਵਾਈ ਤੇ ਸੰਗਤਾਂ ਦੇ ਸਹਿਯੋਗ ਸਦਕਾ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਧਰਤੀ 'ਤੇ ਸਵਰਗ ਦੀ ਝਲਕ (ਸੱਚਖੰਡ ਦੇ ਰੂਪ 'ਚ) ਦਿਖਾਈ ਦੇਣ ਲੱਗੀ। ਅਜੋਕੇ ਸਮੇਂ ਵੀ ਇਹ ਸਥਾਨ ਰੱਬੀ ਸਿਫ਼ਤ-ਸਲਾਹ ਦਾ ਇਕ ਪ੍ਰਮੁੱਖ ਕੇਂਦਰ ਹੈ।

ਗੁਰੂ ਪਰਿਵਾਰ ਦੇ ਤਿੰਨਾਂ ਸਾਹਿਬਜ਼ਾਦਿਆਂ ਵਿੱਚੋਂ ਸਭ ਤੋਂ ਛੋਟੇ ਸ੍ਰੀ (ਗੁਰੂ) ਅਰਜਨ ਦੇਵ ਜੀ ਦੀਨ-ਦੁਨੀਆ ਦੇ ਮਾਮਲੇ ਵਿਚ ਸਭ ਤੋਂ ਯੋਗ ਸਾਬਤ ਹੋਏ। ਉਹ ਜਿੱਥੇ ਪਰਵਾਰਿਕ ਪੱਖੋਂ ਪੂਰੇ ਜ਼ਿੰਮੇਵਾਰ ਸਨ ਉੱਥੇ ਅਧਿਆਤਮਿਕ ਪੱਖ ਤੋਂ ਵੀ ਸਰਬ-ਕਲਾ ਸਮਰੱਥ ਸਨ। ਇਸ ਸਮਰਥਾ ਕਾਰਨ ਹੀ ਸ੍ਰੀ ਗੁਰੂ ਰਾਮਦਾਸ ਜੀ ਵੱਲੋਂ ਅਰਜਨ ਦੇਵ ਜੀ ਨੂੰ ਉਨ੍ਹਾਂ ਨੇ ਗੁਰਿਆਈ ਦੀ ਬਖ਼ਸ਼ਿਸ਼ ਕੀਤੀ। ਗੁਰੂ ਪਿਤਾ ਵੱਲੋਂ ਵੱਡੇ ਪੁੱਤਰ (ਪ੍ਰਿਥੀ ਚੰਦ) ਨੂੰ ਅਣਡਿੱਠ ਕਰ ਕੇ ਛੋਟੇ ਪੁੱਤਰ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਗੁਰੂ ਨਾਨਕ ਕੇ ਘਰ ਦੀ ਵਡਿਆਈ (ਗੁਰਗੱਦੀ) ਦਿੱਤੇ ਜਾਣ ਦਾ ਪ੍ਰਿਥੀ ਚੰਦ ਨੇ ਡਟਵਾਂ ਵਿਰੋਧ ਕੀਤਾ ਪਰ ਗੁਰੂ ਰਾਮਦਾਸ ਜੀ ਨੇ ਕੇਵਲ ਯੋਗਤਾ ਨੂੰ ਹੀ ਪਹਿਲ ਦਿੱਤੀ। ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਗੁਰ ਗੱਦੀ ਦੀ ਜ਼ਿੰਮੇਵਾਰੀ ਸੌਂਪ ਕੇ ਗੁਰੂ ਰਾਮਦਾਸ ਜੀ ਗੋਇੰਦਵਾਲ ਸਾਹਿਬ ਚਲੇ ਗਏ। ਕੁਝ ਦਿਨ ਇਥੇ ਟਿਕਾਣਾ ਕਰਨ ਤੋਂ ਬਾਅਦ ਅੱਸੂ ਮਹੀਨੇ ਦੇ ਦੂਜੇ ਦਿਨ, ਮੁਤਾਬਕ ਸੰਮਤ 1638 (ਸਤੰਬਰ 1581 ਈਸਵੀ) ਨੂੰ ਜੋਤੀ ਜੋਤ ਸਮਾ ਗਏ।

ਅਧਿਆਤਮਿਕ ਆਗੂ ਹੋਣ ਦੇ ਨਾਲ-ਨਾਲ ਗੁਰੂ ਰਾਮਦਾਸ ਜੀ ਉੱਚ ਕੋਟੀ ਦੇ ਬਾਣੀਕਾਰ ਵੀ ਸਨ, ਜਿਨ੍ਹਾਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਵਾਲੇ 19 ਰਾਗਾਂ ਦੀ ਵਰਤੋਂ ਕਰਦਿਆਂ ਅਤੇ 11 ਹੋਰ ਰਾਗਾਂ ਸਮੇਤ ਕੁੱਲ 30 ਰਾਗਾਂ ਵਿਚ ਬਾਣੀ ਰਚੀ। •

94631-32719

# ਗੁਰਦੁਆਰਾ ਸੰਨ੍ਹ ਸਾਹਿਬ ਬਾਸਰਕੇ ਗਿੱਲਾਂ

**ਮਨਮੋਹਨ ਸਿੰਘ ਬਾਸਰਕੇ**

ਅੰਮ੍ਰਿਤਸਰ ਦੀ ਇਤਿਹਾਸਕ ਤੇ ਸਨਅਤੀ ਨਗਰੀ ਛੇਹਰਟਾ ਤੋਂ ਕਰੀਬ ਕਿਲੋਮੀਟਰ ਹਟਵਾਂ ਹੈ ਇਤਿਹਾਸਕ ਪਿੰਡ ਬਾਸਰਕੇ ਗਿੱਲਾਂ, ਜੋ ਛੇਹਰਟਾ-ਝਬਾਲ ਰੋਡ 'ਤੇ ਸਥਿਤ ਹੈ। ਇਸ ਪਿੰਡ ਨੂੰ ਗੁਰੂ ਨਾਨਕ ਦੇਵ ਜੀ ਦੀ ਤੀਸਰੀ ਜੋਤ ਗੁਰੂ ਅਮਰਦਾਸ ਦਾਸ ਜੀ ਦੀ ਜਨਮ ਨਗਰੀ ਹੋਣ ਦਾ ਮਾਣ ਹਾਸਲ ਹੈ। ਭਾਈ ਜੇਠਾ ਜੀ, ਜੋ ਬਾਅਦ ਵਿਚ ਸਿੱਖਾਂ ਦੇ ਚੌਥੇ ਗੁਰੂ ਰਾਮਦਾਸ ਜੀ ਹੋਏ, ਦੀ ਪਰਵਰਿਸ਼ ਵੀ ਇਸੇ ਪਿੰਡ ਵਿਚ ਨਾਨਕੇ ਘਰ 'ਚ ਹੋਈ ਸੀ, ਕਿਉਂਕਿ ਬਾਲ ਵਰੇਸੇ ਹੀ ਉਨ੍ਹਾਂ ਦੇ ਮਾਤਾ-ਪਿਤਾ ਅਕਾਲ ਪੁਰਖ ਦੇ ਚਰਨਾਂ 'ਚ ਜਾ ਬਿਰਾਜੇ ਸਨ। ਇਸ ਲਈ ਉਨ੍ਹਾਂ ਦੀ ਨਾਨੀ ਉਨ੍ਹਾਂ ਨੂੰ ਪਿੰਡ ਬਾਸਰਕੇ ਲੈ ਆਈ। ਬੀਬੀ ਭਾਨੀ ਜੀ ਗੁਰੂ ਅਮਰਦਾਸ ਦਾਸ ਜੀ ਦੀ ਪੁੱਤਰੀ ਅਤੇ ਗੁਰੂ ਰਾਮਦਾਸ ਜੀ ਦੀ ਸੁਪਤਨੀ ਸਨ। ਇਸ ਤਰ੍ਹਾਂ ਗੁਰੂ ਅਰਜਨ ਦੇਵ ਜੀ ਦੇ ਪਿੰਡ ਬਾਸਰਕੇ ਵਿਚ ਨਾਨਕੇ ਹਨ। ਸ੍ਰੀ ਗੁਰੂ ਅੰਗਦ ਦੇਵ ਜੀ ਅਤੇ ਮਾਤਾ ਖੀਵੀ ਜੀ ਦੀ ਸਪੁੱਤਰੀ ਬੀਬੀ ਅਮਰੋ, ਗੁਰੂ ਅਮਰਦਾਸ ਦਾਸ ਜੀ ਦੇ ਭਤੀਜੇ ਭਾਈ ਜਸੂ ਜੀ ਨਾਲ ਇਸੇ ਪਿੰਡ ਵਿਆਹੇ ਸਨ। ਗੁਰੂ ਅਮਰਦਾਸ ਜੀ ਦਾ ਗੁਰੂ ਅੰਗਦ ਦੇਵ ਜੀ ਨਾਲ ਮੇਲ ਕਰਵਾਉਣ ਵਾਲੇ ਬੀਬੀ ਅਮਰੋ ਜੀ ਸਨ। ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਦੀ ਚਰਨਛੋਹ ਵੀ ਇਸ ਪਿੰਡ ਨੂੰ ਪ੍ਰਾਪਤ ਹੈ। ਇਸ ਪਿੰਡ ਵਿਚ ਤਿੰਨ ਇਤਿਹਾਸਕ ਗੁਰਦੁਆਰੇ ਹਨ, ਜਿਨ੍ਹਾਂ ਵਿਚ ਗੁਰਦੁਆਰਾ ਜਨਮ ਅਸਥਾਨ ਗੁਰੂ ਅਮਰਦਾਸ ਜੀ, ਗੁਰਦੁਆਰਾ ਸੰਨ੍ਹ ਸਾਹਿਬ ਅਤੇ ਗੁਰਦੁਆਰਾ ਅੰਗੀਠਾ ਬੀਬੀ ਅਮਰੋ ਜੀ ਹਨ।

ਅੱਜ ਗੁਰਦੁਆਰਾ ਸੰਨ੍ਹ ਸਾਹਿਬ ਬਾਸਰਕੇ ਗਿੱਲਾਂ ਵਿਖੇ ਸ੍ਰੀ ਗੁਰੂ ਅਮਰਦਾਸ ਜੀ ਦਾ ਜੋਤੀ ਜੋਤਿ ਦਿਵਸ ਸਾਲਾਨਾ ਚੁਰਾਸੀ ਕੱਟ ਮੇਲਾ ਵਜੋਂ ਮਨਾਇਆ ਜਾ ਰਿਹਾ ਹੈ। ਜਿੱਥੋਂ ਤਕ ਗੁਰਦੁਆਰਾ ਸੰਨ੍ਹ ਸਾਹਿਬ ਦੇ ਇਤਿਹਾਸ ਦਾ ਸਬੰਧ ਹੈ, ਜਦੋ ਗੁਰੂ ਅੰਗਦ ਦੇਵ ਜੀ ਨੇ ਸ੍ਰੀ ਗੁਰੂ ਅਮਰਦਾਸ ਜੀ ਨੂੰ ਗੁਰਗੱਦੀ ਦਿੱਤੀ ਤਾਂ ਗੁਰੂ ਅੰਗਦ ਦੇਵ ਜੀ ਦੇ ਪੁੱਤਰਾਂ ਦਾਤੂ ਅਤੇ ਦਾਸੂ ਨੇ ਕਰੜਾ ਵਿਰੋਧ ਕੀਤਾ। ਭਾਈ ਦਾਸੂ ਤਾਂ ਮਾਤਾ ਖੀਵੀ ਜੀ ਦੇ ਸਮਝਾਉਣ 'ਤੇ ਸਹਿਮਤ ਹੋ ਗਏ ਪਰ ਦਾਤੂ ਅੜੇ ਰਹੇ। ਗੁਰੂ ਅਮਰਦਾਸ ਜੀ ਗੁਰੂ ਅੰਗਦ ਦੇਵ ਜੀ ਦੇ ਆਦੇਸ਼ 'ਤੇ ਖਡੂਰ ਸਾਹਿਬ ਤੋਂ ਗੋਇੰਦਵਾਲ ਸਾਹਿਬ ਚਲੇ ਗਏ ਪਰ ਦਾਤੂ ਨੇ ਵਿਰੋਧਤਾ ਨਾ ਛੱਡੀ ਅਤੇ ਭਰੇ ਦਰਬਾਰ ਵਿਚ ਗੁਰੂ ਜੀ ਨੂੰ ਲੱਤ ਮਾਰੀ ਤੇ ਕਿਹਾ ਕਿ ਸਾਡੇ ਟੁੱਕਰਾਂ 'ਤੇ ਪਲਣ ਵਾਲਾ ਅੱਜ ਗੁਰੂ ਬਣ ਬੈਠਾ ਹੈ। ਸੇਵਾ ਤੇ ਸ਼ਾਂਤੀ ਦੇ ਪੁੰਜ ਗੁਰੂ ਅਮਰਦਾਸ ਜੀ ਨੇ ਚਰਨ ਪਕੜ ਕੇ ਕਿਹਾ ਮੇਰੇ ਹੱਡ ਸਖ਼ਤ ਹਨ, ਤੁਸੀਂ ਗੁਰੂ ਜੀ ਦੇ ਸਾਹਿਬਜ਼ਾਦੇ ਹੋ, ਤੁਹਾਡੇ ਚਰਨ ਕੋਮਲ ਹਨ, ਕਿਤੇ ਸੱਟ ਤਾਂ ਨਹੀਂ ਲਗੀ।

ਇਹ ਸੁਣ ਕੇ ਦਾਤੂ ਕਹਿਣ ਲਗਾ, ਤੇਰੀ ਇਸ ਨਿਮਰਤਾ ਨੇ ਸਾਡੀ ਗੱਦੀ ਖੋਹੀ ਹੈ। ਗੁਰੂ ਅਮਰਦਾਸ ਜੀ ਨਹੀਂ ਚਾਹੁੰਦੇ ਸਨ ਕਿ ਗੁਰੂ ਸਾਹਿਬ ਦੇ ਸਾਹਿਬਜ਼ਾਦਿਆਂ ਨਾਲ ਕਿਸੇ ਤਰ੍ਹਾਂ ਦਾ ਵਿਰੋਧ ਪੈਦਾ ਹੋਵੇ। ਇਸ ਲਈ ਉਹ ਰਾਤੋ ਰਾਤ ਬਿਨਾਂ ਕਿਸੇ ਨੂੰ ਦੱਸਿਆਂ ਗੋਇੰਦਵਾਲ ਤੋਂ ਆਪਣੇ ਪਿੰਡ ਬਾਸਰਕੇ ਆ ਗਏ ਤੇ ਮਲ੍ਹੇ-ਝਾੜੀਆਂ ਵਿਚ ਵਾਗੀਆਂ ਵੱਲੋਂ ਮੀਹ-ਕਣੀ ਤੋਂ ਬਚਾਅ ਲਈ ਬਣਾਏ ਇਕ ਕਮਰੇ 'ਚ ਭਜਨ ਬੰਦਗੀ ਲਈ ਬੂਹਾ ਬੰਦ ਕਰ ਕੇ ਬੈਠ ਗਏ। ਸਵੇਰੇ ਦੀਵਾਨ ਵੇਲੇ ਸੰਗਤਾਂ ਇਕੱਤਰ ਹੋਈਆਂ ਤਾਂ ਗੁਰੂ ਜੀ ਬਿਨਾਂ ਗੋਇੰਦਵਾਲ ਭਾਂ-ਭਾਂ ਕਰ ਰਿਹਾ ਸੀ। ਸੰਗਤਾਂ ਦੀ ਹਾਲਤ ਗੁਰੂ ਜੀ ਤੋਂ ਬਿਨਾਂ ਪਾਣੀ ਬਿਨ ਮਛਲੀ ਵਰਗੀ ਸੀ। ਸੰਗਤਾਂ ਦਾ ਇਕੱਠ ਹੋਇਆ, ਵਿਚਾਰਾਂ ਹੋਈਆਂ ਅਤੇ ਬਾਬਾ ਬੁੱਢਾ ਜੀ ਨੂੰ ਅਰਜ ਕੀਤੀ ਕਿ ਤੁਸੀਂ ਹੀ ਗੁਰੂ ਜੀ ਨੂੰ ਸੰਗਤ ਨਾਲ ਮਿਲਾ ਸਕਦੇ ਹੋ, ਇਸ ਲਈ ਬੇਨਤੀ ਸਵੀਕਾਰ ਕਰੋ।

ਬਾਬਾ ਬੁੱਢਾ ਜੀ ਨੇ ਗੁਰੂ ਜੀ ਦੀ ਘੋੜੀ ਮੰਗਵਾਈ। ਘੋੜੀ ਦੋਹਰੇ ਪੈਂਡੇ ਨਾਲ ਮੁੜ੍ਹਕੋ-ਮੁੜ੍ਹਕੀ ਹੋਈ ਸੀ। ਬਾਬਾ ਬੁੱਢਾ ਜੀ ਸਮਝ ਗਏ। ਉਨ੍ਹਾਂ ਕਿਹਾ ਕਿ ਜਿਸ ਨੇ ਗੁਰੂ ਵਿਛੋੜੇ ਹਨ, ਉਹੀ ਮਿਲਾਵੇਗੀ। ਬਾਬਾ ਬੁੱਢਾ ਜੀ ਨੇ ਘੋੜੀ ਦੀਆਂ ਵਾਗਾਂ ਛੱਡ ਦਿਤੀਆਂ। ਅੱਗੇ-ਅੱਗੇ ਘੋੜੀ ਤੇ ਪਿੱਛੇ-ਪਿੱਛੇ ਬਾਬਾ ਬੁੱਢਾ ਜੀ ਅਤੇ ਮਗਰ ਸੰਗਤ ਸਤਿਨਾਮੁ ਵਾਹਿਗੁਰੂ ਦਾ ਜਾਪ ਕਰਦੀ ਹੋਈ ਚੱਲ ਪਈ। ਘੋੜੀ ਨੇ ਉਸ ਥਾਂ ਆ ਨਮਸਕਾਰ ਕੀਤੀ, ਜਿਥੇ ਉਹ ਗੁਰੂ ਜੀ ਨੂੰ ਛੱਡ ਕੇ ਗਈ ਸੀ। ਸੰਗਤਾਂ ਘੋਰ ਨਿਰਾਸ ਹੋ ਗਈਆਂ ਜਦੋਂ ਬੂਹੇ 'ਤੇ ਗੁਰੂ ਜੀ ਦਾ ਹੁਕਮ ਪੜ੍ਹਿਆ ਕਿ ਜੋ ਬੂਹਾ ਖਲ੍ਹੇਗਾ, ਗੁਰੂ ਦਾ ਸਿੱਖ ਨਹੀਂ ਹੋਵੇਗਾ।

ਬਾਬਾ ਬੁੱਢਾ ਜੀ ਨੇ ਸੰਗਤਾਂ ਨੂੰ ਧੀਰਜ ਰੱਖਣ ਲਈ ਕਿਹਾ ਅਤੇ ਬੂਹਾ ਖੋਲ੍ਹਣ ਦੀ ਬਜਾਏ ਕੰਧ ਨੂੰ ਸੰਨ੍ਹ ਲਾ ਕੇ ਗੁਰੂ ਜੀ ਦੇ ਦਰਸ਼ਨ ਕੀਤੇ ਤੇ ਸੰਗਤਾਂ ਨੂੰ ਵੀ ਕਰਵਾਏ। ਬਾਬਾ ਬੁੱਢਾ ਜੀ ਨੇ ਗਲ਼ 'ਚ ਪਰਨਾ ਪਾ ਕੇ ਅਰਜ ਕੀਤੀ, 'ਪਾਤਸ਼ਾਹ ਤੁਹਾਡੇ ਹੁਕਮਾਂ ਦੀ ਅਵੱਗਿਆ ਨਹੀਂ ਕੀਤੀ।' ਗੁਰੂ ਅਮਰਦਾਸ ਦਾਸ ਜੀ ਨੇ ਮੁਸਕਰਾ ਕੇ ਕਿਹਾ, 'ਬਾਬਾ ਜੀ ਤੁਸੀਂ ਸੰਨ੍ਹ ਨਹੀਂ ਲਗਾਈ ਸਗੋਂ ਸੰਗਤਾਂ ਲਈ ਮੁਕਤੀ ਦਾ ਦਰ ਖੋਲ੍ਹ ਦਿੱਤਾ ਹੈ। ਜੋ ਇਸ ਸੰਨ੍ਹ ਵਿਚ ਦੀ ਲੰਘ ਜਾਵੇਗਾ, ਚੁਰਾਸੀ ਦੇ ਗੇੜ ਤੋਂ ਮੁਕਤ ਹੋ ਜਾਵੇਗਾ।'

ਗੁਰਦੁਆਰਾ ਸੰਨ੍ਹ ਸਾਹਿਬ ਵਿਖੇ ਗੁਰੂ ਅਮਰਦਾਸ ਜੀ ਦਾ ਜੋਤੀ ਜੋਤ ਪੁਰਬ ਮਨਾਇਆ ਜਾ ਰਿਹਾ ਹੈ। ਇਸ ਅਸਥਾਨ ਦੀ ਸੇਵਾ ਬਾਬਾ ਖੜਕ ਸਿੰਘ ਬੀੜ ਸਾਹਿਬ ਵਾਲਿਆਂ ਨੇ ਕਰਵਾਈ ਹੈ ਅਤੇ ਰਹਿੰਦੇ ਕਾਰਜਾਂ ਦੀ ਸੇਵਾ ਬਾਬਾ ਸਬੇਗ ਸਿੰਘ ਗੋਇੰਦਵਾਲ ਸਾਹਿਬ ਵਾਲੇ ਕਰਵਾ ਰਹੇ ਹਨ। •

99147-16616





**ਪਿੰਡ ਬਾਸਰਕੇ ਵਿਚ ਤਿੰਨ ਇਤਿਹਾਸਕ ਗੁਰਦੁਆਰੇ ਹਨ- ਗੁਰਦੁਆਰਾ ਜਨਮ ਅਸਥਾਨ ਗੁਰੂ ਅਮਰਦਾਸ ਜੀ, ਗੁਰਦੁਆਰਾ ਸੰਨ੍ਹ ਸਾਹਿਬ ਤੇ ਗੁਰਦੁਆਰਾ ਅੰਗੀਠਾ ਬੀਬੀ ਅਮਰੋ ਜੀ...**

# ਰਾਗ ਨਾਦ ਸਬਦਿ ਸੋਹਣੇ 30

ਇਕਵਾਕ ਸਿੰਘ ਪੱਟੀ

ਮਾਨਵਤਾ ਦੇ ਸਰਬ ਸਾਂਝੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਗੁਰੂ ਅਰਜਨ ਦੇਵ ਜੀ ਵੱਲੋਂ ਭਾਈ ਗੁਰਦਾਸ ਜੀ ਕੋਲੋਂ ਦਰਜ ਕਰਵਾਈ ਗਈ ਬਾਣੀ ਰਾਗਾਂ ਦੇ ਅਧੀਨ ਹੈ। ਗੁਰੂ ਗ੍ਰੰਥ ਸਾਹਿਬ ਵਿਚ ਕੁਝ ਬਾਣੀ ਰਾਗ ਮੁਕਤ ਵੀ ਹੈ ਪਰ ਜ਼ਿਆਦਾਤਾਰ ਬਾਣੀ ਰਾਗਾਂ ਦੇ ਅਧੀਨ ਹੈ। ਸਭ ਤੋਂ ਸ੍ਰੇਸ਼ਟ ਰਾਗ ਬਾਰੇ ਗੁਰੂ ਰਾਮਦਾਸ ਜੀ ਫ਼ੁਰਮਾਉਂਦੇ ਹਨ, 'ਸਭਨਾ ਰਾਗਾਂ ਵਿਚਿ ਸੋ ਭਲਾ ਭਾਈ ਜਿਤੁ ਵਸਿਆ ਮਨਿ ਆਇ॥' ਭਾਵ ਉਹੀ ਰਾਗ ਸਫ਼ਲ ਹੈ ਜਿਸ ਨੂੰ ਸੁਣਦਿਆਂ-ਪੜ੍ਹਦਿਆਂ, ਗਾਉਂਦਿਆਂ ਹੋਇਆਂ ਸ੍ਰਿਸ਼ਟੀ ਦਾ ਕਰਤਾ ਪਰਮਾਤਮਾ ਚੇਤੇ ਆ ਜਾਵੇ। ਅੱਜ ਜਾਣਦੇ ਹਾਂ ਗੁਰੂ ਸਾਹਿਬ ਵੱਲੋਂ ਉਚਾਰੇ 31 ਰਾਗਾਂ ਵਿੱਚੋਂ 30ਵੇਂ ਸਥਾਨ 'ਤੇ ਆਉਣ ਵਾਲੇ ਰਾਗ 'ਪ੍ਰਭਾਤੀ' ਬਾਰੇ...



## ਰਾਗ ਪ੍ਰਭਾਤੀ

ਰਾਗ ਪ੍ਰਭਾਤੀ ਗੁਰੂ ਗ੍ਰੰਥ ਸਾਹਿਬ ਦੀ ਰਾਗ ਤਰਤੀਬ 'ਚ 30ਵੇਂ ਸਥਾਨ ਦਾ ਮਹੱਤਵਪੂਰਨ ਰਾਗ ਹੈ। ਪੰਚਮ ਪਾਤਸ਼ਾਹ ਗੁਰੂ ਅਰਜਨ ਦੇਵ ਜੀ ਵੱਲੋਂ 'ਆਦਿ ਗ੍ਰੰਥ' ਦੀ ਸੰਪਾਦਨਾ ਵੇਲੇ ਇਹ ਰਾਗ ਸਭ ਤੋਂ ਅੰਤਮ ਤੀਹਵੇਂ ਸਥਾਨ 'ਤੇ ਦਰਜ ਕੀਤਾ ਗਿਆ ਮੁੱਖ ਰਾਗ ਹੈ। ਕਿਉਂਕਿ ਇਕੱਤੀਵਾਂ ਰਾਗ ਜੈਜਾਵੰਤੀ ਗੁਰੂ ਗਬਿੰਦ ਸਿੰਘ ਜੀ ਵੱਲੋਂ ਗੁਰੂ ਗ੍ਰੰਥ ਸਾਹਿਬ 'ਚ ਸ਼ਾਮਲ ਕੀਤਾ ਗਿਆ ਸੀ, ਜੋ ਪੰਨਾ ਨੰਬਰ 1327 ਤੋਂ ਲੈ ਕੇ 1351 ਤਕ ਦਰਜ ਹੈ। ਭਗਤੀ ਭਾਵ ਨਾਲ ਇਸ ਰਾਗ ਦਾ ਗਾਇਨ ਕਰਨ ਨਾਲ ਸਕੂਨ ਤੇ ਆਨੰਦ ਮਿਲਦਾ ਹੈ। ਇਸ ਰਾਗ ਵਿਚ ਗੁਰੂ ਨਾਨਕ ਦੇਵ ਜੀ, ਗੁਰੂ ਅਮਰਦਾਸ ਜੀ, ਗੁਰੂ ਰਾਮਦਾਸ ਜੀ, ਗੁਰੂ ਅਰਜਨ ਦੇਵ ਜੀ ਨੇ ਬਾਣੀ ਉਚਾਰਣ ਕੀਤੀ ਹੈ। ਭਗਤ ਸਾਹਿਬਾਨਾਂ ਵਿੱਚੋਂ ਭਗਤ ਕਬੀਰ ਜੀ, ਭਗਤ ਨਾਮਦੇਵ ਜੀ, ਭਗਤ ਬੇਣੀ ਜੀ ਦੀ ਬਾਣੀ ਉਕਤ ਰਾਗ ਦੇ ਅੰਤਰਗਤ ਸ਼ਾਮਲ ਹੈ। ਗੁਰੂ ਗ੍ਰੰਥ ਸਾਹਿਬ 'ਚ ਰਾਗ ਪ੍ਰਭਾਤੀ ਦੇ ਤਿੰਨ ਹੋਰ ਰੂਪ 'ਪ੍ਰਭਾਤੀ ਬਿਭਾਸ', 'ਪ੍ਰਭਾਤੀ ਦਖਣੀ', 'ਬਿਭਾਸ ਪ੍ਰਭਾਤੀ' ਵੀ ਸ਼ਾਮਲ ਹਨ। 'ਪ੍ਰਭਾਤੀ ਬਿਭਾਸ ਪੜਤਾਲ ਮਹਲਾ 4 ਪੜਤਾਲ' ਅਤੇ 'ਪ੍ਰਭਾਤੀ ਮਹਲਾ 5 ਬਿਭਾਸ ਪੜਤਾਲ' ਸਿਰਲੇਖਾਂ ਹੇਠ ਬਾਣੀ ਦਰਜ ਹੈ। ਜਿਵੇਂ ਕਿ ਨਾਂ ਤੋਂ ਹੀ ਸਪਸ਼ਟ ਹੈ ਕਿ ਇਹ ਰਾਗ ਪ੍ਰਭਾਤ ਵੇਲੇ ਗਾਉਣ ਦਾ ਵਿਧਾਨ ਹੈ।

ਇਤਿਹਾਸਕ ਅਤੇ ਸੰਗੀਤਕ ਪੱਖ ਤੋਂ ਰਾਗ ਪ੍ਰਭਾਤੀ ਦਾ ਭਾਰਤੀ ਸੰਗੀਤ ਗ੍ਰੰਥਾਂ ਵਿਚ ਜ਼ਿਕਰ ਨਹੀਂ ਮਿਲਦਾ ਹੈ। ਇਹ ਗੁਰਮਤਿ ਸੰਗੀਤ ਰਾਹੀਂ ਉਜਾਗਰ ਹੋਏ ਰਾਗਾਂ ਦੀ ਲੜੀ ਦਾ ਇਕ ਅਹਿਮ ਰਾਗ ਹੈ। ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ, 'ਇਹ ਭੈਰਵ ਥਾਟ ਦੀ ਸੰਪੂਰਣ ਜਾਤੀ ਹੈ। ਇਸ 'ਚ ਸੜਜ ਗੰਧਾਰ, ਮੱਧਮ ਪੰਚਮ ਤੇ ਨਿਸ਼ਾਧ ਸ਼ੁੱਧ। ਰਿਸ਼ਭ ਅਤੇ ਧੈਵਤ ਕੋਮਲ ਹਨ। ਮੱਧਮ ਵਾਦੀ ਅਤੇ ਸੜਜ਼ ਸੰਵਾਦੀ ਹੈ। ਗ੍ਰਹ ਸੁਰ ਮੱਧਮ ਹੈ ਅਤੇ ਗਾਉਣ ਦਾ ਵੇਲਾ ਅੰਮ੍ਰਿਤ ਵੇਲਾ ਹੈ।' • 98150-24920

# ਬਾਣੀ ਗੁਰੂ ਗੁਰੂ ਹੈ ਬਾਣੀ





ਧਰਮਿੰਦਰ ਸਿੰਘ ਚੱਬਾ

**ਸ੍ਰੀ ਗੁਰੂ ਗ੍ਰੰਥ ਸਾਹਿਬ ਕਲਯੁਗ ਵਿਚ ਚਾਨਣ-ਮੁਨਾਰਾ ਹਨ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਅਬਚਲ ਨਗਰ, ਸ੍ਰੀ ਹਜ਼ੂਰ ਸਾਹਿਬ, ਨੰਦੇੜ ਵਿਖੇ ਅਕਤੂਬਰ 1708 ਈਸਵੀ ਨੂੰ ਜੋਤੀ ਜੋਤ ਸਮਾਉਣ ਤੋਂ ਇਕ ਦਿਨ ਪਹਿਲਾਂ 'ਗ੍ਰੰਥ ਸਾਹਿਬ' ਨੂੰ 'ਗੁਰੂ' ਪਦਵੀ ਦਿੱਤੀ ਤੇ ਪੰਥ ਨੂੰ ਉਨ੍ਹਾਂ ਦੇ ਲੜ ਲਾਇਆ...**

ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਗੁਰੂ ਸਹਿਬਾਨ, ਭਗਤਾਂ, ਮਹਾਂਪੁਰਸ਼ਾਂ, ਭੱਟਾਂ ਤੇ ਮਹਾਨ ਗੁਰਸਿੱਖਾਂ ਦੁਆਰਾ ਰਚੀ ਗਈ ਸਰਬ ਕਲਾ ਸਮਰੱਥ, ਜਗਦੀ ਜੋਤ, ਧੁਰ ਕੀ ਬਾਣੀ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੰਪਾਦਨਾ ਦਾ ਮਹਾਨ ਕਾਰਜ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਮਹਾਨ ਗੁਰਸਿੱਖ ਭਾਈ ਗੁਰਦਾਸ ਜੀ ਪਾਸੋਂ ਲਿਖਣ ਦੀ ਸੇਵਾ ਲੈ ਕੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸੰਪੂਰਨ ਕੀਤਾ। ਇਹ ਮਹਾਨ ਕਾਰਜ ਦੇ ਸੰਪੂਰਨ ਹੋਣ 'ਤੇ ਆਦਿ ਗ੍ਰੰਥ ਪੋਥੀ ਸਾਹਿਬ ਦੀ ਪਾਵਨ ਬੀੜ ਨੂੰ ਭਾਦੋਂ ਸੁਦੀ ਪਹਿਲੀ, ਸੰਮਤ 1661 (1604 ਈ:) ਨੂੰ ਨਗਰ ਕੀਰਤਨ ਦੇ ਰੂਪ 'ਚ ਲਿਆ ਕਰ ਕੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਪਹਿਲਾ ਪ੍ਰਕਾਸ਼ ਕੀਤਾ ਗਿਆ। ਪਹਿਲੇ ਹੈੱਡ ਗ੍ਰੰਥੀ ਬਾਬਾ ਬੁੱਢਾ ਜੀ ਨੂੰ ਥਾਪਿਆ ਗਿਆ ਤੇ ਜੋ ਪਹਿਲਾ ਮੁਖਵਾਕ ਆਇਆ ਉਹ ਸੀ, '*ਸੰਤਾ ਕੇ ਕਾਰਜ ਆਪ ਖਲੋਇਆ ਹਰਿ ਕੰਮ ਕਰਾਵਣ ਆਇਆ ਰਾਮ॥*'

ਗੁਰੂ ਗ੍ਰੰਥ ਸਾਹਿਬ ਵਿਚ ਛੇ ਗੁਰੂ ਸਾਹਿਬਾਨ, ਸ੍ਰੀ ਗੁਰੂ ਨਾਨਕ ਦੇਵ ਜੀ (1469-1539 ਈਸਵੀ) ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਕੁੱਲ 974 ਛੰਦ ਹਨ ਤੇ 19 ਰਾਗਾਂ ਸਿਰੀ ਰਾਗ, ਮਾਝ, ਗਉੜੀ, ਆਸਾ, ਗੂਜਰੀ, ਵਡਹੰਸ, ਸੋਰਿਠ, ਧਨਾਸਰੀ, ਤਿਲੰਗ, ਸੂਹੀ, ਬਿਲਾਵਲ, ਰਾਮਕਲੀ, ਮਾਰੂ, ਤੁਖਾਰੀ, ਭੈਰਉ, ਬਸੰਤ, ਸਾਰੰਗ, ਮਲਾਰ ਤੇ ਪ੍ਰਭਾਤੀ ਵਿਚ ਉਚਾਰੇ ਗਏ ਹਨ। ਸ੍ਰੀ ਗੁਰੂ ਅੰਗਦ ਦੇਵ ਜੀ (1504-1552 ਈਸਵੀ) ਦੇ ਕੁੱਲ 62 ਸਲੋਕ ਵਾਰਾਂ ਵਿਚ (ਕੋਈ ਰਾਗ ਨਹੀ) ਉਚਾਰੇ ਗਏ ਹਨ। ਸ੍ਰੀ ਗੁਰੂ ਅਮਰਦਾਸ ਜੀ (1479-1574 ਈਸਵੀ) ਦੇ ਕੁੱਲ ਛੰਦ 907 ਹਨ। ਉਨ੍ਹਾਂ ਨੇ 17 ਰਾਗ ਗੁਰੂ ਨਾਨਕ ਦੇਵ ਜੀ ਵਾਲੇ-ਤਿਲੰਗ ਤੇ ਤੁਖਾਰੀ ਨੂੰ ਛੱਡ ਕੇ ਵਰਤੇ ਹਨ। ਸ੍ਰੀ ਗੁਰੂ ਰਾਮਦਾਸ ਜੀ (1534-1581 ਈਸਵੀ) ਕੁੱਲ ਛੰਦ 679 ਹਨ। ਉਨ੍ਹਾਂ ਜੈਜਾਵੰਤੀ ਤੇ ਕੇਦਾਰਾ ਨੂੰ ਛੱਡ ਕੇ 29 ਰਾਗ ਵਰਤੇ। ਸ੍ਰੀ ਗੁਰੂ ਅਰਜਨ ਦੇਵ ਜੀ (1563-1606 ਈਸਵੀ) ਦੇ ਕੁੱਲ ਛੰਦ 2218 ਹਨ ਤੇ ਆਪ ਨੇ ਰਾਗ ਜੈਜਾਵੰਤੀ ਨੂੰ ਛੱਡ ਕੇ 30 ਰਾਗ ਵਰਤੇ ਹਨ। ਸ੍ਰੀ ਗੁਰੂ ਤੇਗ ਬਹਾਦਰ ਜੀ (1621-1675 ਈਸਵੀ) ਦੇ ਕੁੱਲ ਛੰਦ 115 ਹਨ ਤੇ ਆਪ ਨੇ 15 ਰਾਗਾਂ ਗਉੜੀ, ਆਸਾ, ਗੂਜਰੀ, ਬਿਹਾਗੜਾ, ਸੋਰਿਠ, ਜੈਤਸਰੀ, ਧਨਾਸਰੀ, ਟੋਡੀ, ਤਿਲੰਗ, ਬਿਲਾਵਲ, ਰਾਮਕਲੀ, ਮਾਰੂ, ਬਸੰਤ, ਸਾਰੰਗ ਤੇ ਜੈਜਾਵੰਤੀ, ਜੋ ਕੇਵਲ ਆਪ ਜੀ ਨੇ ਹੀ ਵਰਤਿਆ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ (1661-1708 ਈਸਵੀ) ਦਾ ਇੱਕੋ-ਇਕ ਦੋਹਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਸ਼ਾਮਲ ਹੈ, ਜੋ ਆਪ ਨੇ ਪਿਤਾ ਗੁਰੂ ਵੱਲੋਂ ਲਿਖੇ ਸਲੋਕ ਦੇ ਜਵਾਬ ਵਿਚ ਰਚਿਆ ਸੀ। ਇਹ ਦੋਹਰਾ ਨੌਵੇਂ ਪਾਤਸ਼ਾਹ ਦੇ ਸਲੋਕਾਂ ਵਿਚ ਦਰਜ ਹੈ, ਉੱਥੇ ਇਸ ਦੇ ਵੱਖਰਾ ਹੋਣ ਦਾ ਕੋਈ ਸੰਕੇਤ ਨਹੀ ਪਰ ਹੱਥ ਲਿਖਤ ਬੀੜਾਂ ਵਿਚ 'ਮਹਲਾ 10 ਜਾਂ ਪਾਤਸ਼ਾਹੀ 10' ਲਿਖ ਕੇ ਇਸ ਦੀ ਪੁਸ਼ਟੀ ਕੀਤੀ ਗਈ ਹੈ।

'ਸ੍ਰੀ ਗੁਰੂ ਗ੍ਰੰਥ ਪ੍ਰਕਾਸ਼' (ਲੇਖਕ 'ਪਿਆਰਾ ਸਿੰਘ ਪਦਮ') ਵਿਚ ਦਰਜ ਹੈ ਕਿ 15 ਭਗਤ, ਭਗਤ ਜੈ ਦੇਵ ਜੀ (1171-1204 ਈਸਵੀ) ਕੁੱਲ ਛੰਦ 2, ਜੋ ਗੂਜਰੀ ਤੇ ਮਾਰੂ ਰਾਗਾਂ ਵਿਚ ਉਚਾਰੇ ਗਏ ਹਨ, ਭਗਤ ਸ਼ੇਖ਼ ਫ਼ਰੀਦ ਜੀ (1175-1265 ਈਸਵੀ), 18 ਗੁਰੂਆਂ ਦੇ ਪਾ ਕੇ ਕੁੱਲ 134 ਛੰਦ ਆਸਾ ਤੇ ਸੂਹੀ ਰਾਗ ਵਿਚ ਉਚਾਰੇ ਗਏ ਹਨ। ਭਗਤ ਨਾਮਦੇਵ ਜੀ (1270-1350 ਈਸਵੀ) ਕੁੱਲ ਛੰਦ 60 ਜੋ 18 ਰਾਗਾਂ ਗਉੜੀ, ਆਸਾ, ਗੂਜਰੀ, ਸੋਰਿਠ, ਧਨਾਸਰੀ, ਟੋਡੀ, ਤਿਲੰਗ, ਬਿਲਾਵਲ, ਗੌਂਡ, ਰਾਮਕਲੀ, ਮਾਲੀ ਗਉੜਾ, ਮਾਰੂ, ਭੈਰਉ, ਬਸੰਤ, ਸਾਰੰਗ, ਮਲਾਰ, ਕਾਨੜਾ ਤੇ ਪ੍ਰਭਾਤੀ ਵਿਚ ਉਚਾਰੀ ਗਈ ਹੈ। ਭਗਤ ਤ੍ਰਿਲੋਚਨ ਜੀ (1267-1335 ਈਸਵੀ) ਕੁੱਲ ਛੰਦ 4, ਜੋ ਸਿਰੀ, ਗੂਜਰੀ ਤੇ ਪ੍ਰਭਾਤੀ ਰਾਗਾਂ ਵਿਚ ਉਚਾਰੇ ਗਏ ਹਨ। ਭਗਤ ਬੇਣੀ ਜੀ (14ਵੀਂ ਸਦੀ) ਕੁੱਲ 3 ਛੰਦ, ਜੋ ਸਿਰੀ, ਰਾਮਕਲੀ ਤੇ ਪ੍ਰਭਾਤੀ ਰਾਗ 'ਚ ਉਚਾਰੇ ਗਏ ਹਨ। ਭਗਤ ਸੈਣ ਜੀ (1390-1440 ਈਸਵੀ) 1 ਛੰਦ, ਧਨਾਸਰੀ ਰਾਗ ਵਿਚ, ਭਗਤ ਧੰਨਾ ਜੀ (15ਵੀਂ ਸਦੀ) 4 ਛੰਦ, ਆਸਾ ਤੇ ਧਨਾਸਰੀ ਰਾਗ ਵਿਚ, ਭਗਤ ਭੀਖਨ ਜੀ (1480-1573 ਈਸਵੀ) 2 ਛੰਦ ਸੋਰਿਠ ਰਾਗ ਵਿਚ, ਭਗਤ ਪੀਪਾ ਜੀ (1408-1468 ਈਸਵੀ) 1 ਛੰਦ ਧਨਾਸਰੀ ਰਾਗ ਵਿਚ ਹਨ। ਭਗਤ ਸਧਨਾ ਜੀ (15ਵੀਂ ਸਦੀ) 1 ਛੰਦ ਬਿਲਾਵਲ ਰਾਗ ਵਿਚ, ਭਗਤ ਰਾਮਾਨੰਦ ਜੀ (1366-1467 ਈਸਵੀ) 1 ਛੰਦ ਬਸੰਤ ਰਾਗ 'ਚ, ਭਗਤ ਕਬੀਰ ਜੀ (1389-1495 ਈਸਵੀ) ਕੁੱਲ ਛੰਦ 541, ਜੋ 17 ਰਾਗਾਂ ਸਿਰੀ, ਗਉੜੀ, ਆਸਾ, ਗੂਜਰੀ, ਸੋਰਿਠ, ਧਨਾਸਰੀ, ਤਿਲੰਗ, ਸੂਹੀ, ਬਿਲਾਵਲ, ਗੌਂਡ, ਰਾਮਕਲੀ, ਮਾਰੂ, ਕੇਦਾਰਾ, ਭੈਰਉ, ਬਸੰਤ, ਸਾਰੰਗ ਤੇ ਪ੍ਰਭਾਤੀ 'ਚ ਉਚਾਰੇ ਗਏ ਹਨ। ਭਗਤ ਰਵਿਦਾਸ ਜੀ (15ਵੀਂ ਸਦੀ) ਦੇ ਕੁੱਲ ਛੰਦ 41, ਜੋ 16 ਰਾਗਾਂ ਸਿਰੀ, ਗਉੜੀ, ਆਸਾ, ਗੂਜਰੀ, ਸੋਰਿਠ, ਧਨਾਸਰੀ, ਜੈਤਸਰੀ, ਸੂਹੀ, ਬਿਲਾਵਲ, ਗੌਂਡ, ਰਾਮਕਲੀ, ਮਾਰੂ, ਕੇਦਾਰਾ, ਭੈਰਉ, ਬਸੰਤ ਤੇ ਮਲਾਰ 'ਚ ਉਚਾਰੇ ਗਏ ਹਨ। ਭਗਤ ਪਰਮਾਨੰਦ ਜੀ (15ਵੀਂ ਸਦੀ) 1 ਛੰਦ ਸਾਰੰਗ ਰਾਗ ਵਿਚ, ਭਗਤ ਸੂਰਦਾਸ ਜੀ 1 ਛੰਦ ਸਾਰੰਗ ਰਾਗ ਵਿਚ ਹੈ।



ਗਿਆਰਾਂ ਭੱਟਾਂ, ਭੱਟ ਭਿੱਖਾ ਜੀ (16ਵੀਂ ਸਦੀ) ਦੇ 2 ਛੰਦ ਹਨ, ਭੱਟ ਕਲਸਹਾਰ ਜੀ (16ਵੀਂ ਸਦੀ) 54 ਛੰਦ ਹਨ, ਭੱਟ ਜਾਲਪ ਜੀ (16ਵੀਂ ਸਦੀ) 5 ਛੰਦ, ਭੱਟ ਕੀਰਤ ਜੀ (16ਵੀਂ ਸਦੀ) 8 ਛੰਦ, ਭੱਟ ਸਲ ਜੀ (16ਵੀਂ ਸਦੀ) 3 ਛੰਦ ਹਨ, ਭੱਟ ਭੱਲ ਜੀ (16ਵੀਂ ਸਦੀ) 1 ਛੰਦ ਹੈ, ਭੱਟ ਨੱਲ ਜੀ (16ਵੀਂ ਸਦੀ) 16 ਛੰਦ, ਭੱਟ ਬੱਲ ਜੀ (16ਵੀਂ ਸਦੀ) 5 ਛੰਦ, ਭੱਟ ਪਰਮਾਨੰਦ ਜੀ 13 ਛੰਦ, ਭੱਟ ਹਰਿਬੰਸ ਜੀ (16ਵੀਂ ਸਦੀ) 2 ਛੰਦ, ਭੱਟ ਮਥਰਾ ਜੀ ਦੇ 14 ਛੰਦ ਗੁਰੂ ਗ੍ਰੰਥ ਸਾਹਿਬ 'ਚ ਦਰਜ ਹਨ।

ਚਾਰ ਗੁਰਸਿੱਖਾਂ ਭਾਈ ਸੁੰਦਰ ਜੀ (1560-1610 ਈਸਵੀ) ਦੇ ਕੁੱਲ 6 ਛੰਦ ਰਾਮਕਲੀ ਰਾਗ ਵਿਚ ਦਰਜ ਹਨ। ਭਾਈ ਮਰਦਾਨਾ ਜੀ (1460-1530 ਈਸਵੀ) ਦੇ ਕੁੱਲ 3 ਛੰਦ ਹਨ। ਭਾਈ ਸੱਤਾ ਜੀ (16ਵੀਂ ਸਦੀ) 3 ਛੰਦ ਰਾਮਕਲੀ ਰਾਗ ਵਿਚ ਅਤੇ ਭਾਈ ਰਾਇ ਬਲਵੰਡ ਜੀ (16ਵੀਂ ਸਦੀ) ਦੇ 5 ਛੰਦ ਰਾਮਕਲੀ ਰਾਗ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹਨ।

ਇਸ ਤਰ੍ਹਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਕੁੱਲ 5894 ਛੰਦ ਹਨ। ਇਹ ਵੇਰਵਾ ਡਾ. ਚਰਨ ਸਿੰਘ ਜੀ ਦੀ ਗਿਣਤੀ ਅਨੁਸਾਰ ਹੈ। ਭਾਈ ਕਾਨ੍ਹ ਸਿੰਘ ਨਾਭਾ ਨੇ ਛੰਦਾਂ ਦੀ ਕੁੱਲ ਗਿਣਤੀ 5867 ਦਿੱਤੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਕੁੱਲ 1430 ਅੰਗ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ 31 ਰਾਗਾਂ ਸ੍ਰੀ ਰਾਗ, ਰਾਗ ਮਾਝ, ਰਾਗ ਗਉੜੀ, ਰਾਗ ਆਸਾ, ਰਾਗ ਗੂਜਰੀ, ਰਾਗ ਦੇਵਗੰਧਾਰੀ, ਰਾਗ ਬਿਹਾਗੜਾ, ਰਾਗ ਵਡਹੰਸ, ਰਾਗ ਸੋਰਠਿ, ਰਾਗ ਧਨਾਸਰੀ, ਰਾਗ ਜੈਤਸਰੀ, ਰਾਗ ਟੋਡੀ, ਰਾਗ ਬੈਰਾੜੀ, ਰਾਗ ਤਿਲੰਗ, ਰਾਗ ਸੂਹੀ, ਰਾਗ ਬਿਲਾਵਲ, ਰਾਗ ਗੌਂਡ, ਰਾਗ ਰਾਮਕਲੀ, ਰਾਗ ਨਟ, ਰਾਗ ਮਾਲੀ ਗਉੜਾ, ਰਾਗ ਮਾਰੂ, ਰਾਗ ਤੁਖਾਰੀ, ਰਾਗ ਕੇਦਾਰਾ, ਰਾਗ ਭੈਰਉ, ਰਾਗ ਬਸੰਤੁ, ਰਾਗ ਸਾਰੰਗ, ਰਾਗ ਕਾਨੜਾ, ਰਾਗ ਮਲਾਰ, ਰਾਗ ਕਲਿਆਣ, ਰਾਗ ਪ੍ਰਭਾਤੀ ਤੇ ਰਾਗ ਜੈਜਾਵੰਤੀ ਵਿਚ ਉਚਾਰੀ ਗਈ ਹੈ। ਪਹਿਲਾਂ ਬਾਣੀ 30 ਰਾਗਾਂ ਵਿਚ ਰਚੀ ਗਈ ਸੀ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੀ ਮਹਾਨ ਬਾਣੀ ਨੂੰ ਰਾਗ 'ਜੈਜਾਵੰਤੀ' ਵਿਚ ਦਰਜ ਕੀਤਾ ਤਾਂ ਇਹ ਮਹਾਨ ਬਾਣੀ 31 ਰਾਗਾਂ ਵਿਚ ਹੋ ਗਈ। ਇਸ ਮਹਾਨ ਕਾਰਜ ਦੀ ਸੰਪੂਰਨਤਾ 1706 ਈਸਵੀ ਨੂੰ ਹੋਈ।

ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ 9 ਧੁਨੀਆਂ, 22 ਵਾਰਾਂ ਹਨ। ਬਾਣੀ ਰਾਗਾਂ ਵਿਚ ਪਹਿਲਾਂ ਪਦੇ, ਦੁਪਦੇ, ਤਿਪਦੇ, ਚੌਪਦੇ, ਸ਼ਬਦ, ਅਸ਼ਟਪਦੀਆਂ, ਛੰਤ, ਵਾਰਾਂ ਤੇ ਸਲੋਕ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਬਾਣੀਆਂ ਦੇ ਤਿੰਨ ਭਾਗ ਹਨ-ਪਹਿਲਾ ਨਿੱਤਨੇਮ ਦੀਆਂ ਬਾਣੀਆਂ, ਦੂਜਾ ਰਾਗਬੱਧ ਬਾਣੀਆਂ, ਤੀਜਾ ਰਾਗ ਰਹਿਤ ਬਾਣੀਆਂ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਸੰਤ ਭਾਸ਼ਾ, ਬ੍ਰਿਜ ਭਾਸ਼ਾ, ਹਿੰਦਵੀ, ਭੱਟ ਭਾਸ਼ਾ, ਰੇਖਤਾ, ਸਹਸਕ੍ਰਿਤ, ਗਾਥਾ, ਅਪਭ੍ਰਾਂਸ, ਪੰਜਾਬੀ ਤੇ ਲਹਿੰਦੀ ਆਦਿ ਭਾਸ਼ਾਵਾਂ ਵਿਚ ਲਿਖੀ ਗਈ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਇਸ ਕਲਯੁਗ ਵਿਚ ਚਾਨਣ-ਮੁਨਾਰਾ ਹਨ। ਹਰ ਪ੍ਰਾਣੀ ਸੱਚੀ ਸ਼ਰਧਾ ਰੱਖ ਕੇ ਆਪਣਾ ਜੀਵਨ ਸਫਲ ਬਣਾ ਸਕਦਾ ਹੈ। ਬਾਣੀ ਵਿਚ ਉਚਾਰਿਆ ਗਿਆ ਹੈ :

*ਬਾਣੀ ਗੁਰੂ ਗੁਰੂ ਹੈ ਬਾਣੀ ਵਿਚਿ ਬਾਣੀ ਅੰਮ੍ਰਿਤ ਸਾਰੇ॥*
*ਗੁਰ ਬਾਣੀ ਕਹੈ ਸੇਵਕੁ ਜਨੁ ਮਾਨੈ ਪਰਤਖਿ ਗੁਰੂ ਨਿਸਤਾਰੇ॥*

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਅਬਚਲ ਨਗਰ, ਸ੍ਰੀ ਹਜ਼ੂਰ ਸਾਹਿਬ, ਨੰਦੇੜ ਵਿਖੇ ਅਕਤੂਬਰ 1708 ਈਸਵੀ ਨੂੰ ਜੋਤੀ ਜੋਤ ਸਮਾਉਣ ਤੋਂ ਇਕ ਦਿਨ ਪਹਿਲਾਂ ਮੱਥਾ ਟੇਕ ਕੇ ਗੁਰੂ ਪਦਵੀ ਦਿੱਤੀ ਅਤੇ ਸਿੱਖ ਪੰਥ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਲੜ ਲਾਇਆ :

*ਆਗਿਆ ਭਈ ਅਕਾਲ ਕੀ ਤਬੈ ਚਲਾਯੋ ਪੰਥ॥*
*ਸਭ ਸਿੱਖਨ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ॥*
*ਗੁਰੂ ਗ੍ਰੰਥ ਜੀ ਮਾਨਿਓ ਪ੍ਰਗਟ ਗੁਰਾਂ ਕੀ ਦੇਹ॥*
*ਜੋ ਪ੍ਰਭੁ ਕੋ ਮਿਲਬੋ ਚਹੈ ਖੋਜ ਸ਼ਬਦ ਮੈ ਲੇਹ॥*

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਮੂਹ ਸਿੱਖ ਸੰਗਤਾਂ ਨੂੰ ਹੁਕਮ ਕੀਤਾ ਕਿ ਅੱਜ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਹਾਜ਼ਰ-ਨਾਜਰ ਗੁਰੂ ਜਾਣ ਕੇ ਨਮਸਕਾਰ ਕਰਨੀ ਹੈ। ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨਾ ਹੈ ਤੇ ਦੇਹਧਾਰੀ ਪਾਖੰਡੀਆਂ ਦੇ ਪਿੱਛੇ ਨਹੀ ਲੱਗਣਾ ਅਤੇ ਹਮੇਸ਼ਾ ਬਾਣੀ ਤੇ ਬਾਣੇ ਦੀ ਲਾਜ ਰੱਖਣੀ ਹੈ। •

# ਜਵੱਦੀ ਟਕਸਾਲ ਦੀ ਗੁਰਮਤਿ ਸੰਗੀਤ ਨੂੰ ਦੇਣ



ਤੀਰਥ ਸਿੰਘ ਢਿੱਲੋਂ
98154-61710





ਗੁਰੂ ਨਾਨਕ ਦੇਵ ਜੀ ਮਹਾਰਾਜ ਵੱਲੋਂ ਤੰਤੀ ਸਾਜ਼ਾਂ ਨਾਲ ਸ਼ੁਰੂ ਕੀਤੀ ਗਈ ਕੀਰਤਨ ਦੀ ਮਹਾਨ ਪਰੰਪਰਾ ਦੀ ਬਹਾਲੀ ਲਈ ਲੁਧਿਆਣਾ ਦੇ ਨਾਲ ਲਗਦੇ ਇਤਿਹਾਸਕ ਪਿੰਡ ਜਵੱਦੀ ਕਲਾਂ ਸਥਿਤ ਜਵੱਦੀ ਟਕਸਾਲ ਦੀ ਦੇਣ ਉੱਪਰ ਸਮੁੱਚੇ ਕੀਰਤਨ ਤੇ ਸੰਗੀਤ ਪ੍ਰੇਮੀਆਂ ਨੂੰ ਮਾਣ ਹੈ। ਇਸ ਪਿੰਡ ਨੂੰ ਛੇਵੇਂ ਪਾਤਸ਼ਾਹ ਗੁਰੂ ਹਰਗੋਬਿੰਦ ਸਾਹਿਬ ਦੀ ਚਰਨ ਛੋਹ ਪ੍ਰਾਪਤ ਹੈ। ਇਸ ਪਾਵਨ ਭੂਮੀ ਉੱਤੇ ਗੁਰੂ ਸਾਹਿਬ ਦੀ ਰਹਿਮਤ ਸਦਕਾ ਸਚਖੰਡ ਵਾਸੀ ਸੰਤ ਸੁੱਚਾ ਸਿੰਘ ਨੇ 1991 ਵਿਚ 'ਵਿਸਮਾਦੁ ਨਾਦ' ਸੰਸਥਾ ਬਣਾਈ। ਸੰਸਥਾ ਨੇ ਸਿੱਖ ਵਿਰਸੇ ਦੀ ਖੋਜ ਦੇ ਕਾਰਜ ਨੂੰ ਸੰਭਾਲਣ ਦਾ ਜ਼ਿੰਮਾ ਲਿਆ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ 31 ਰਾਗਾਂ ਦੇ ਸ਼ੁੱਧ ਸਰੂਪ ਨਿਸ਼ਚਤ ਕਰਨ ਲਈ 'ਰਾਗ ਨਿਰਣਾਇਕ ਕਮੇਟੀ' ਬਣਾਈ, ਜਿਸ ਵਿਚ ਸੰਤ ਸੁੱਚਾ ਸਿੰਘ ਦੇ ਨਿਰਦੇਸ਼ ਤਹਿਤ ਮਹਾਨ ਸੰਗੀਤ ਅਚਾਰੀਆ ਪੰਡਿਤ ਦਲੀਪ ਚੰਦਰ ਦੀ ਅਗਵਾਈ ਹੇਠ ਵਡਮੁੱਲਾ ਕੰਮ ਹੋਇਆ। ਇਸ ਕਮੇਟੀ ਨੇ ਜਿੱਥੇ ਭਾਰਤੀ ਸੰਗੀਤ ਨਾਲ ਮੇਲ ਖਾਂਦੇ 18 ਰਾਗ ਸਾਹਮਣੇ ਲਿਆਂਦੇ ਉੱਥੇ ਬੈਰਾੜੀ, ਸੂਹੀ ਗਉੜੀ, ਨੱਟ ਨਾਰਾਇਣ, ਤੁਖਾਰੀ, ਪ੍ਰਭਾਤੀ, ਮਾਲੀ ਗਉੜਾ ਵਰਗੇ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਰਾਗਾਂ ਬਾਰੇ ਵੀ ਰਾਏ ਸੰਗਤਾਂ ਨਾਲ ਸਾਂਝੀ ਕੀਤੀ। ਇਹ ਤੱਥ ਵੀ ਸਾਹਮਣੇ ਆਇਆ ਕਿ ਮਾਝ ਰਾਗ ਕੇਵਲ ਗੁਰਮਤਿ ਸੰਗੀਤ ਦੀ ਹੀ ਦੇਣ ਹੈ।

## ਸੰਗੀਤ ਸੰਮੇਲਨਾਂ ਦਾ ਆਗਾਜ਼

ਸੰਤ ਸੁੱਚਾ ਸਿੰਘ ਦੀ ਸੁਨਹਿਰੀ ਅੱਖਰਾਂ 'ਚ ਲਿਖੀ ਜਾਣ ਵਾਲੀ ਦੇਣ ਹੈ ਉਨ੍ਹਾਂ ਵੱਲੋਂ ਜਵੱਦੀ ਕਲਾਂ ਵਿਖੇ 1991 'ਚ ਆਰੰਭ ਕੀਤੇ ਗਏ ਅਦੁੱਤੀ ਗੁਰਮਤਿ ਸੰਗੀਤ ਸੰਮੇਲਨ। ਇਹ ਗੁਰਮਤਿ ਸੰਗੀਤ ਲੜੀ ਉਨ੍ਹਾਂ ਦੇ ਸੱਚਖੰਡ ਜਾ ਬਿਰਾਜਣ ਮਗਰੋਂ ਸੰਤ ਅਮੀਰ ਸਿੰਘ ਦੁਆਰਾ ਜਾਰੀ ਰੱਖੀ ਜਾ ਰਹੀ ਹੈ। ਇਸ ਲੜੀ ਦਾ ਪਲੇਠਾ ਸੰਮੇਲਨ 10 ਤੋਂ 13 ਅਕਤੂਬਰ ਤਕ ਹੋਇਆ। ਇਸ ਸੰਗੀਤ ਸੰਮੇਲਨ ਨੇ ਗੁਰਮਤਿ ਸੰਗੀਤ ਦਾ ਜੋ ਮਿਆਰ ਸਥਾਪਤ ਕੀਤਾ ਉਹ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ-ਸਰੋਤ ਰਹੇਗਾ। ਪਹਿਲੇ ਸੰਮੇਲਨ ਵਿਚ ਭਾਈ ਬਲਬੀਰ ਸਿੰਘ, ਡਾ. ਗੁਰਨਾਮ ਸਿੰਘ ਪਟਿਆਲਾ, ਪ੍ਰੋ. ਕਰਤਾਰ ਸਿੰਘ, ਪ੍ਰੋ. ਹਰਚੰਦ ਸਿੰਘ, ਸਿੰਘ ਬੰਧੂ ਦਿੱਲੀ, ਗੀਤਾ ਪੇਂਤਲ, ਡਾ. ਜਸਬੀਰ ਕੌਰ ਪਟਿਆਲਾ, ਭਾਈ ਦਿਲਬਾਗ ਸਿੰਘ-ਗੁਲਬਾਗ਼ ਸਿੰਘ, ਪ੍ਰਿੰ. ਚੰਨਣ ਸਿੰਘ ਮਜਬੂਰ, ਡਾ. ਨਿਵੇਦਿਤਾ ਸਿੰਘ ਪਟਿਆਲਾ ਤੇ ਹੋਰ ਮਹਾਨ ਰਾਗੀਆਂ ਨੇ ਸ਼ੁੱਧ ਗੁਰਮਤਿ ਸ਼ੈਲੀ ਰਾਹੀਂ ਸਮਾਂ ਬੰਨ੍ਹਿਆ। ਇਸ ਤੋਂ ਬਾਅਦ ਦੇ ਅਦੁੱਤੀ ਸੰਗੀਤ ਸੰਮੇਲਨਾਂ 'ਚ ਪਦਮਸ਼੍ਰੀ ਭਾਈ ਨਿਰਮਲ ਸਿੰਘ ਖ਼ਾਲਸਾ, ਸਵਰਗੀ ਭਾਈ ਅਮਰੀਕ ਸਿੰਘ ਜ਼ਖ਼ਮੀ, ਭਾਈ ਪ੍ਰਿਥੀਪਾਲ ਸਿੰਘ, ਮੋਹਨ ਪਾਲ ਸਿੰਘ ਪਟਿਆਲਾ, ਭਾਈ ਰਣਧੀਰ ਸਿੰਘ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਇਲਾਵਾ ਸੰਤ ਸਤਨਾਮ ਸਿੰਘ ਕਿਸ਼ਨਗੜ੍ਹ, ਉਸਤਾਦ ਕਾਲੇ ਰਾਮ (ਤਬਲਾ), ਅਸ਼ਵਨੀ ਕੁਮਾਰ (ਤਾਨਪੂਰਾ), ਓਮ ਪ੍ਰਕਾਸ਼ ਤੇ ਭਾਈ ਚਤਰ ਸਿੰਘ (ਦਿਲਰੁਬਾ), ਜਸਵੰਤ ਸਿੰਘ ਦਿੱਲੀ ਤੇ ਕਸਤੂਰੀ ਲਾਲ (ਵਾਇਲਨ) ਵੀ ਸੰਗੀਤਕ ਫ਼ਨ ਪੇਸ਼ ਕਰਦੇ ਰਹੇ ਹਨ। ਇਸ ਤੋਂ ਇਲਾਵਾ ਤਾਰ ਸ਼ਹਿਨਾਈ, ਤਾਊਸ ਤੇ ਸਾਰੰਦੇ ਦੀ ਵੀ ਕਲਾਤਮਕ ਵਰਤੋਂ ਗੁਰਬਾਣੀ ਕੀਰਤਨ ਵਿਚ ਕੀਤੀ ਗਈ। ਇਸ ਦੌਰਾਨ, ਤਾਲ ਕਹਿਰਵਾ ਤੇ ਦਾਦਰਾ ਵਜਾਉਣ ਦੀ ਆਗਿਆ ਨਹੀਂ ਸੀ, ਸਿਰਫ਼ ਪ੍ਰਵਾਨਤ ਬਿਖਰੇ ਤਾਲਾਂ ਵਿਚ ਹੀ ਗੁਰਬਾਣੀ ਗਾਇਨ ਪੇਸ਼ ਕੀਤਾ ਗਿਆ।

ਸੰਤ ਸੁੱਚਾ ਸਿੰਘ ਨੇ ਪੰਜਾਬ ਤੋਂ ਬਾਹਰ ਤਖ਼ਤ ਸ੍ਰੀ ਹਜ਼ੂਰ ਸਾਹਿਬ ਨੰਦੇੜ ਤੋਂ ਇਲਾਵਾ ਮੁੰਬਈ, ਪੂਨਾ, ਇੰਦੌਰ, ਗਵਾਲੀਅਰ, ਆਗਰਾ ਸਮੇਤ ਵੱਖ-ਵੱਖ ਥਾਵਾਂ 'ਤੇ ਵੀ ਮਹਾਨ ਗੁਰਮਤਿ ਸੰਗੀਤ ਸੰਮੇਲਨ ਕਰਵਾਏ। ਇਹ ਸੰਮੇਲਨ ਸੰਤ ਸੁੱਚਾ ਸਿੰਘ ਨੇ 27 ਅਗਸਤ 2002 ਨੂੰ ਆਪਣੇ ਸਚਖੰਡ ਪਿਆਨੇ ਤਕ ਨਿਰੰਤਰਤਾ ਨਾਲ ਜਾਰੀ ਰੱਖੇ। ਉਨ੍ਹਾਂ ਤੋਂ ਉਪਰੰਤ ਸੰਤ ਅਮੀਰ ਸਿੰਘ ਨੂੰ ਇਸ ਟਕਸਾਲ ਦੇ ਮੁਖੀ ਦੀ ਸੇਵਾ ਪੰਥ ਵੱਲੋਂ ਸੌਂਪੀ ਗਈ। ਸੰਤ ਅਮੀਰ ਸਿੰਘ ਨੇ 2016 ਵਿਚ ਅਦੁੱਤੀ ਗੁਰਮਤਿ ਸੰਗੀਤ ਸੰਮੇਲਨਾਂ ਦੀ ਸਿਲਵਰ ਜੁਬਲੀ ਮਨਾਈ, ਜਿਸ ਵਿਚ 25 ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਪੰਜਾਬ ਦੇ ਵੱਖ-ਵੱਖ ਸ਼ਹਿਰਾਂ 'ਚ 25 ਰਾਗ ਦਰਬਾਰ ਸੰਤ ਅਮੀਰ ਸਿੰਘ ਜੀ ਵੱਲੋਂ ਕਰਵਾਏ ਗਏ ਤੇ ਇਕ ਯੂਨੀਵਰਸਿਟੀ ਵਿਚ ਗੁਰਮਤਿ ਸੰਗੀਤ ਬਾਰੇ ਵਿਚਾਰ-ਗੋਸ਼ਟੀ ਕਰਵਾਈ ਗਈ। ਸੰਤ ਅਮੀਰ ਸਿੰਘ ਦੀ ਅਗਵਾਈ ਵਿਚ ਵਿਦਿਆਰਥੀਆਂ ਨੂੰ ਤੰਤੀ ਸਾਜ਼ਾਂ ਨਾਲ ਗੁਰਮਤਿ ਸੰਗੀਤ ਦੀ ਸਿੱਖਿਆ ਪ੍ਰੋ. ਜਤਿੰਦਰ ਪਾਲ ਸਿੰਘ, ਪੰਡਿਤ ਰਮਾਕਾਂਤ, ਪ੍ਰੋ. ਰਮਨਦੀਪ ਕੌਰ, ਪ੍ਰੋ. ਚਰਨਜੀਤ ਕੌਰ, ਪ੍ਰੋ. ਤਜਿੰਦਰ ਸਿੰਘ, ਪ੍ਰੋ. ਇੰਦਰਜੀਤ ਸਿੰਘ ਬਿੰਦੂ ਤੇ ਪ੍ਰੋ. ਮਨਿੰਦਰ ਸਿੰਘ ਤਬਲਾ ਵਾਦਕ, ਉਸਤਾਦ ਸਵਰਨ ਸਿੰਘ ਦੁਆਰਾ ਦਿੱਤੀ ਜਾ ਰਹੀ ਹੈ। ਟਕਸਾਲ ਵੱਲੋਂ ਗੁਰਮਤਿ ਸੰਗੀਤ ਦੇ ਘੋੜੀਆਂ, ਅਲਾਹੁਣੀਆਂ, ਵਾਰਾਂ, ਅੰਜਲੀ ਤੇ ਛੰਤ ਆਦਿ ਲੋਕ ਅੰਗਾਂ ਬਾਰੇ ਵੀ ਵਿਸ਼ੇਸ਼ ਕੀਰਤਨ ਦਰਬਾਰ ਕਰਵਾਏ ਗਏ।

ਸਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਰਾਗੀ ਸਿੰਘਾਂ ਨਾਲ ਜਿੰਨੇ ਵੀ ਉਚ ਕੋਟੀ ਦੇ ਤੰਤੀ ਸਾਜ਼ ਵਜਾਉਣ ਵਾਲੇ ਫ਼ਨਕਾਰ ਸੰਗਤ ਕਰਦੇ ਹਨ ਉਹ ਜਵੱਦੀ ਟਕਸਾਲ ਤੋਂ ਹੀ ਸਿੱਖਿਆ ਪ੍ਰਾਪਤ ਕਰ ਕੇ ਸੇਵਾ ਨਿਭਾ ਰਹੇ ਹਨ। ਸੰਤ ਸੁੱਚਾ ਸਿੰਘ ਤੋਂ ਲੈ ਕੇ ਸੰਤ ਅਮੀਰ ਸਿੰਘ ਤਕ ਲਗਪਗ 30 ਹਜ਼ਾਰ ਤੋਂ ਵਧੇਰੇ ਵਿਦਿਆਰਥੀ ਗੁਰਮਤਿ ਸੰਗੀਤ, ਗੁਰਬਾਣੀ ਸੰਥਿਆ ਤੇ ਵਾਦਨ ਦੀ ਸਿੱਖਿਆ ਪ੍ਰਾਪਤ ਕਰ ਚੁੱਕੇ ਹਨ। ਜਵੱਦੀ ਕਲਾਂ ਵਿਖੇ ਵਿਦਿਆਰਥੀਆਂ ਦੀ ਰਿਹਾਇਸ਼ ਤੇ ਲੰਗਰ ਦਾ ਪ੍ਰਬੰਧ ਟਕਸਾਲ ਵੱਲੋਂ ਕੀਤਾ ਜਾਂਦਾ ਹੈ ਤੇ ਉਨ੍ਹਾਂ ਨੂੰ ਵਜ਼ੀਫ਼ੇ ਵੀ ਦਿੱਤੇ ਜਾਂਦੇ ਹਨ।

## ਪ੍ਰਕਾਸ਼ਨਾਵਾਂ

ਰਾਗ ਨਾਦੁ ਸਬਦਿ ਸਬੰਧੀ ਗੁਰੂ ਗ੍ਰੰਥ ਸਾਹਿਬ ਦੀ ਮਨੁੱਖਤਾ ਨੂੰ ਦੇਣ, ਮਨ ਦਾ ਸੰਕਲਪ, ਦੇਹੀ ਦਾ ਸੰਕਲਪ, ਮੌਤ ਦਾ ਸੰਕਲਪ, ਰਾਗ ਨਾਦੁ ਸਬਦਿ ਸੋਹਣੇ, ਮਿਲਬੇ ਕੀ ਮਹਿਮਾ, ਗੁਰੂ ਨਾਲ ਸੰਗੀਤ ਪੱਧਤੀ-ਭਾਗ 1 ਤੇ 2 ਸਮੇਤ ਅਨੇਕ ਪ੍ਰਕਾਸ਼ਨਾਵਾਂ ਦੁਨੀਆ ਭਰ ਦੇ ਸੰਗੀਤ ਪ੍ਰੇਮੀਆਂ ਦਾ ਮਾਰਗਦਰਸ਼ਨ ਕਰ ਰਹੀਆਂ ਹਨ।

## ਆਡੀਓ-ਵੀਡੀਓ

1991 ਤੋਂ ਹੁਣ ਤਕ ਹੋਏ ਸੰਗੀਤ ਸੰਮੇਲਨਾਂ ਦੀਆਂ ਆਡੀਓ-ਵੀਡੀਓ ਕੈਸੇਟਾਂ ਟਕਸਾਲ ਕੋਲ ਉਪਲਬਧ ਹਨ ਤੇ ਇਨ੍ਹਾਂ ਨੂੰ ਯੂ-ਟਿਊਬ 'ਤੇ ਵੀ ਪਾਇਆ ਗਿਆ ਹੈ। 'ਗਉੜੀ ਰਾਗੁ ਸੁਲਖਣੀ' ਨਾਂ ਦਾ ਤਿੰਨ ਸੀਡੀਜ਼ ਦਾ ਸੈੱਟ ਬਹੁਤ ਸਲਾਹਿਆ ਗਿਆ। ਟਕਸਾਲ ਦੇ ਜਥਿਆਂ ਦੀ 'ਵੱਡਾ ਤੇਰਾ ਦਰਬਾਰ' ਨਾਂ ਦੀ ਆਡੀਓ ਵੀ ਉਪਲਬਧ ਹੈ।

## ਗੁਰਮਤਿ ਸੰਗੀਤ ਐਵਾਰਡ

ਗੁਰਮਤਿ ਸੰਗੀਤ ਦੇ ਖੇਤਰ 'ਚ ਵਡਮੁੱਲਾ ਯੋਗਦਾਨ ਪਾਉਣ ਵਾਲੇ 14 ਜਥਿਆਂ ਨੂੰ ਹੁਣ ਤਕ ਟਕਸਾਲ ਵੱਲੋਂ ਗੁਰਮਤਿ ਸੰਗੀਤ ਐਵਾਰਡ ਨਾਲ ਸਨਮਾਨਤ ਕੀਤਾ ਜਾ ਚੁੱਕਾ ਹੈ। ਟਕਸਾਲ ਵੱਲੋਂ ਗੁਰਦੁਆਰਾ ਹਰਗੋਬਿੰਦਗੜ੍ਹ (ਜੈਤੋ ਮੰਡੀ) ਤੇ ਗੁਰਦੁਆਰਾ ਸਾਹਿਬਜ਼ਾਦਾ ਫ਼ਤਹਿ ਸਿੰਘ ਹੈਬੋਵਾਲ ਵਿਖੇ ਵੀ ਤਬਲਾ ਵਾਦਨ ਤੇ ਤੰਤੀ ਸਾਜ਼ਾਂ ਦੀ ਸਿੱਖਿਆ ਦਿੱਤੀ ਜਾ ਰਹੀ ਹੈ। ਮੌਜੂਦਾ ਮੁਖੀ ਸੰਤ ਅਮੀਰ ਸਿੰਘ ਜਿੱਥੇ ਪੰਥ ਦੇ ਮਹਾਨ ਕਥਾ ਵਾਚਕ ਹਨ ਉੱਥੇ ਪੁਰਾਤਨ ਗੁਰਮਤਿ ਸ਼ੈਲੀ ਅਨੁਸਾਰ ਖ਼ੁਦ ਵੀ ਕੀਰਤਨ ਕਰ ਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜ ਰਹੇ ਹਨ।

## ਸੰਤ ਸੁੱਚਾ ਸਿੰਘ ਨੂੰ 'ਸ਼੍ਰੋਮਣੀ ਗੁਰਮਤਿ ਸੰਗੀਤ ਪ੍ਰਚਾਰਕ' ਐਵਾਰਡ

ਸੰਤ ਸੁੱਚਾ ਸਿੰਘ ਨੇ ਦੇਸ਼-ਵਿਦੇਸ਼ 'ਚ ਕੀਰਤਨ ਦੀਆਂ ਵਰਕਸ਼ਾਪਾਂ, ਗੋਸ਼ਟੀਆਂ, ਪ੍ਰਕਾਸ਼ਨਾਵਾਂ ਤੇ ਰਾਗਬੱਧ ਕੀਰਤਨ ਦਰਬਾਰਾਂ ਜ਼ਰੀਏ ਜੋ ਸੇਵਾ ਕੀਤੀ ਹੈ, ਉਹ ਸੁਨਹਿਰੀ ਅੱਖ਼ਰਾਂ 'ਚ ਲਿਖਣਯੋਗ ਹੈ। ਉਨਾਂ ਦੀ ਇਸ ਮਹਾਨ ਦੇਣ ਦੇ ਮੱਦੇਨਜ਼ਰ ਸਿੱਖ ਪੰਥ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਵੱਲੋਂ 24 ਅਗਸਤ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਉਨ੍ਹਾਂ ਨੂੰ 'ਸ਼੍ਰੋਮਣੀ ਗੁਰਮਤਿ ਸੰਗੀਤ ਪ੍ਰਚਾਰਕ' ਦਾ ਵੱਕਾਰੀ ਸਨਮਾਨ ਦਿੱਤਾ ਗਿਆ। ਇਹ ਸਨਮਾਨ ਮੌਜੂਦਾ ਜਾਨਸ਼ੀਨ ਸੰਤ ਬਾਬਾ ਅਮੀਰ ਸਿੰਘ ਨੇ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਪਾਸੋਂ ਪ੍ਰਾਪਤ ਕੀਤਾ। ਇਹ ਐਵਾਰਡ ਪਹਿਲੀ ਵਾਰੀ ਕਿਸੇ ਪੰਥਕ ਸ਼ਖ਼ਸੀਅਤ ਨੂੰ ਦਿੱਤਾ ਗਿਆ ਹੈ। ਇਸ ਤੋਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਨਾ ਮਿਲੇਗੀ। ਨਿਰਸੰਦੇਹ ਸੰਤ ਸੁੱਚਾ ਸਿੰਘ ਦੀ ਦੇਣ ਨੂੰ ਸਿਜਦਾ ਕਰਨਾ ਬਣਦਾ ਹੈ। •

# ਗੁਰੂ ਗ੍ਰੰਥ ਸਾਹਿਬ ਦੀ ਸੰਪੂਰਨਤਾ ਦਾ ਅਸਥਾਨ ਦਮਦਮਾ ਸਾਹਿਬ



ਪ੍ਰੋ. ਨਵ ਸੰਗੀਤ ਸਿੰਘ

ਦਮਦਮਾ ਸਾਹਿਬ, ਜੋ ਕਿ ਇਤਿਹਾਸਕ ਕਸਬੇ ਤਲਵੰਡੀ ਸਾਬੋ ਦਾ ਹੀ ਦੂਜੀ ਨਾਂ ਹੈ, ਅਧਿਆਤਮ, ਧਾਰਮਿਕ, ਰਾਜਨੀਤਿਕ ਅਤੇ ਸਮਾਜਿਕ ਮਹੱਤਤਾ ਦਾ ਧਾਰਨੀ ਹੈ। ਇਸ ਨੂੰ 'ਗੁਰੂ ਕੀ ਕਾਸ਼ੀ' ਵਜੋਂ ਵੀ ਜਾਣਿਆ ਜਾਂਦਾ ਹੈ। ਸਿੱਖ ਪੰਥ ਦੇ ਚੌਥੇ ਤਖ਼ਤ ਵਜੋਂ ਮਾਨਤਾ ਪ੍ਰਾਪਤ ਇਸ ਧਰਮੱਗ ਧਰਤੀ 'ਤੇ ਗੁਰੂ ਨਾਨਕ ਦੇਵ ਜੀ, ਗੁਰੂ ਤੇਗ਼ ਬਹਾਦਰ ਜੀ ਅਤੇ ਗੁਰੂ ਗੋਬਿੰਦ ਸਿੰਘ ਦੀ ਨੇ ਆਪਣੇ ਚਰਨ ਪਾਏ।

'ਗੁਰ ਬਿਲਾਸ ਪਾਤਿਸ਼ਾਹੀ ਛੇਵੀਂ' ਵਿਚ ਅੰਕਿਤ ਹੈ ਕਿ ਇਕ ਵਾਰ ਸੰਗਤਾਂ ਨੇ ਗੁਰੂ ਹਰਿਗੋਬਿੰਦ ਸਾਹਿਬ ਨੂੰ ਬੇਨਤੀ ਕੀਤੀ, "ਹਜ਼ੂਰ ਆਪਨੇ ਪਹਿਲੇ ਸਤਿਗੁਰਾਂ ਵਾਂਗ ਗੁਰਬਾਣੀ ਦਾ ਉਚਾਰਨ ਕਿਉਂ ਨਹੀਂ ਕੀਤਾ" ਤਾਂ ਗੁਰੂਦੇਵ ਨੇ ਅੰਤਰਧਿਆਨ ਹੋ ਕੇ ਫਰਮਾਇਆ, "ਅਸੀਂ ਦਸਵੇਂ ਜਾਮੇ ਵਿਚ ਤਲਵੰਡੀ ਸਾਬੋ ਵਿਖੇ ਸ੍ਰੀ ਦਮਦਮਾ ਸਾਹਿਬ ਪ੍ਰਗਟ ਕਰ ਕੇ 'ਗੁਰੂ ਕੀ ਕਾਸ਼ੀ' ਦੀ ਸਥਾਪਨਾ ਕਰਾਂਗੇ ਅਤੇ ਗੁਰੂ ਗ੍ਰੰਥ ਸਾਹਿਬ ਦੀ ਪ੍ਰਮਾਣਿਕ ਬੀੜ ਲਿਖਾਂਗੇ" :

**ਸੁਣ ਕੇ ਹਮ ਤਾਹਿ ਕੇ ਬੈਨਨ ਕੋ,**
**ਦਮਦਮਾ ਸੁ ਮਾਲਵੇ ਬੀਚ ਸੁਧਾਰੋ।**
**ਫਿਗ ਤਾਹਿ ਤਲਵੰਡੀ ਕੇ ਕਾਸ਼ੀ ਰਚੋ,**
**ਜਹਿ ਬੈਲ ਪਢੇ ਹੋਏ ਬੁਧ ਉਦਾਰੋ।**
**ਗ੍ਰੰਥ ਉਚਾਰ ਕਰੋਂ ਤਹਾਂ ਬੈਠ ਕੇ, ਬੀੜ ਸੋਊ ਜਗ ਮਾਹਿ ਬਿਥਾਰੋ।**
**ਅਖਰ ਏਕ ਕਾ ਭੇਦ ਧਰੋ ਨਹਿ, ਮਮ ਦਾਸ ਗੁਰੂ ਸਮਰਥ ਬਿਚਾਰੋ।**

ਜਗਤ-ਗੁਰੂ ਬਾਬਾ ਨਾਨਕ ਪਹਿਲੀ ਉਦਾਸੀ ਸਮੇਂ 1515 ਈਸਵੀ ਵਿਚ ਸਰਸੇ ਤੋਂ ਸੁਲਤਾਨਪੁਰ ਜਾਂਦੇ ਹੋਏ ਇਥੇ ਬਿਰਾਜੇ ਸਨ, 159 ਸਾਲ ਪਿੱਛੋਂ 1674 ਈਸਵੀ ਵਿਚ ਗੁਰੂ ਤੇਗ਼ ਬਹਾਦਰ ਜੀ ਨੇ ਇਥੇ ਗੁਰੂਸਰ ਸਰੋਵਰ ਦਾ ਟੱਕ ਲਾਇਆ ਅਤੇ 5 ਦੁਸ਼ਾਲੇ ਮਿੱਟੀ ਦੇ ਭਰ ਕੇ ਕੱਢੇ; 31 ਸਾਲ ਬਾਅਦ ਗੁਰੂ ਗੋਬਿੰਦ ਸਿੰਘ ਜੀ ਨੇ 1705 ਈਸਵੀ ਵਿਚ ਜੰਗਾਂ-ਯੁੱਧਾਂ ਪਿੱਛੋਂ ਇਸ ਅਸਥਾਨ 'ਤੇ ਇਕ ਉੱਚੀ ਥੇੜ੍ਹੀ 'ਤੇ ਆ ਕੇ ਦਮ ਲਿਆ ਅਤੇ ਕਮਰਕੱਸਾ ਖੋਲ੍ਹਿਆ। ਇਸ ਅਸਥਾਨ ਤੋਂ ਸਿੱਖ ਸੰਗਤਾਂ ਦੇ ਨਾਂ ਹੁਕਮਨਾਮੇ ਜਾਰੀ ਕੀਤੇ ਅਤੇ 1706 ਈਸਵੀ ਦੀ ਵਿਸਾਖੀ 'ਤੇ ਕਰੀਬ ਸਵਾ ਲੱਖ ਲੋਕਾਂ ਨੂੰ ਅੰਮ੍ਰਿਤ ਦੀ ਦਾਤ ਬਖ਼ਸ਼ਿਸ਼ ਕੀਤੀ।

ਇਸ ਇਲਾਕੇ ਦਾ ਚੌਧਰੀ ਉਨ੍ਹੀਂ ਦਿਨੀਂ ਭਾਈ ਡੱਲਾ ਹੁੰਦਾ ਸੀ, ਜੋ ਦਸ਼ਮੇਸ਼ ਪਿਤਾ ਤੋਂ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਪਿੱਛੋਂ ਡਲ ਸਿੰਘ ਵਜੋਂ ਜਾਣਿਆ ਗਿਆ। ਇਹ ਨਗਰ ਫਿਲਹਾਲ ਰੇਲਵੇ ਨਾਲ ਨਹੀਂ ਜੁੜਿਆ ਅਤੇ ਬਠਿੰਡਾ-ਰਾਮਾ ਸੜਕ ਉੱਤੇ ਬਠਿੰਡਾ ਤੋਂ 28 ਕਿੱਲੋਮੀਟਰ, ਰਾਮਾ ਤੋਂ 13 ਕਿੱਲੋਮੀਟਰ ਦੀ ਦੂਰੀ 'ਤੇ ਸਥਿਤ ਹੈ।

ਇਸ ਪਵਿੱਤਰ ਸਰਜ਼ਮੀਂ ਉੱਤੇ ਗੁਰੂ ਗੋਬਿੰਦ ਸਿੰਘ ਜੀ ਨੇ ਕਰੀਬ ਸਵਾ ਸਾਲ ਬਿਸ਼ਰਾਮ ਕੀਤਾ ਅਤੇ 1706 ਈਸਵੀ 'ਚ ਗੁਰੂ ਗ੍ਰੰਥ ਸਾਹਿਬ ਦੀ ਪ੍ਰਮਾਣਿਕ ਤੇ ਸੰਪੂਰਨ ਬੀੜ ਤਿਆਰ ਕਰਵਾਈ। ਇਸ ਬੀੜ ਨੂੰ ਗੁਰੂ ਜੀ ਨੇ ਆਪਣੀ ਅਧਿਆਤਮਿਕ ਸ਼ਕਤੀ ਦੁਆਰਾ ਭਾਈ ਮਨੀ ਸਿੰਘ ਦੇ ਹੱਥੋਂ ਲਿਖਵਾਇਆ, ਜਿਸ ਵਿਚ ਗੁਰੂ ਤੇਗ਼ ਬਹਾਦਰ ਜੀ ਦੀ ਬਾਣੀ ਤੇ ਰਾਗ ਜੈਜਾਵੰਤੀ ਸ਼ਾਮਲ ਕਰ ਕੇ ਇਸ ਨੂੰ ਸੰਪੂਰਨਤਾ ਪ੍ਰਦਾਨ ਕੀਤੀ। ਇਸੇ ਬੀੜ ਨੂੰ 'ਦਮਦਮੀ ਬੀੜ' ਵਜੋਂ ਜਾਣਿਆ ਜਾਂਦਾ ਹੈ। 'ਪੰਥ ਪ੍ਰਕਾਸ਼' ਦੇ ਕਰਤਾ ਗਿਆਨੀ ਗਿਆਨ ਸਿੰਘ ਨੇ ਗੁਰੂ ਗ੍ਰੰਥ ਸਾਹਿਬ ਦੀ ਸੰਪੂਰਨਤਾ ਬਾਰੇ ਅੰਕਿਤ ਕੀਤਾ ਹੈ :

**ਅਬ ਦਰਬਾਰ ਦਮਦਮਾ ਜਹਾਂ।**
**ਤੰਬੂ ਲਗਵਾ ਕੈ ਗੁਰ ਤਹਾਂ।**
**ਮਨੀ ਸਿੰਘ ਕੋ ਲਿਖਨ ਬਠੈ ਕੈ।**
**ਗੁਰ ਨਾਨਕ ਦਾ ਧਿਆਨ ਧਰੈ ਕੈ।**
**ਨਿਤਪ੍ਰਤਿ ਗੁਰੂ ਉਚਾਰੀ ਜੈਸੇ।**
**ਬਾਣੀ ਲਿਖੀ ਮਨੀ ਸਿੰਘ ਤੈਸੇ।**
**ਬੀੜ ਆਦਿ ਗੁਰ ਗ੍ਰੰਥੈ ਜੇਹੀ।**
**ਕਰੀ ਦਸਮ ਗੁਰ ਤਿਆਰ ਉਜੇਹੀ।**

'ਸਾਹਿਤਯ-ਸ਼ਾਸਤਰੀ' ਗਿਆਨੀ ਬਲਵੰਤ ਸਿੰਘ ਕੋਠਾਗੁਰੂ ਮੁਤਾਬਕ ਇਹ ਬੀੜ ਵੈਸਾਖੀ ਵਾਲੇ ਦਿਨ (1763 ਬਿਕਰਮੀ) ਵਿਖਣੀ ਆਰੰਭ ਕੀਤੀ ਅਤੇ ਭਾਦਰੋਂ ਵਦੀ ਤੀਜ ਨੂੰ ਪੂਰਨ ਹੋਈ। ਦਮਦਮੀ ਬੀੜ ਦੀ ਲਿਖਾਈ ਬਾਰੇ ਉਨ੍ਹਾਂ ਨੇ 1736 ਈਸਵੀ ਵਿਚ ਲਿਖੀ 'ਦੋਰਾ ਸਾਖੀ' ਵਿੱਚੋਂ ਵੀ ਮਹੱਤਵਪੂਰਨ ਹਵਾਲੇ ਦਿੱਤੇ ਹਨ। ਇਸ ਦੀ ਪੁਸ਼ਟੀ ਗਿਆਨੀ ਗਿਆਨੀ ਗਿਆਨ ਸਿੰਘ ਨੇ ਇਨ੍ਹਾਂ ਪੰਕਤੀਆਂ ਵਿਚ ਕੀਤੀ ਹੈ :

**ਅਉਹ ਚਾਰ ਤਿਸ ਪ੍ਰਤੇ ਭਾਏ।**
**ਦੀਪ ਸਿੰਘ ਸ਼ਹੀਦ ਲਿਖਾਏ।**
**ਇਕ ਅਕਾਲ ਬੁੰਗੇ ਇਕ ਪਟਨੇ।**
**ਤਿਰਤੀ ਹਜ਼ੂਰ ਦਿਯੋ ਹਿਤ ਪਢਨੇ।**
**ਚਤਰਥ ਰਾਖਯੋ ਦਮਦਮੇ ਮਾਹਿ।**
**ਬਢ ਬਾਬੇ ਯਾਹਿ ਚਾਰ ਕਹਾਏ।**

ਅਰਥਾਤ, ਕਲਗੀਧਰ ਪਿਤਾ ਦੇ ਹੁਕਮ 'ਤੇ ਬਾਬਾ ਦੀਪ ਸਿੰਘ ਨੇ ਇਸ ਬੀੜ ਦੇ ਚਾਰ ਉਤਾਰੇ ਕੀਤੇ, ਜੋ ਕ੍ਰਮਵਾਰ ਸ੍ਰੀ ਅਕਾਲ ਤਖ਼ਤ ਅੰਮ੍ਰਿਤਸਰ, ਪਟਨਾ ਸਾਹਿਬ, ਹਜ਼ੂਰ ਸਾਹਿਬ ਅਤੇ ਦਮਦਮਾ ਸਾਹਿਬ ਵਿਚ ਰੱਖੇ ਗਏ। ਪਿੱਛੋਂ ਬਾਬਾ ਦੀਪ ਸਿੰਘ ਨੇ ਹਿੰਦੀ, ਮਰਾਠੀ, ਉਰਦੂ, ਫ਼ਾਰਸੀ ਤੇ ਅਰਬੀ ਵਿਚ ਵੀ ਇਸ ਦਾ ਅਨੁਵਾਦ ਕੀਤਾ।

ਦਮਦਮਾ ਸਾਹਿਬ ਵਿਖੇ ਗੁਰੂ ਗ੍ਰੰਥ ਸਾਹਿਬ ਦੇ ਲੇਖਨ ਬਾਰੇ ਇਤਿਹਾਸ ਵਿਚ ਜ਼ਿਕਰ ਆਉਂਦਾ ਹੈ ਕਿ ਅੰਮ੍ਰਿਤ ਵੇਲੇ ਇਸ ਦੀ ਲਿਖਾਈ ਹੁੰਦੀ ਸੀ ਅਤੇ ਸ਼ਾਮ ਨੂੰ ਲਿਖੀ ਬਾਣੀ ਦੀ ਕਥਾ ਕੀਤੀ ਜਾਂਦੀ ਸੀ। ਦਸਮੇਸ਼ ਪਿਤਾ ਖ਼ੁਦ ਕਥਾ ਕਰਿਆ ਕਰਦੇ ਸਨ। ਜਿਨ੍ਹਾਂ ਗੁਰਮੁਖਾਂ ਨੇ ਆਦਿ ਤੋਂ ਅੰਤ ਤਕ ਕਥਾ ਸ੍ਰਵਣ ਕੀਤੀ, ਉਨ੍ਹਾਂ ਨੂੰ 'ਬ੍ਰਹਮ ਗਿਆਨੀ' ਦੀ ਪਦਵੀ ਦਿੱਤੀ ਗਈ। ਇਨ੍ਹਾਂ ਬ੍ਰਹਮ ਗਿਆਨੀਆਂ ਵਿਚ 48 ਗੁਰਮੁਖ ਸਨ- ਭਾਈ ਮਨੀ ਸਿੰਘ ਸ਼ਹੀਦ, ਬਾਬਾ ਦੀਪ ਸਿੰਘ ਸ਼ਹੀਦ, ਬਾਬਾ ਰਾਮ ਸਿੰਘ ਕੁਇਰ, ਬਾਬਾ ਕਾਨ੍ਹ ਸਿੰਘ, ਬਾਬਾ ਬਿਨੋਦ ਸਿੰਘ, ਬਾਬਾ ਗੁਰਮੁਖ ਸਿੰਘ ਸ਼ਹੀਦ, ਭਾਈ ਦਾਨ ਸਿੰਘ, ਭਾਈ ਧਰਮ ਸਿੰਘ, ਭਾਈ ਪਰਮ ਸਿੰਘ, ਭਾਈ ਸ਼ਮੀਰ ਸਿੰਘ, ਭਾਈ ਨੰਦ ਲਾਲ, ਭਾਈ ਧੰਨਾ ਸਿੰਘ, ਭਾਈ ਦਇਆ ਸਿੰਘ, ਭਾਈ ਜੀਵਾ ਸਿੰਘ, ਭਾਈ ਪਿਆਰਾ ਸਿੰਘ, ਭਾਈ ਬੀਰ ਸਿੰਘ, ਭਾਈ ਧੀਰ ਸਿੰਘ, ਭਾਈ ਸੁੰਦਰ ਸਿੰਘ, ਭਾਈ ਅਮਰ ਸਿੰਘ, ਭਾਈ ਤਾਰਾ ਸਿੰਘ, ਭਾਈ ਜਗਜੀਵਨ ਸਿੰਘ, ਭਾਈ ਗੋਪਾਲ ਸਿੰਘ, ਭਾਈ ਗਿਆਨ ਸਿੰਘ, ਭਾਈ ਬਿਸੰਭਰ ਸਿੰਘ, ਭਾਈ ਹਰਗੋਪਾਲ ਸਿੰਘ, ਭਾਈ ਮਾਨ ਸਿੰਘ, ਭਾਈ ਰਾਏ ਸਿੰਘ, ਭਾਈ ਮੱਖਣ ਸਿੰਘ, ਭਾਈ ਮਦਨ ਸਿੰਘ, ਭਾਈ ਧਰਨ ਸਿੰਘ, ਭਾਈ ਸੁਜਾਨ ਸਿੰਘ, ਭਾਈ ਜੀਵਨ ਸਿੰਘ, ਭਾਈ ਅਕਾਲ ਸਿੰਘ, ਭਾਈ ਪ੍ਰਿਤਪਾਲ ਸਿੰਘ, ਭਾਈ ਦਿਆਲ ਸਿੰਘ, ਭਾਈ ਬਖ਼ਤਾਵਰ ਸਿੰਘ, ਭਾਈ ਦੇਵਾ ਸਿੰਘ, ਭਾਈ ਮੇਵਾ ਸਿੰਘ, ਭਾਈ ਗਿਆਨ ਸਿੰਘ, ਭਾਈ ਅਚਲ ਸਿੰਘ, ਰਾਜਾ ਜੈ ਸਿੰਘ, ਰਾਜਾ ਬਿਸ਼ਨ ਸਿੰਘ, ਭਾਈ ਭਾਗ ਸਿੰਘ, ਭਾਈ ਵਸਾਵਾ ਸਿੰਘ, ਭਾਈ ਘਣੀਆ ਸਿੰਘ, ਭਾਈ ਰਾਮ ਸਿੰਘ, ਭਾਈ ਤਿਰਲੋਕ ਸਿੰਘ ਅਤੇ ਭਾਈ ਮਲਿਅਗਰ ਸਿੰਘ ਸ਼ਾਮਲ ਸਨ। ਇਨ੍ਹਾਂ ਗੁਰਸਿੱਖਾਂ ਬਾਰੇ ਗਿਆਨੀ ਗੁਰਬਚਨ ਸਿੰਘ ਭਿੰਡਰਾਂ ਨੇ 'ਗੁਰਮੁਖ ਪ੍ਰਕਾਸ਼' 'ਚ ਅੰਕਿਤ ਕੀਤਾ ਹੈ :

**ਤਖ਼ਤ ਦਮਦਮੇ ਸੋਂ ਪੜੇ**
**ਅਠਤਾਲੀ ਸਿੰਘ ਰਾਸ।**
**ਅਰਕ ਸੰਪਦਾ ਪਾਠ ਕੀ**
**ਚਲੀ ਤਬੀ ਤੇ ਖਾਸ।**

ਗੁਰੂ ਗ੍ਰੰਥ ਸਾਹਿਬ ਦੀ ਸੰਪੂਰਨਤਾ ਪਿੱਛੋਂ ਗੁਰੂ ਜੀ ਨੇ ਬਚੀਆਂ ਹੋਈਆਂ ਕਲਮਾਂ ਤੇ ਸਿਆਹੀ ਆਦਿ ਸਮੱਗਰੀ ਲਿਖਣਸਰ ਦੇ ਟੋਭੇ 'ਚ ਪ੍ਰਵਾਹਿਤ ਕਰ ਕੇ ਇਸ ਧਰਤੀ ਨੂੰ 'ਗੁਰੂ ਕੀ ਕਾਸ਼ੀ' ਹੋਣ ਦਾ ਵਰਦਾਨ ਦਿੰਦਿਆਂ ਫਰਮਾਇਆ ਸੀ :

**ਇਹ ਹੈ ਪ੍ਰਗਟ ਹਮਾਰੀ ਕਾਸ਼ੀ॥**
**ਪੜ੍ਹ ਹੈਂ ਈਹਾਂ ਢੋਰ ਮਤ ਰਾਸੀ॥**
**ਲੇਖਨ ਗੁਨੀ ਕਵਿੰਦ ਗਿਆਨੀ॥**
**ਬੁਧਿਸਿੰਧੁ ਹ੍ਵੈ ਹੈਂ ਇਤਿ ਆਨੀ॥**
**ਤਿਨ ਕੇ ਕਾਰਨ ਕਲਮ ਗਢ,**
**ਦੇਤ ਪ੍ਰਗਟ ਹਮ ਡਾਰ॥**
**ਸਿਖ ਸਖਾ ਸਭ ਪੜ੍ਹੈਂਗੇ,**
**ਹਮਰੇ ਕਈ ਹਜ਼ਾਰ॥**

ਚੌਧਰੀ ਡੱਲੇ ਦਾ ਮਾਣ ਤੋੜਨ ਲਈ ਗੁਰੂ ਜੀ ਨੇ ਲਾਹੌਰ ਵਾਸੀ ਭਾਈ ਉਦੇ ਸਿੰਘ ਵੱਲੋਂ ਭੇਟ ਕੀਤੀ ਬੰਦੂਕ ਦੀ ਪਰਖ ਲਈ ਉਸ ਨੂੰ ਆਪਣੇ ਯੋਧੇ ਭੇਜਣ ਲਈ ਕਿਹਾ ਪਰ ਡੱਲੇ ਦੇ ਸੈਨਿਕ ਅਣਿਆਈ ਮੌਤ ਮਰਨ ਤੋਂ ਕੋਰਾ ਜਵਾਬ ਦੇ ਗਏ। ਗੁਰੂ ਜੀ ਦਾ ਹੁਕਮ ਮੰਨ ਕੇ ਪਿਉ-ਪੁੱਤਰ ਬਾਬਾ ਬੀਰ ਸਿੰਘ ਤੇ ਬਾਬਾ ਧੀਰ ਸਿੰਘ ਨੇ ਖ਼ੁਦ ਨੂੰ ਗੁਰੂ ਜੀ ਦੇ ਸਨਮੁੱਖ ਪੇਸ਼ ਕੀਤਾ। ਉਨ੍ਹਾਂ ਮਰਜੀਵੜਿਆਂ ਦੀ ਯਾਦ 'ਚ ਇਥੇ ਇਕ ਗੁਰਦੁਆਰਾ ਮੌਜੂਦ ਹੈ।

ਗੁਰੂ ਜੀ ਜੇ ਦਰਬਾਰ ਵਿਚ ਇਥੇ ਦਿੱਲੀ ਤੋਂ ਮਾਤਾਵਾਂ (ਮਾਤਾ ਸੁੰਦਰੀ ਜੀ ਤੇ ਮਾਤਾ ਸਾਹਿਬ ਕੌਰ) ਭਾਈ ਮਨੀ ਸਿੰਘ ਸਮੇਤ ਪਹੁੰਚੀਆਂ ਤਾਂ ਉਨ੍ਹਾਂ ਨੂੰ ਆਪਣੇ ਸਾਹਿਬਜ਼ਾਦੇ ਨਜ਼ਰ ਨਾ ਆਏ। ਗੁਰੂ ਜੀ ਤੋਂ ਪੁੱਛਣ 'ਤੇ ਦਸਮੇਸ਼ ਪਿਤਾ ਨੇ ਭਰੇ ਦਰਬਾਰ ਵੱਲ ਸੰਕੇਤ ਕਰ ਕੇ ਫਰਮਾਇਆ :

**ਇਨ ਪੁਤਰਨ ਕੇ ਸੀਸ ਪਰ**
**ਵਾਰ ਦੀਏ ਸੁਤ ਚਾਰ॥**
**ਚਾਰ ਮੂਏ ਤੋਂ ਕਿਆ ਹੂਆ**
**ਜੀਵਤ ਕਈ ਹਜ਼ਾਰ॥**

ਉਸ ਯਾਦਗਾਰ ਦਾ ਪ੍ਰਤੀਕ ਇਕ ਗੁਰਦੁਆਰਾ (ਜੋ ਮਾਤਾਵਾਂ ਦੇ ਨਾਂ 'ਤੇ ਹੈ) ਇਥੇ ਸੁਸ਼ੋਭਿਤ ਹੈ।

ਗੁਰਦੁਆਰਾ ਜੰਡਸਰ ਸਾਹਿਬ ਉਹ ਸਥਾਨ ਹੈ, ਜਿੱਥੇ ਗੁਰੂ ਜੀ ਨੇ ਜੰਡ ਨਾਲ ਘੋੜਾ ਬੰਨ੍ਹ ਕੇ ਆਪਣੇ ਸੈਨਿਕਾਂ ਨੂੰ ਗੁਪਤ ਖ਼ਜ਼ਾਨਾ ਕੱਢ ਕੇ ਤਨਖ਼ਾਹਾਂ ਵੰਡੀਆਂ। ਗੁਰਦੁਆਰਾ ਮਹੱਲਸਰ ਵਿਖੇ ਗੁਰੂ ਜੀ ਨੇ ਬੀਰ ਰਸ ਦਾ ਪ੍ਰਤੀਕ ਮਹੱਲਾ ਖੇਡਿਆ ਸੀ। ਬਾਬਾ ਦੀਪ ਸਿੰਘ ਨਾਲ ਸਬੰਧਤ ਤਿੰਨ ਸਥਾਨ ਇਥੇ ਮੌਜੂਦ ਹਨ, ਜਿਨ੍ਹਾਂ ਵਿਚ ਭੋਰਾ ਸਾਹਿਬ, ਬੁਰਜ ਅਤੇ ਖੂਹ ਸ਼ਾਮਲ ਹਨ।

ਤਖ਼ਤ ਸਾਹਿਬ ਵਿਖੇ ਜੋ ਇਤਿਹਾਸਕ ਨਿਸ਼ਾਨੀਆਂ ਮੌਜੂਦ ਹਨ, ਉਨ੍ਹਾਂ ਵਿਚ ਇਤਿਹਾਸਕ ਬੰਦੂਕ, ਅਬਰੇ ਰਹਿਮਤ ਬਾਰ ਸ਼ੀਸ਼ਾ, ਤੇਗਾ ਬਾਬਾ ਦੀਪ ਸਿੰਘ, ਮੋਹਰ ਤਖ਼ਤ ਸਾਹਿਬ ਅਤੇ ਕ੍ਰਿਪਾਨ ਗੁਰੂ ਸਾਹਿਬ ਸ਼ਾਮਲ ਹਨ। ਇਸ ਤੋਂ ਇਲਾਵਾ ਭਾਈ ਡੱਲੇ ਦੇ ਖ਼ਾਨਦਾਨ ਕੋਲ ਵੀ ਗੁਰੂ-ਬਖ਼ਸ਼ਿਸ਼ ਦੁਆਰਾ ਰੱਖੀਆਂ ਕੁਝ ਦੁਰਲੱਭ ਤੇ ਪਵਿੱਤਰ ਵਸਤਾਂ ਪਈਆਂ ਹਨ, ਜਿਨ੍ਹਾਂ ਵਿਚ ਤੇਗਾ, ਸ੍ਰੀ ਸਾਹਿਬ, ਵੱਡੀ ਦਸਤਾਰ, ਛੋਟੀ ਦਸਤਾਰ, ਵੱਡਾ ਚੋਲਾ, ਛੋਟਾ ਚੋਲਾ, ਬਾਜ਼ ਦੀ ਡੋਰ, ਰੇਬ ਪਜਾਮਾ, ਮਾਤਾ ਸਾਹਿਬ ਕੌਰ ਦਾ ਰੇਬ ਪਜਾਮਾ ਅਤੇ ਛੋਟੇ ਆਕਾਰ ਦੀ ਬੀੜ ਸ਼ਾਮਲ ਹੈ। ਇਨ੍ਹਾਂ ਚੀਜ਼ਾਂ ਦੇ ਦਰਸ਼ਨ ਭਾਈ ਡਲ ਸਿੰਘ ਦੇ ਗ੍ਰਹਿ ਵਿਖੇ ਸਵੇਰ ਤੋਂ ਸ਼ਾਮ ਤਕ ਸੰਗਤਾਂ ਨੂੰ ਕਰਵਾਏ ਜਾਂਦੇ ਹਨ ਜਦਕਿ ਕਿਸੇ ਸਮੇਂ ਹਰੇਕ ਚਾਨਣੀ ਦਸਮੀਂ ਨੂੰ ਇਹ ਵਸਤਾਂ ਵਿਖਾਈਆਂ ਜਾਂਦੀਆਂ ਹਨ।

ਵੀਹ ਕੁ ਸਾਲ ਪਹਿਲਾਂ ਤਕ ਤਖ਼ਤ ਸਾਹਿਬ ਵਿਖੇ ਸੰਗਤਾਂ ਦੀ ਆਮਦ ਬਹੁਤ ਘੱਟ ਸੀ ਪਰ ਹੁਣ ਵਿਸਾਖੀ ਤੋਂ ਇਲਾਵਾ ਆਮ ਦਿਨ੍ਹਾਂ ਵਿਚ ਵੀ ਸੰਗਤਾਂ ਦਾ ਇਕੱਠ ਬਹੁਤ ਹੁੰਦਾ ਹੈ। ਮੱਸਿਆ ਅਤੇ ਐਤਵਾਰ ਦੇ ਦਿਨਾਂ ਵਿਚ ਵਿਸ਼ੇਸ਼ ਦੀਵਾਨ ਲਗਦੇ ਹਨ, ਜਿਸ ਵਿਚ ਢਾਡੀ ਤੇ ਕਵੀਸ਼ਰ ਗੁਰੂ-ਜੱਸ ਦਾ ਗਾਇਨ ਕਰ ਕੇ ਸੰਗਤਾਂ ਨੂੰ ਨਿਹਾਲ ਕਰਦੇ ਹਨ।

ਕਰੀਬ ਤਿੰਨ ਸੌ ਸਾਲ ਪਹਿਲਾਂ ਦਸਮੇਸ਼ ਪਿਤਾ ਨੇ ਜੋ ਵਰਦਾਨ ਇਸ ਬੰਜਰ ਭੂਮੀ ਤੇ ਪਛੜੇ ਇਲਾਕੇ ਨੂੰ ਦਿੱਤੇ ਸਨ, ਉਹ ਸਾਰੇ ਹੀ ਸਹਿਜਤਾ ਤੇ ਨਿਰੰਤਰਤਾ ਨਾਲ ਫਲੀਭੂਤ ਹੁੰਦੇ ਨਜ਼ਰ ਆ ਰਹੇ ਹਨ। ਉੱਚ ਵਿੱਦਿਆ ਦੀ ਸਭ ਤੋਂ ਵੱਡੀ ਸੰਸਥਾ, ਗੁਰੂ ਕਾਸ਼ੀ ਕਾਲਜ ਇਥੇ 1962 ਵਿਚ ਸਥਾਪਤ ਹੋਇਆ, 1988 ਵਿਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਆਪਣਾ ਕੈਂਪਸ ਸਥਾਪਤ ਕੀਤਾ, 1997 ਵਿਚ ਸ਼੍ਰੋਮਣੀ ਕਮੇਟੀ ਵੱਲੋਂ ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਦੀ ਸਥਾਪਨਾ ਕੀਤੀ ਗਈ, ਦੋ ਯੂਨੀਵਰਸਿਟੀਆਂ 'ਗੁਰੂ ਕਾਸ਼ੀ ਯੂਨੀਵਰਸਿਟੀ' ਅਤੇ 'ਅਕਾਲ ਯੂਨੀਵਰਸਿਟੀ' ਤੋਂ ਇਲਾਵਾ ਇਥੇ ਸਕੂਲੀ ਪੜ੍ਹਾਈ ਲਈ ਬਹੁਤ ਸਾਰੇ ਸਰਕਾਰੀ ਅਤੇ ਨਿੱਜੀ ਵਿੱਦਿਅਕ ਅਦਾਰੇ 'ਗੁਰੂ ਕੀ ਕਾਸ਼ੀ' ਦੇ ਸੰਕਲਪ ਨੂੰ ਮੂਰਤੀਮਾਨ ਕਰ ਰਹੇ ਹਨ। •

94176-92015

# ਡਿਪਟੀ ਕਮਿਸ਼ਨਰ ਵੱਲੋਂ ਮੁਰਾਦਪੁਰ ਦੇ ਪਰਾਲੀ ਪ੍ਰਬੰਧਨ ਕਰਨ ਵਾਲੇ ਕਿਸਾਨਾਂ ਨਾਲ ਮੁਲਾਕਾਤ

## ਕਿਸਾਨਾਂ ਵੱਲੋਂ ਬੇਲਰ ਮੁਹੱਈਆ ਕਰਵਾਉਣ ਦੀ ਮੰਗ, ਡੀ.ਸੀ ਨੇ ਕਿਹਾ ਕਿ ਕਿਸਾਨ ਅੱਗ ਨਾ ਲਾਉਣ ਮਿਲੇਗੀ ਮਸ਼ੀਨਰੀ



ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਪਿੰਡ ਮੁਰਾਦਪੁਰ ਵਿਖੇ ਇਨ ਸੀਟੂ ਤਕਨੀਕ ਨਾਲ ਕੀਤੇ ਪਰਾਲੀ ਪ੍ਰਬੰਧਨ ਕਰਨ ਵਾਲੇ ਕਿਸਾਨਾਂ ਨੂੰ ਮਿਲਦੇ ਹੋਏ। ਡ

ਪਟਿਆਲਾ, 29 ਸਤੰਬਰ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-

ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਇੱਥੇ ਰਾਜਪੁਰਾ ਰੋਡ ਵਿਖੇ ਸਥਿਤ ਪਿੰਡ ਮੁਰਾਦਪੁਰ ਦਾ ਦੌਰਾ ਕੀਤਾ ਤੇ ਬਿਨ੍ਹਾਂ ਅੱਗ ਲਗਾਏ ਪਰਾਲੀ ਪ੍ਰਬੰਧਨ ਕਰਦੇ ਕਿਸਾਨਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਹੌਂਸਲਾ ਵਧਾਇਆ। ਇਸ ਮੌਕੇ ਕਿਸਾਨਾਂ ਨੇ ਕਿਹਾ ਕਿ ਇਸ ਵੇਲੇ ਕੋਈ ਵੀ ਕਿਸਾਨ ਪਰਾਲੀ ਨੂੰ ਅੱਗ ਨਹੀਂ ਲਗਾਉਣਾ ਚਾਹੁੰਦਾ ਇਸ ਲਈ ਉਨ੍ਹਾਂ ਨੂੰ ਬੇਲਰ ਮੁਹੱਈਆ ਕਰਵਾਏ ਜਾਣ ਤਾਂ ਡਿਪਟੀ ਕਮਿਸ਼ਨਰ ਨੇ ਭਰੋਸਾ ਦਿੱਤਾ ਕਿ ਕਿਸਾਨਾਂ ਦੀ ਮੰਗ ਅਨੁਸਾਰ ਮਸ਼ੀਨਰੀ ਮੁਹੱਈਆ ਕਰਵਾਈ ਜਾਵੇਗੀ।

ਡਾ. ਪ੍ਰੀਤੀ ਯਾਦਵ ਨੇ ਪਿੰਡ ਦੇ ਕਿਸਾਨਾਂ ਮੇਹਰ ਸਿੰਘ, ਸੇਤ ਸਿੰਘ, ਗੰਗੀ ਸਿੰਘ ਆਦਿ ਕਿਸਾਨਾਂ ਵੱਲੋਂ ਆਪਣੇ ਖੇਤਾਂ ਵਿੱਚ ਰੇਕ ਮਸ਼ੀਨ ਨਾਲ ਪਰਾਲੀ ਇਕੱਠੀ ਕਰਨ ਦਾ ਜਾਇਜ਼ਾ ਲਿਆ। ਕਿਸਾਨਾਂ ਨੇ ਦੱਸਿਆ ਕਿ ਇਹ ਪਰਾਲੀ ਇਕੱਠੀ ਕਰਨ ਉਪਰੰਤ ਉਹ ਬੇਲਰ ਨਾਲ ਇਸ ਦੀਆਂ ਗੱਠਾਂ ਬਣਵਾਉਣਗੇ।

ਡਿਪਟੀ ਕਮਿਸ਼ਨਰ ਨੇ ਐਕਸ ਸੀਟੂ ਤਕਨੀਕ ਰਾਹੀਂ ਕੀਤੇ ਪਰਾਲੀ ਪ੍ਰਬੰਧਨ ਕਰਦੇ ਇਨ੍ਹਾਂ ਅਗਾਂਹਵਧੂ ਕਿਸਾਨ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਕਿਸਾਨਾਂ ਵੱਲੋਂ ਵੱਡੀ ਗਿਣਤੀ 'ਚ ਇਨ ਸੀਟੂ ਤੇ ਐਕਸ ਸੀਟੂ ਤਕਨੀਕਾਂ ਦੀ ਵਰਤੋਂ ਕੀਤੀ ਜਾ ਰਹੀ ਹੈ, ਜੋ ਕਿ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਖੇਤੀ ਮਾਹਰਾਂ ਵੱਲੋਂ ਪਰਾਲੀ ਨੂੰ ਖੇਤਾਂ ਵਿੱਚ ਮਿਲਾਉਣ ਨਾਲ ਜਮੀਨ ਨੂੰ ਹੋਣ ਵਾਲੇ ਫਾਇਦੇ ਸਬੰਧੀ ਦੱਸਿਆ ਗਿਆ ਹੈ, ਇਸ ਲਈ ਕਿਸਾਨ ਇਨਸੀਟੂ ਤਕਨੀਕਾਂ ਜ਼ਰੂਰ ਅਪਣਾਉਣ।

ਡਾ. ਪ੍ਰੀਤੀ ਯਾਦਵ ਨੇ ਪਟਿਆਲਾ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਕਿਸਾਨ ਪਰਾਲੀ ਦਾ ਨਿਪਟਾਰਾ ਇਨ ਸੀਟੂ ਤਕਨੀਕਾਂ ਨਾਲ ਕਰਨ ਤੇ ਇਸ ਲਈ ਸੁਪਰ ਸੀਡਰ, ਹੈਪੀ ਸੀਡਰ, ਜ਼ੀਰੋ ਟਰਿਲ ਡਰਿੱਲ, ਮਲਚਰ, ਆਰ.ਐਮ.ਬੀ ਪਲਾਓ ਵਰਗੀਆਂ ਮਸ਼ੀਨਾਂ ਜ਼ਿਲ੍ਹੇ ਵਿੱਚ ਉਪਲਬੱਧ ਹਨ।

ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ. ਜਸਵਿੰਦਰ ਸਿੰਘ, ਉਪ ਰਜਿਸਟਰਾਰ ਸਹਿਕਾਰੀ ਸਭਾਵਾਂ ਸੰਗਰਾਮ ਸਿੰਘ ਸੰਧੂ, ਪ੍ਰਦੂਸ਼ਣ ਰੋਕਥਾਮ ਬੋਰਡ ਦੇ ਅਧਿਕਾਰੀ ਕੰਵਲਦੀਪ ਕੌਰ, ਖੇਤੀਬਾੜੀ ਵਿਸਥਾਰ ਅਫ਼ਸਰ ਰਵਿੰਦਰਪਾਲ ਸਿੰਘ ਚੱਠਾ ਤੇ ਹੋਰ ਅਧਿਕਾਰੀ ਤੇ ਪਿੰਡ ਦੇ ਕਿਸਾਨ ਮੌਜੂਦ ਸਨ।

# ਪਟਿਆਲਾ ਜ਼ੋਨ 2 ਦੇ ਅਥਲੈਟਿਕਸ ਮੁਕਾਬਲਿਆਂ 'ਚ ਐਥਲੈਟਿਕਸ ਨੇ ਦਿਖਾਏ ਜੌਹਰ



ਪਟਿਆਲਾ, 29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਜ਼ੋਨ ਦੇ ਟੂਰਨਾਮੈਂਟ ਕਮੇਟੀ ਦੇ ਪ੍ਰਧਾਨ ਡਾ ਰਜਨੀਸ਼ ਗੁਪਤਾ ਪ੍ਰਿੰਸੀਪਲ ਪੀ.ਐਮ.ਸ਼੍ਰੀ ਸਸਸਸ ਫ਼ੀਲਖਾਨਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਤੇ ਜ਼ੋਨਲ ਸਕੱਤਰ ਬਲਵਿੰਦਰ ਸਿੰਘ ਜੱਸਲ ਤੇ ਵਿੱਤ ਸਕੱਤਰ ਬਲਕਾਰ ਸਿੰਘ ਦੇ ਤਾਲਮੇਲ ਨਾਲ ਅਥਲੈਟਿਕਸ ਟੂਰਨਾਮੈਂਟ ਪੋਲੋ ਗਰਾਊਂਡ ਪਟਿਆਲਾ ਵਿਖੇ ਕਰਵਾਇਆ ਗਿਆ।

ਜ਼ੋਨਲ ਸਕੱਤਰ ਬਲਵਿੰਦਰ ਸਿੰਘ ਜੱਸਲ ਨੇ ਦੱਸਿਆ ਕੀ 200 ਮੀਟਰ ਲੜਕੀਆਂ ਅੰਡਰ 14 ਜੋ ਮੁਕਾਬਲਿਆਂ ਵਿੱਚ ਸਮੀਰਾ ਨੇ ਪਹਿਲਾ, ਹੁਸਨਪ੍ਰੀਤ ਕੌਰ ਨੇ ਦੂਜਾ, ਖੁਸ਼ਪ੍ਰੀਤ ਕੌਰ ਨੇ ਤੀਜਾ, ਅੰਡਰ 17 ਲੜਕੀਆਂ ਦੇ 200 ਮੀਟਰ ਮੁਕਾਬਲਿਆਂ ਵਿੱਚ ਮਨਮੀਤ ਕੌਰ ਨੇ ਪਹਿਲਾ, ਪੁਨਵੀ ਗੋਇਲ ਨੇ ਦੂਜਾ, ਨੰਦਨੀ ਨੇ ਤੀਜਾ, ਅੰਡਰ 19 ਲੜਕੀਆਂ ਦੇ 200 ਮੀਟਰ ਮੁਕਾਬਲਿਆਂ ਵਿੱਚ ਗੁਰਮਨਦੀਪ ਕੌਰ ਨੇ ਪਹਿਲਾ ਸਨੇਹਦੀਪ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ।

ਅੰਡਰ 14 ਲੜਕਿਆਂ ਦੇ 200 ਮੀਟਰ ਮੁਕਾਬਲਿਆਂ ਵਿੱਚ ਗੁਰਵੰਸ਼ ਨੇ ਪਹਿਲਾ ਦਕਸ਼ ਨੇ ਦੂਜਾ,ਸਹਿਜਪ੍ਰੀਤ ਨੇ ਤੀਜਾ, ਅੰਡਰ 17 ਲੜਕਿਆਂ ਦੇ 200 ਮੀਟਰ ਮੁਕਾਬਲਿਆਂ ਵਿੱਚ ਸੰਜੇ ਨੇ ਪਹਿਲਾ,ਮਹਿਤਾਬ ਸਿੰਘ ਨੇ ਦੂਜਾ,ਲਵਦੀਪ ਸਿੰਘ ਨੇ ਤੀਜਾ, ਅੰਡਰ 19 ਨੇ 200 ਮੀਟਰ ਲੜਕਿਆਂ ਦੇ ਮੁਕਾਬਲਿਆਂ ਵਿੱਚ ਅਮਨਜੋਤ ਸਿੰਘ ਨੇ ਪਹਿਲਾ,ਪ੍ਰਭਜੋਤ ਸਿੰਘ ਨੇ ਦੂਜਾ ਹਰ ਮਿਲਣ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਇਸ ਮੌਕੇ ਤੇ ਮਮਤਾ ਰਾਣੀ, ਕਿਰਨਜੀਤ ਕੌਰ, ਜਹੀਦਾ ਕੁਰੈਸ਼ੀ, ਮਨਪ੍ਰੀਤ ਸਿੰਘ, ਸਤਵਿੰਦਰ ਸਿੰਘ ਚੀਮਾ, ਯਾਦਵਿੰਦਰ ਕੌਰ, ਰੁਪਿੰਦਰ ਕੌਰ, ਰਾਜਵਿੰਦਰ ਕੌਰ, ਰੁਪਿੰਦਰ ਕੌਰ ਪਸਿਆਣਾ, ਅਜੇ ਵਰਮਾ, ਗੁਰਦੀਪ ਸਿੰਘ ਅਥਲੈਟਿਕਸ ਕੋਚ, ਜਸਦੇਵ ਸਿੰਘ ਜਸਵਿੰਦਰ ਸਿੰਘ ਗੱਜੂਮਾਜਰਾ ਹਾਜ਼ਰ ਸਨ।

# ਸਵੱਛਤਾ ਉਤਸਵ ਦੇਸ਼ ਦਾ ਗੌਰਵ : ਪ੍ਰਿੰਸੀਪਲ ਵਿਜੇ ਕਪੂਰ



ਪਟਿਆਲਾ, 29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਵੱਛਤਾ ਹੀ ਸੇਵਾ 2025 ਮੁਹਿੰਮ ਤਹਿਤ ਵੱਡੇ ਪੱਧਰ @ਤੇ ਸ਼੍ਰਮਦਾਨ ਇੱਕ ਦਿਨ, ਇੱਕ ਘੰਟਾ, ਇੱਕ ਸਾਥ ਦਾ ਆਯੋਜਨ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਲਟੀਪਰਪਜ਼ ਪਟਿਆਲਾ ਵਿਖੇ ਪ੍ਰਿੰਸੀਪਲ ਮੈਡਮ ਵਿਜੇ ਕਪੂਰ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਪਟਿਆਲਾ ਅਤੇ ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ ਪਟਿਆਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗਤੀਵਿਧੀ ਕੀਤੀ ਗਈ। ਇਸ ਵਿੱਚ ਵੱਖ-ਵੱਖ ਵਿਭਾਗਾਂ ਦੇ ਪ੍ਰਤੀਨਿਧੀਆਂ ਨੇ ਹਿੱਸਾ ਲਿਆ। ਸ਼੍ਰਮਦਾਨ ਇੱਕ ਦਿਨ, ਇੱਕ ਘੰਟਾ, ਇੱਕ ਸਾਥ ਦੀ ਸ਼ੁਰੂਆਤ ਇੰਜੀਨੀਅਰ ਹਰਪਿੰਦਰ ਸਿੰਘ, ਜ਼ਿਲ੍ਹਾ ਸੈਨੀਟੇਸ਼ਨ ਅਫਸਰ-ਕਮ-ਕਾਰਜਕਾਰੀ ਇੰਜੀਨੀਅਰ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਡਲ ਨੰ:2, ਪਟਿਆਲਾ, ਜ਼ਿਲਾ ਸਿੱਖਿਆ ਅਫਸਰ (ਸੈ. ਸਿੱ.) ਸੰਜੀਵ ਸ਼ਰਮਾ, ਉਪ ਜ਼ਿਲਾ ਸਿੱਖਿਆ ਅਫਸਰ ਰਵਿੰਦਰ ਪਾਲ ਸ਼ਰਮਾ ਦੀ ਅਗਵਾਈ ਹੇਠ ਹੋਈ। ਸਕੂਲ ਵਿੱਚ ਸਕੂਲੀ ਬੱਚਿਆਂ ਵੱਲੋਂ ਐਗਜ਼ੀਬੀਸ਼ਨ ਵੇਸਟ ਟੂ ਆਰਟ ਲਗਾਈ ਗਈ ਅਤੇ ਨਾਲ ਹੀ ਵੀਰਪਾਲ ਦਿਕਸ਼ਿਤ ਆਈ.ਈ.ਸੀ. ਸਪੈਸ਼ਲਿਸਟ ਜਸਸ ਮੰਡਲ ਨੰ:2, ਪਟਿਆਲਾ ਦੀ ਅਗਵਾਈ ਹੇਠ ਬੱਚਿਆਂ ਦੇ ਸਹਿਯੋਗ ਨਾਲ਼ ਇਸ ਰੈਲੀ ਵਿੱਚ ਵੱਧ-ਚੜ੍ਹ ਕੇ ਯੋਗਦਾਨ ਪਾਇਆ ਗਿਆ। ਇਸ ਦੌਰਾਨ ਨਗਰ ਨਿਗਮ ਦੇ ਸਿਹਤ ਅਫਸਰ ਡਾ. ਨਵਿੰਦਰ ਸਿੰਘ ਅਤੇ ਉਹਨਾਂ ਸਟਾਫ ਵੀ ਮੌਜੂਦ ਰਿਹਾ। ਇਸ ਮੌਕੇ ਜੇ.ਕੇ ਜੀਵਨ ਕੁਮਾਰ ਜਿੰਦਲ ਅਗਰ ਹਰੀ ਫਾਊਂਡੇਸ਼ਨ ਵੱਲੋਂ ਇਸ ਮੁਹਿੰਮ ਵਿੱਚ ਹਿੱਸਾ ਲਿਆ ਗਿਆ ਅਤੇ ਉਹਨਾਂ ਵੱਲੋਂ ਲੋਕਾਂ ਨੂੰ ਪਲਾਸਟਿਕ ਦੀ ਵਰਤੋਂ ਨਾ ਕਰਨ ਅਤੇ ਉਸਦਾ ਸਹੀ ਢੰਗ ਨਾਲ ਨਿਪਟਾਰਾ ਕਰਨ ਲਈ ਪ੍ਰੇਰਿਤ ਕੀਤਾ ਗਿਆ। ਅਖੀਰ ਵਿਚ ਇਨਾਮ ਤਕਸੀਮ ਕੀਤੇ ਗਏ।

ਇਸ ਮੌਕੇ ਸੀਨੀਅਰ ਲੈਕਚਰਾਰ ਸੁਖਵਿੰਦਰ ਸਿੰਘ, ਰਵਿੰਦਰ ਸਿੰਘ, ਜਤਿੰਦਰ ਪਾਲ ਸਿੰਘ, ਰਸਪਾਲ ਸਿੰਘ, ਅਮਰਜੋਤ ਸਿੰਘ, ਜਪਿੰਦਰ ਪਾਲ ਸਿੰਘ, ਰਵਿੰਦਰ ਕੌਰ, ਸੁਖਵਿੰਦਰ ਕੌਰ, ਪ੍ਰੀਤੀ ਗਰਗ, ਅਮਨਪ੍ਰੀਤ ਚਾਹਲ, ਅਕਾਸ਼ਦੀਪ ਕੌਰ, ਅਮਨਦੀਪ ਕੌਰ, ਅਭੀਦੀਪ ਸਿੰਘ, ਅਨੁਰਾਧਾ, ਸਪਨਾ ਸ਼੍ਰਸ਼ਨ, ਸੰਦੀਪ ਕੌਰ, ਕੁਲਜਿੰਦਰ ਸਿੰਘ, ਮਲਕੀਤ ਸਿੰਘ, ਬਲਜਿੰਦਰ ਸਿੰਘ ਤੇ ਗੁਰਦੀਪ ਸਿੰਘ ਸਮੇਤ ਹੋਰ ਹਾਜਰ ਸਨ।

# ਮੇਅਰ ਗੋਗੀਆ ਨੇ ਫਾਇਰ ਬ੍ਰਿਗੇਡ ਦਫ਼ਤਰ ਦਾ ਕੀਤਾ ਦੌਰਾ; ਨਵਰਾਤਰੇ ਮੌਕੇ ਸ਼ੁਰੂ ਹੋਵੇਗੀ ਦੂਸਰੀ ਐਂਟੀ-ਸਮੋਕ ਮਸ਼ੀਨ: ਮੇਅਰ ਕੁੰਦਨ ਗੋਗੀਆ



ਪਟਿਆਲਾ, 29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਨੇ ਅੱਜ ਨਗਰ ਨਿਗਮ ਦੇ ਫਾਇਰ ਬ੍ਰਿਗੇਡ ਦਫ਼ਤਰ ਦਾ ਦੌਰਾ ਕਰਕੇ ਉੱਥੇ ਦੀਆਂ ਸਾਰੀਆਂ ਮਸ਼ੀਨਾ ਅਤੇ ਗੱਡੀਆਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਕਿਹਾ ਕਿ ਨਗਰ ਨਿਗਮ ਵੱਲੋਂ ਪ੍ਰਦੂਸ਼ਣ 'ਤੇ ਕਾਬੂ ਪਾਉਣ ਅਤੇ ਲੋਕਾਂ ਨੂੰ ਸੁੱਚੀ ਹਵਾ ਪ੍ਰਦਾਨ ਕਰਨ ਲਈ ਕਦਮ ਤੇਜ਼ੀ ਨਾਲ ਚੁੱਕੇ ਜਾ ਰਹੇ ਹਨ। ਉਨ੍ਹਾਂ ਐਲਾਨ ਕੀਤਾ ਕਿ ਨਵਰਾਤਰੇ ਦੇ ਪਵਿੱਤਰ ਮੌਕੇ ਦੌਰਾਨ ਸ਼ਹਿਰ ਵਿੱਚ ਦੂਸਰੀ ਐਂਟੀ-ਸਮੋਕ ਮਸ਼ੀਨ ਚਲਾਈ ਜਾਵੇਗੀ।

ਮੇਅਰ ਗੋਗੀਆ ਨੇ ਕਿਹਾ ਕਿ ਪਟਿਆਲਾ ਵਾਸੀਆਂ ਦੀ ਸਿਹਤ ਨਗਰ ਨਿਗਮ ਦੀ ਸਭ ਤੋਂ ਵੱਡੀ ਤਰਜੀਹ ਹੈ। ਪਹਿਲੀ ਐਂਟੀ-ਸਮੋਕ ਮਸ਼ੀਨ ਨਾਲ ਸ਼ਹਿਰ ਦੇ ਮੁੱਖ ਇਲਾਕਿਆਂ ਵਿੱਚ ਧੂੜ ਅਤੇ ਧੂੰਏਂ 'ਤੇ ਕਾਫ਼ੀ ਹੱਦ ਤੱਕ ਕੰਟਰੋਲ ਕੀਤਾ ਗਿਆ ਹੈ। ਹੁਣ ਦੂਸਰੀ ਮਸ਼ੀਨ ਦੇ ਆਉਣ ਨਾਲ ਇਹ ਮੁਹਿੰਮ ਹੋਰ ਤੇਜ਼ ਹੋਵੇਗੀ ਅਤੇ ਹੋਰ ਇਲਾਕਿਆਂ ਨੂੰ ਵੀ ਕਵਰ ਕੀਤਾ ਜਾ ਸਕੇਗਾ। ਉਨ੍ਹਾਂ ਕਿਹਾ ਕਿ ਇਹ ਮਸ਼ੀਨ ਵਾਤਾਵਰਣ ਨੂੰ ਸਾਫ ਰੱਖਣ ਦੇ ਨਾਲ-ਨਾਲ ਸਾਹ ਸੰਬੰਧੀ ਬਿਮਾਰੀਆਂ ਤੋਂ ਬਚਾਵ ਵਿੱਚ ਵੀ ਮਦਦਗਾਰ ਸਾਬਤ ਹੋਵੇਗੀ। ਇਸ ਮੌਕੇ ਮੇਅਰ ਨੇ ਫਾਇਰ ਬ੍ਰਿਗੇਡ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਦਿੱਤੀ ਕਿ ਐਂਟੀ-ਸਮੋਕ ਮਸ਼ੀਨਾਂ ਦੀ ਵਰਤੋਂ ਦੌਰਾਨ ਪੂਰੀ ਸੁਰੱਖਿਆ ਅਤੇ ਕਾਰਗੁਜ਼ਾਰੀ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਨਗਰ ਨਿਗਮ ਵੱਲੋਂ ਲੋਕਾਂ ਦੀ ਸਿਹਤ, ਸੁਰੱਖਿਆ ਅਤੇ ਸਫਾਈ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ।

ਮੇਅਰ ਗੋਗੀਆ ਨੇ ਇਹ ਵੀ ਦੱਸਿਆ ਕਿ ਨਗਰ ਨਿਗਮ ਪਟਿਆਲਾ ਵੱਲੋਂ ਤਿਉਹਾਰਾਂ ਦੇ ਸੀਜ਼ਨ ਦੌਰਾਨ ਸਫਾਈ ਅਤੇ ਪ੍ਰਦੂਸ਼ਣ-ਰੋਕਥਾਮ ਲਈ ਖਾਸ ਤਿਆਰੀਆਂ ਕੀਤੀਆਂ ਗਈਆਂ ਹਨ।

# ਨਗਰ ਪੰਚਾਇਤ ਘੱਗਾ ਵਿਖੇ ਲੋਕ ਕਲਿਆਣ ਮੇਲਾ ਆਯੋਜਿਤ



ਪਾਤੜਾਂ,29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਬਡਵੀਜ਼ਨ ਪਾਤੜਾਂ ਚ ਪੈਂਦੇ ਕਸਬਾ ਘੱਗਾ ਵਿਖੇ ਡਿਪਟੀ ਕਮਿਸ਼ਨਰ ਪਟਿਆਲਾ ਦੇ ਹੁਕਮਾਂ ਅਨੁਸਾਰ 16 ਸਤੰਬਰ ਤੋਂ 2 ਅਕਤੂਬਰ ਤੱਕ ਚੱਲ ਰਹੇ ਲੋਕ ਕਲਿਆਣ ਮੇਲੇ ਦੇ ਤਹਿਤ ਅੱਜ 25 ਸਤੰਬਰ 2025 ਨੂੰ ਨਗਰ ਪੰਚਾਇਤ ਘੱਗਾ ਵੱਲੋਂ ਲੋਕ ਕਲਿਆਣ ਮੇਲਾ ਲਗਾਇਆ ਗਿਆ।

ਇਸ ਮੇਲੇ ਦੌਰਾਨ ਪ੍ਰਧਾਨ ਮੰਤਰੀ ਸਵਨਿਧਿ ਸਕੀਮ ਦੇ ਅਧੀਨ ਰੇਹੜੀ ਫੜ੍ਹੀ ਵਾਲਿਆਂ ਨੂੰ ਪਹਿਲਾ ਲੋਨ 15,000 ਰੁਪਏ,ਦੂਜਾ ਲੋਨ 25,000 ਹਜ਼ਾਰ ਰੁਪਏ ਅਤੇ ਤੀਜਾ ਲੋਨ 50,000 ਰੁਪਏ ਜਾਰੀ ਕੀਤੇ ਗਏ।

ਮੇਲੇ ਵਿੱਚ ਖਾਸ ਤੌਰ 'ਤੇ ਐਸ.ਡੀ.ਐਮ. ਪਾਤੜਾਂ ਅਸ਼ੋਕ ਕੁਮਾਰ, ਬਲਜਿੰਦਰ ਸਿੰਘ ਕਾਰਜ ਸਾਧਕ ਅਫਸਰ ਨਗਰ ਪੰਚਾਇਤ ਘੱਗਾ, ਪ੍ਰਧਾਨ ਨਗਰ ਪੰਚਾਇਤ ਘੱਗਾ ਮਿੱਠੂ ਸਿੰਘ , ਸੀਨੀਅਰ ਮੀਤ ਪ੍ਰਧਾਨ ਸ਼ਕਤੀ ਗੋਇਲ,ਮੀਤ ਪ੍ਰਧਾਨ ਜੱਸ ਘੱਗਾ, ਸੀ.ਐੱਮ.ਐੱਮ. ਵਿਜੇ ਕੋਹਲੀ ਅਤੇ ਨੰਦ ਲਾਲ ਸ਼ਰਮਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ , ਜਿਨ੍ਹਾਂ ਨੇ ਮੌਕੇ 'ਤੇ ਲੋਕਾਂ ਨੂੰ ਸਕੀਮ ਦੇ ਲਾਭਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਇਹ ਸਕੀਮ ਸ਼ਹਿਰੀ ਖੇਤਰਾਂ ਦੇ ਰੇਹੜੀ ਫੜ੍ਹੀ ਵਾਲਿਆਂ (ਸਟ੍ਰੀਟ ਵੈਂਡਰਾਂ) ਲਈ ਹੈ।

ਇਸ ਵਿੱਚ ਸਰਕਾਰ ਵੱਲੋਂ ਬਿਨਾਂ ਗਿਰਵੀ ਰੱਖੇ ਛੋਟਾ ਕਾਰੋਬਾਰੀ ਲੋਨ ਦਿੱਤਾ ਜਾਂਦਾ ਹੈ। ਕਰਜ਼ਾ ਸਮੇਂ 'ਤੇ ਵਾਪਸ ਕਰਨ ਵਾਲਿਆਂ ਨੂੰ ਸਬਸਿਡੀ ਤੇ ਕ੍ਰੈਡਿਟ ਸਕੋਰ ਦੇ ਫਾਇਦੇ ਵੀ ਮਿਲਦੇ ਹਨ।ਇਸ ਯੋਜਨਾ ਨਾਲ ਛੋਟੇ ਕਾਰੋਬਾਰੀਆਂ ਨੂੰ ਆਪਣਾ ਕਾਰੋਬਾਰ ਵਧਾਉਣ ਦਾ ਮੌਕਾ ਮਿਲਦਾ ਹੈ।

ਅੱਜ ਦੇ ਮੇਲੇ ਵਿੱਚ ਕਰੀਬ 100 ਦੇ ਕਰੀਬ ਲੋਕਾਂ ਨੇ ਇਸ ਯੋਜਨਾ ਦਾ ਲਾਭ ਲਿਆ ਅਤੇ ਹੋਰਨਾਂ ਨੂੰ ਵੀ ਨਗਰ ਪੰਚਾਇਤ ਦਫ਼ਤਰ ਨਾਲ ਸੰਪਰਕ ਕਰਨ ਲਈ ਪ੍ਰੇਰਿਤ ਕੀਤਾ ਗਿਆ।

# ਨਗਰ ਕੌਂਸਲ ਸਨੌਰ ਵੱਲੋਂ ਸਵੱਛਤਾ ਹੀ ਸੇਵਾ ਤਹਿਤ ਚਲਾਈ ਸਫ਼ਾਈ ਮੁਹਿੰਮ



ਸਨੌਰ,29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਨਗਰ ਕੌਂਸਲ ਸਨੌਰ ਦੇ ਪ੍ਰਧਾਨ ਪ੍ਰਦੀਪ ਕੁਮਾਰ ਜੋਸ਼ਨ ਅਤੇ ਕਾਰਜ ਸਾਧਕ ਅਫਸਰ ਲਖਬੀਰ ਸਿੰਘ ਜੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਸਵੱਛਤਾ ਹੀ ਸੇਵਾ-2025 ਤਹਿਤ ਮਿਤੀ 25 ਸਤੰਬਰ ਨੂੰ ਸਵੇਰੇ ਦਫਤਰ ਨਗਰ ਕੌਂਸਲ ਸਨੌਰ ਤੋਂ ਲੈ ਕੇ ਬੱਸ ਸਟੈਂਡ ਤੱਕ ਸਫਾਈ ਡਰਾਈਵ ਚਲਾਈ ਗਈ ਜਿਸ ਵਿੱਚ ਐਮਸੀ ਯੁਵਰਾਜ ਸਿੰਘ ਸੈਨੇਟਰੀ ਇੰਸਪੈਕਟਰ ਰਾਮ ਗੋਪਾਲ ਜੀ, ਪ੍ਰੋਗਰਾਮ ਕੁਆਡਿਨੈਟਰ ਰਣਧੀਰ ਸਿੰਘ,ਦਵਿੰਦਰ ਸਿੰਘਸਫ਼ਾਈ ਸੇਵਕ ਯੂਨੀਅਨ ਦੇ ਪ੍ਰਧਾਨ ਨੰਦ ਲਾਲ, ਸਮੂਹ ਸਫਾਈ ਸੇਵਕਾਂ ਸਮੂਹ ਐਮ.ਸੀ ਸਾਹਿਬਾਨ ਦਫ਼ਤਰੀ ਸਟਾਫ਼, ਸ਼ਹਿਰ ਵਾਸੀ ਅਤੇ ਸਮੂਹ ਸੈਨੀਟੇਸ਼ਨ ਸਟਾਫ਼ ਨੇ ਭਾਗ ਲਿਆ ਅਤੇ ਪ੍ਰਧਾਨ ਨਗਰ ਕੌਂਸਲ ਸਰਦਾਰ ਪ੍ਰਦੀਪ ਸਿੰਘ ਜੋਸ਼ਨ ਜੀ ਵੱਲੋਂ ਸਮੂਹ ਸ਼ਹਿਰ ਵਾਸੀਆਂ ਨੂੰ ਆਪਣੇ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਲਈ ਨਗਰ ਕੌਂਸਲ ਸਨੌਰ ਦਾ ਸਹਿਯੋਗ ਦੇਣ ਦੀ ਅਪੀਲ ਕੀਤੀ।

# ਚੌਥਾ ਅੱਖਾਂ ਦਾ ਮੁਫ਼ਤ ਚੈੱਕ ਅੱਪ ਅਤੇ ਆਪ੍ਰੇਸ਼ਨ ਕੈਂਪ ਅੱਜ

ਪਾਤੜਾਂ,29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਲੋਕ ਸੇਵਾ ਸੁਸਾਇਟੀ ਦੁਗਾਲ (ਰਜਿ:) ਵੱਲੋਂ ਐਨ ਆਰ ਆਈ, ਫੌਜੀ ਨੌਜਵਾਨ ਅਤੇ ਸਮੂਹ ਨਗਰ ਨਿਵਾਸੀ ਪਿੰਡ ਦੁਗਾਲ ਦੇ ਸਹਿਯੋਗ ਨਾਲ ਚੌਥਾ ਅੱਖਾਂ ਦਾ ਮੁਫ਼ਤ ਚੈੱਕਅੱਪ ਅਤੇ ਆਪ੍ਰੇਸ਼ਨ ਕੈਂਪ ਮਿਤੀ ਅੱਜ ਗੁਰਦੁਆਰਾ ਸਾਹਿਬ ਨੌਵੀਂ ਪਾਤਸ਼ਾਹੀ ਦੁਗਾਲ ਕਲਾਂ ਵਿਖੇ ਸਵੇਰੇ 9 ਵਜੇ ਤੋਂ ਲੈ ਕੇ ਦੁਪਹਿਰ 1:00 ਵਜੇ ਤੱਕ ਲਗਾਇਆ ਜਾ ਰਿਹਾ ਹੈ ।

ਇਸ ਕੈਂਪ ਵਿਚ ਸ਼ੰਕਰਾ ਅੱਖਾਂ ਦਾ ਹਸਪਤਾਲ ਲੁਧਿਆਣਾ ਤੋਂ ਅੱਖਾਂ ਦੇ ਮਾਹਿਰ ਡਾਕਟਰ ਸ਼ਿਰਕਤ ਕਰਨਗੇ ।

# ਬੋਲੜ ਕਲਾਂ ਵਿਖੇ ਸਵ: ਮਾਤਾ ਮਹਿੰਦਰ ਕੌਰ ਨੂੰ ਹੈਰੀ ਮਾਨ ਵੱਲੋਂ ਸ਼ਰਧਾ ਦੇ ਫੁੱਲ ਭੇਂਟ



ਸਨੌਰ,29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਨੌਰ ਦੇ ਪਿੰਡ ਬੋਲੜ ਕਲਾਂ ਦੇ ਵਸਨੀਕ ਮਾਤਾ ਸਵ ਮਹਿੰਦਰ ਕੌਰ ਪਤਨੀ ਦੇਵਿਦਆਲ ਸਿੰਘ ਅਚਾਨਕ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਸਨ।

ਇਸ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਕਾਂਗਰਸ ਪਾਰਟੀ ਹਲਕਾ ਸਨੌਰ ਦੇ ਇੰਚਾਰਜ ਹਰਿੰਦਰਪਾਲ ਸਿੰਘ ਹੈਰੀ ਮਾਨ ਪਿੰਡ ਬੋਲੜ ਕਲਾਂ ਚ ਪਹੁੰਚੇ ਸਵ ਮਾਤਾ ਮਹਿੰਦਰ ਕੌਰ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ।

ਇਸ ਸਮੇਂ ਅਸ਼ਵਨੀ ਬੱਤਾ , ਰਣਦੀਪ ਰਾਣਾ, ਬੂਟਾ ਸਿੰਘ ਨੂਰਖੇੜੀਆਂ, ਕ੍ਰਿਸ਼ਨ ਸਿੰਘ ,ਜਗਮਾਲ ਰਾਣਾ, ਡਾ ਸੰਜੀਵ ਰਾਣਾ, ਕਰਨੈਲ ਸਿੰਘ, ਜਰਨੈਲ ਸਿੰਘ, ਰਜਿੰਦਰ ਸਿੰਘ, ਮੱਖਣ ਸਿੰਘ ਇਟਲੀ, ਮੌਜੂਦ ਰਹੇ।

# ਰਾਜਾ ਜਨਕ ਨੇ ਸੀਤਾ ਦੇ ਵਿਆਹ ਲਈ ਸਵੰਬਰ ਰਚਾਇਆ



ਨਾਭਾ, 29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸ਼੍ਰੀ ਮਹਾਲਕਸ਼ਮੀ ਰਾਮਲੀਲਾ ਕਲੱਬ ਪੁਰਾਨਾ ਹਾਈਕੋਰਟ ਨਾਭਾ ਵੱਲੋਂ ਮਹੰਤ ਕਾਲਾ ਦਾਸ ਦੀ ਪ੍ਰਧਾਨਗੀ ਹੇਠ ਬਹੁਤ ਹੀ ਸ਼ਾਨਦਾਰ ਰਾਮਲੀਲਾ ਦਾ ਮੰਚਨ ਕੀਤਾ ਜਾ ਰਿਹਾ ਹੈ। ਬੀਤੀ ਰਾਤ ਮੰਚ ਤੇ ਜਨਕਪੁਰੀ ਦੇ ਰਾਜਾ ਜਨਕ ਨੇ ਆਪਣੀ ਪੁੱਤਰੀ ਸੀਤਾ ਦੇ ਵਿਆਹ ਲਈ ਸਵੰਬਰ ਰਚਾਇਆ, ਦੇਸ਼ ਵਿਦੇਸ਼ ਦੇ ਰਾਜੇ ਮਹਾਰਾਜੇ ਸਵੰਬਰ 'ਚ ਸੀਤਾ ਨੂੰ ਜਿੱਤਣ ਲਈ ਰਾਜਾ ਜਨਕ ਦੇ ਸ਼ਾਹੀ ਮਹਿਲਾਂ 'ਚ ਪਹੁੰਚੇ, ਰਿਸ਼ੀ ਵਿਸ਼ਵਾਮਿੱਤਰ ਵੀ ਮਹਾਰਾਜਾ ਦਸ਼ਰਥ ਦੇ ਰਾਜ ਦੁਲਾਰੇ ਸ਼੍ਰੀ ਰਾਮ ਅਤੇ ਲਕਸ਼ਮਣ ਨਾਲ ਸੀਤਾ ਸਵੰਬਰ 'ਚ ਸ਼ਾਮਿਲ ਹੋਣ ਲਈ ਪਹੁੰਚੇ। ਰਾਜਾ ਜਨਕ ਨੇ ਭਾਰੀ ਸਭਾ ਵਿੱਚ ਐਲਾਨ ਕੀਤਾ ਕਿ ਜੋ ਵੀ ਸ਼ੂਰਵੀਰ ਯੋਧਾ ਇਸ ਸ਼ਿਵ ਧਨੁਸ਼ ਦਾ ਚਿਲ੍ਹਾ ਚੜ੍ਹਾਏਗਾ ਉਹ ਸੀਤਾ ਦਾ ਪਤੀ ਕਹਿਲਾਏਗਾ, ਸ਼ਾਹੀ ਮਹਿਲਾਂ 'ਚ ਬੈਠੇ ਰਾਜਿਆਂ ਚੋਂ ਕੋਈ ਵੀ ਧਨੁਸ਼ ਦਾ ਚਿਲ੍ਹਾ ਚੜ੍ਹਾਉਣ 'ਚ ਸਫਲ ਨਹੀਂ ਹੋ ਸਕਿਆ, ਰਿਸ਼ੀ ਵਿਸ਼ਵਾਮਿੱਤਰ ਨੇ ਸ਼੍ਰੀ ਰਾਮ ਨੂੰ ਚਿਲ੍ਹਾ ਚੜ੍ਹਾਉਣ ਲਈ ਕਿਹਾ ਰਾਮ ਨੇ ਧਨੁਸ਼ ਚੁੱਕ ਕੇ ਚਿੱਲਾ ਚੜ੍ਹਾਇਆ ਸੀਤਾ ਨੇ ਸ਼੍ਰੀ ਰਾਮ ਦੇ ਗਲ 'ਚ ਜੈ ਮਾਲਾ ਪਾਈ। ਰਾਜਾ ਜਨਕ ਨੇ ਮੰਤਰੀ ਜੀ ਨੂੰ ਆਦੇਸ਼ ਦਿੱਤਾ ਕਿ ਮਹਾਰਾਜਾ ਦਸ਼ਰਥ ਨੂੰ ਇਤਲਾਹ ਕਰ ਦਿਓ ਕਿ ਉਹ ਬਰਾਤ ਲੈ ਕੇ ਜਨਕਪੁਰੀ ਪਹੁੰਚਣ। ਪੰਡਾਲ ਦੀ ਸਾਜ ਸਜਾਵਟ ਰਾਮਲੀਲਾ ਦੀ ਸ਼ਾਨ ਵਧਾ ਰਹੀ ਹੈ। ਮੰਚ ਸੰਚਾਲਨ ਸਟੇਜ ਦੇ ਧਨੀ ਸੰਜੀਵ ਕੁਮਾਰ ਸੰਜੂ ਨਗਰ ਕੌਂਸਲ ਵਾਲੇ ਬਹੁਤ ਹੀ ਵਧੀਆ ਤਰੀਕੇ ਨਾਲ ਕਰ ਰਹੇ ਹਨ।

# ਪਰਾਲੀ ਸਾੜਣ ਤੋਂ ਰੋਕਣ ਲਈ ਕਿਸਾਨਾਂ ਨੂੰ ਲੋੜੀਂਦੀ ਮਸ਼ੀਨਰੀ ਉਪਲਬੱਧ ਕਰਵਾਉਣ 'ਤੇ ਜ਼ੋਰ

## ਏ.ਡੀ.ਸੀ., ਐਸ.ਪੀ ਤੇ ਐਸ.ਡੀ.ਐਮ ਨੇ ਨੋਡਲ ਤੇ ਕਲਸਟਰ ਅਫ਼ਸਰਾਂ ਨਾਲ ਬੈਠਕ ਮੌਕੇ ਸੁਪਰੀਮ ਕੋਰਟ ਦੇ ਹੁਕਮਾਂ ਦੀ ਪਾਲਣਾ ਕਰਨ ਲਈ ਕਿਹਾ



ਪਟਿਆਲਾ, 29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ, ਐਸ.ਪੀ ਸਿਟੀ ਪਲਵਿੰਦਰ ਸਿੰਘ ਚੀਮਾ ਤੇ ਐਸ.ਡੀ.ਐਮ ਹਰਜੋਤ ਕੌਰ ਮਾਵੀ ਨੇ ਪਰਾਲੀ ਸਾੜਨ ਤੋਂ ਰੋਕਣ ਲਈ ਕਿਸਾਨਾਂ ਨੂੰ ਲੋੜੀਂਦੀ ਮਸ਼ੀਨਰੀ ਉਪਲਬੱਧ ਕਰਵਾਉਣ 'ਤੇ ਜ਼ੋਰ ਦਿੱਤਾ।

ਅੱਜ ਇੱਥੇ ਨੋਡਲ ਅਫ਼ਸਰਾਂ ਤੇ ਪਿੰਡ ਪੱਧਰ 'ਤੇ ਤਾਇਨਾਤ ਕੀਤੇ ਗਏ ਕਲੱਸਟਰ ਅਫ਼ਸਰਾਂ ਨਾਲ ਜਾਇਜ਼ਾ ਬੈਠਕ ਕਰਦਿਆਂ ਏ.ਡੀ.ਸੀ. ਨਵਰੀਤ ਕੌਰ ਸੇਖੋਂ ਨੇ ਕਿਹਾ ਕਿ ਪਿੰਡ ਪੱਧਰ 'ਤੇ ਪਰਾਲੀ ਸਾੜਨ ਤੋਂ ਰੋਕਣ ਲਈ ਤਾਇਨਾਤ ਕੀਤੇ ਗਏ ਸਾਰੇ ਅਧਿਕਾਰੀ ਤੇ ਕਰਮਚਾਰੀ ਕਿਸਾਨਾਂ ਨਾਲ ਸਿੱਧਾ ਰਾਬਤਾ ਕਰਨ ਅਤੇ ਲੋੜੀਂਦੀ ਮਸ਼ੀਨਰੀ ਉਪਲਬੱਧ ਕਰਵਾਉਣ ਲਈ ਕੋਈ ਕਸਰ ਬਾਕੀ ਨਾ ਛੱਡਣ।

ਏ.ਡੀ.ਸੀ. ਸੇਖੋਂ ਤੇ ਐਸ.ਪੀ. ਚੀਮਾ ਨੇ ਸਾਰੇ ਅਧਿਕਾਰੀਆਂ ਤੇ ਥਾਣਾ ਮੁਖੀਆਂ ਸਮੇਤ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਰਾਲੀ ਸਾੜਨ ਤੋਂ ਰੋਕਣ ਲਈ ਮਾਣਯੋਗ ਸੁਪਰੀਮ ਕੋਰਟ ਦੇ ਆਦੇਸ਼ਾਂ ਤੇ ਅਤੇ ਹਵਾ ਗੁਣਵੱਤਾ ਮੋਨੀਟਰਿੰਗ ਕਮਿਸ਼ਨ ਦੇ ਨਿਰਦੇਸ਼ਾਂ ਦੀ ਪਾਲਣਾ ਇਨ-ਬਿੰਨ ਤੇ ਸਖਤੀ ਨਾਲ ਕਰਨੀ ਯਕੀਨੀ ਬਣਾਈ ਜਾਵੇ।

ਉਨ੍ਹਾਂ ਕਿਹਾ ਕਿ ਪਰਾਲੀ ਸਾੜਨ ਤੋਂ ਰੋਕਣ ਲਈ ਤਾਇਨਾਤ ਕੀਤੇ ਗਏ ਨੋਡਲ ਅਫ਼ਸਰ ਕੋਈ ਅਣਗਹਿਲੀ ਨਾ ਵਰਤਣ ਤੇ ਕਿਸਾਨਾਂ ਨੂੰ ਪ੍ਰੇਰਿਤ ਕਰਕੇ ਪਰਾਲੀ ਨੂੰ ਬਿਨ੍ਹਾਂ ਅੱਗ ਲਗਾਏ ਖੇਤਾਂ 'ਚ ਮਿਲਾਉਣ ਤੇ ਸੁਚੱਜੇ ਪਰਾਲੀ ਪ੍ਰਬੰਧਨ ਲਈ ਉਤਸ਼ਾਹਤ ਕਰਨ। ਉਨ੍ਹਾਂ ਨੇ ਇਹ ਵੀ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਕੋਈ ਵੀ ਕੰਬਾਇਨ ਬਿਨ੍ਹਾਂ ਸੁਪਰ ਐਸ.ਐਮ.ਐਸ. ਚਲਾਏ ਝੋਨੇ ਦੀ ਕਟਾਈ ਨਾ ਕਰੇ ਤੇ ਜੇਕਰ ਅਜਿਹਾ ਸਾਹਮਣੇ ਆਇਆ ਤਾਂ ਕਾਰਵਾਈ ਹੋਵੇਗੀ।

ਏ.ਡੀ.ਸੀ. ਨੇ ਕਿਹਾ ਕਿ ਪਰਾਲੀ ਸੰਭਾਲਣ ਲਈ ਬੇਲਰ, ਇਨ-ਸੀਟੂ ਤੇ ਐਕਸ-ਸੀਟੂ ਗਤੀਵਿਧੀਆਂ ਵੀ ਲਈ ਕਿਸਾਨ ਲੋੜੀਂਦੀ ਮਸ਼ੀਨਰੀ ਹੈਪੀ ਸੀਡਰ, ਸੁਪਰ ਸੀਡਰ ਤੇ ਸਰਫ਼ੇਸ ਸੀਡਰ ਆਦਿ ਲੈਣ ਲਈ ਕੰਟਰੋਲ ਰੂਮ ਦੇ ਨੰਬਰ 0175-2350550 'ਤੇ ਸੰਪਰਕ ਕਰਨ।

# ਸ੍ਰੀ ਰਾਮ ਲੀਲਾ ਦਾ ਚੌਥਾ ਦਿਨ ਅਕਾਲੀ ਆਗੂ ਖੇੜਾ ਨੇ ਕੀਤਾ ਉਦਘਾਟਨ



ਖਰੜ, 29 ਸਤੰਬਰ/ ਸੁਰਿੰਦਰ
-ਕੌਮੀ ਪੱਤ੍ਰਿਕਾ ਬਿਊਰੋ-

ਸ੍ਰੀ ਰਾਮ ਲੀਲਾ ਕਲੱਬ ਦੁਸਹਿਰਾ ਗਰਾਊਂਡ ਖਰੜ ਵਿਖੇ ਕਰਵਾਈ ਜਾ ਰਹੀ ਸ੍ਰੀ ਰਾਮਲੀਲਾ ਦਾ ਉਦਘਾਟਨ ਸ਼੍ਰੋਮਣੀ ਅਕਾਲੀ ਦਲ ਪੰਜਾਬ ਯੂਥ ਵਿੰਗ ਦੇ ਸਕੱਤਰ ਰਵਿੰਦਰ ਸਿੰਘ ਖੇੜਾ ਵੱਲੋਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਸਾਨੂੰ ਭਗਵਾਨ ਸ੍ਰੀ ਰਾਮ ਚੰਦਰ ਜੀ ਦੇ ਜੀਵਨ ਤੋਂ ਸੇਧ ਲੈਣੀ ਚਾਹੀਦੀ ਹੈ।ਕਲੱਬ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਰਾਮਲੀਲਾ ਦਾ ਆਯੋਜਨ ਕਰਕੇ ਨੌਜਵਾਨ ਪੀੜੀ ਨੂੰ ਭਗਵਾਨ ਸ੍ਰੀ ਰਾਮ ਚੰਦਰ ਜੀ ਦੀਆਂ ਸਿੱਖਿਆਵਾਂ ਨਾਲ ਜੋੜਿਆ ਜਾ ਰਿਹਾ ਹੈ। ਉਨਾਂ ਕਿਹਾ ਕਿ ਸਾਨੂੰ ਅਜਿਹੇ ਪ੍ਰੋਗਰਾਮ ਵੱਧ ਚੜ ਕੇ ਕਰਾਉਣੇ ਚਾਹੀਦੇ ਹਨ ਤਾਂ ਜੋ ਸਾਡੀ ਨੌਜਵਾਨ ਬੱਚਿਆਂ ਨੂੰ ਸਾਡੇ ਸੰਸਕਾਰਾਂ ਅਤੇ ਸਾਡੇ ਧਰਮ ਦਾ ਗਿਆਨ ਹੋ ਸਕੇ। ਇਸ ਮੌਕੇ ਕਲੱਬ ਮੈਂਬਰਾਂ ਵੱਲੋਂ ਮੁੱਖ ਮਹਿਮਾਨ ਰਵਿੰਦਰ ਸਿੰਘ ਖੇੜਾ ਦਾ ਵਿਸੇਸ ਤੌਰ ਤੇ ਸਨਮਾਨ ਕੀਤਾ ਗਿਆ।

# ਭਾਈ ਲਾਲੋ ਜੀ ਦੇ ਜਨਮ ਪੂਰਬ ਨੂੰ ਸਮਰਪਿਤ ਘਨਸ਼ਾਮ ਸਿੰਘ ਲੋਟੇ ਵੱਲੋਂ ਮਨੁੱਖਤਾ ਦੀ ਸੇਵਾ ਲਈ ਡੈਲਸ ਮਸ਼ੀਨਾਂ ਦੀ ਭੇਟ



ਲੁਧਿਆਣਾ, 29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸ਼ਹਿਰ ਦੇ ਮਸ਼ਹੂਰ ਉਦਯੋਗਪਤੀ, ਪ੍ਰਸਿੱਧ ਸਮਾਜ ਸੇਵਕ ਅਤੇ ਆਲ ਇੰਡੀਆ ਰਾਮਗੜ੍ਹੀਆ ਬੋਰਡ ਦੇ ਸਰਪ੍ਰਸਤ ਸ. ਘਨਸ਼ਾਮ ਸਿੰਘ ਲੋਟੇ ਨੇ ਭਾਈ ਲਾਲੋ ਜੀ ਦੇ ਜਨਮ ਪੂਰਬ ਦੇ ਪਵਿੱਤਰ ਅਵਸਰ 'ਤੇ ਮਨੁੱਖਤਾ ਦੀ ਭਲਾਈ ਲਈ ਮਹੱਤਵਪੂਰਨ ਯੋਗਦਾਨ ਪੇਸ਼ ਕੀਤਾ। ਉਨ੍ਹਾਂ ਨੇ ਜਰਮਨੀ ਤੋਂ ਮੰਗਵਾ ਕੇ ਉੱਚ ਗੁਣਵੱਤਾ ਵਾਲੀਆਂ ਡੈਲਸ ਦੀਆਂ 2 ਮਸ਼ੀਨਾਂ ਸਥਾਨਕ ਡੈਲਸ ਸੈਂਟਰ ਨੂੰ ਭੇਟ ਕੀਤੀਆਂ।

ਸਮਾਰੋਹ ਦੌਰਾਨ ਮੀਡੀਆ ਨਾਲ ਗੱਲਬਾਤ ਕਰਦਿਆਂ ਸ. ਲੋਟੇ ਨੇ ਕਿਹਾ ਕਿ ਸਾਨੂੰ ਆਪਣੀ ਕਮਾਈ ਵਿਚੋਂ ਦਸਵੰਧ ਕੱਢ ਕੇ ਲੋੜਵੰਦਾਂ ਦੀ ਸਹਾਇਤਾ ਲਈ ਅੱਗੇ ਆਉਣਾ ਚਾਹੀਦਾ ਹੈ। ਇਹੀ ਸੱਚੀ ਸੇਵਾ ਹੈ।

ਇਸ ਮੌਕੇ ਤੇ ਕਈ ਉੱਘੇ ਸਮਾਜ ਸੇਵੀ ਵੀ ਹਾਜ਼ਰ ਸਨ, ਜਿਨ੍ਹਾਂ ਵਿੱਚ ਏਕ ਨੂਰ ਸੰਸਥਾ ਦੇ ਪ੍ਰਧਾਨ ਸ. ਅਨੇਜਾ, ਆਲ ਇੰਡੀਆ ਰਾਮਗੜ੍ਹੀਆ ਬੋਰਡ ਦੇ ਪ੍ਰਧਾਨ ਇੰਜੀਨੀਅਰ ਪਰਮਜੀਤ ਸਿੰਘ ਭਾਰਜ ਆਦਿ ਸ਼ਾਮਲ ਸਨ। ਡੈਲਸ ਸੈਂਟਰ ਦੇ ਪ੍ਰਧਾਨ ਸ. ਗਰਗ ਨੇ ਸ. ਘਨਸ਼ਾਮ ਸਿੰਘ ਲੋਟੇ ਅਤੇ ਹੋਰ ਮਾਣਯੋਗ ਮਹਿਮਾਨਾਂ ਨੂੰ ਸਿਰੋਪਾਓ ਪਾ ਕੇ ਅਤੇ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ।

ਉਨ੍ਹਾਂ ਨੇ ਕਿਹਾ ਕਿ ਇਹ ਯਤਨ ਹਜ਼ਾਰਾਂ ਮਰੀਜ਼ਾਂ ਦੀਆਂ ਜ਼ਿੰਦਗੀਆਂ ਵਿੱਚ ਨਵੀਂ ਰੌਸ਼ਨੀ ਭਰੇਗਾ।ਇਹ ਕਾਰਜ ਮਨੁੱਖਤਾ, ਨਿਮਰਤਾ ਅਤੇ ਸੇਵਾ ਭਾਵਨਾ ਦੀ ਜੀਵੰਤ ਮਿਸਾਲ ਹੈ। ਭਾਈ ਲਾਲੋ ਜੀ ਦੇ ਜੀਵਨ ਸਿਧਾਂਤਾਂ ਤੋਂ ਪ੍ਰੇਰਿਤ, ਇਸ ਤਰ੍ਹਾਂ ਦੇ ਯੋਗਦਾਨ ਸਮਾਜਿਕ ਸੇਵਾ ਦੇ ਸੰਦੇਸ਼ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰਦੇ ਹਨ।

# ਕੇ.ਵੀ.ਕੇ. ਵਿਖੇ ਜੈਵਿਕ ਖੇਤੀ ਅਤੇ ਵਰਮੀਕੰਪੋਸਟਿੰਗ ਸਬੰਧੀ 5 ਦਿਨਾਂ ਕਿੱਤਾ-ਮੁਖੀ ਸਿਖਲਾਈ ਕੋਰਸ ਕਰਵਾਇਆ




ਪਟਿਆਲਾ, 29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਅਤੇ ਭਾਰਤੀ ਖੇਤੀ ਖੋਜ ਸੰਸਥਾ ਅਟਾਰੀ, ਜ਼ੋਨ-1, ਲੁਧਿਆਣਾ ਦੇ ਅਧੀਨ ਕਾਰਜਸ਼ੀਲ ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ, ਮਿਤੀ 18 ਸਤੰਬਰ ਤੋਂ 25 ਸਤੰਬਰ ਤੱਕ ਜੈਵਿਕ ਖੇਤੀ ਅਤੇ ਵਰਮੀਕੰਪੋਸਟਿੰਗ ਸਬੰਧੀ 5 ਦਿਨਾਂ ਕਿੱਤਾ-ਮੁਖੀ ਸਿਖਲਾਈ ਕੋਰਸ ਆਯੋਜਿਤ ਕੀਤਾ ਗਿਆ। ਇਸ ਕੋਰਸ ਵਿਚ ਇਲਾਕੇ ਦੇ 22 ਕਿਸਾਨ ਅਤੇ ਕਿਸਾਨ ਬੀਬੀਆਂ ਨੇ ਭਾਗ ਲਿਆ।

ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ ਦੇ ਡਿਪਟੀ ਡਾਇਰੈਕਟਰ (ਸਿਖਲਾਈ), ਡਾ. ਹਰਦੀਪ ਸਿੰਘ ਸਭਿਖੀ ਨੇ ਸਿਖਲਾਈ ਪ੍ਰੋਗਰਾਮ ਦਾ ਉਦਘਾਟਨ ਕਰਦਿਆਂ ਸਿੱਖਿਆਰਥੀਆਂ ਨੂੰ ਕੇ.ਵੀ.ਕੇ. ਦੁਆਰਾ ਕਿਸਾਨ ਭਾਈਚਾਰੇ ਦੀ ਬਿਹਤਰੀ ਲਈ ਦਿੱਤੀਆਂ ਜਾਂਦੀਆਂ ਸੇਵਾਵਾਂ ਬਾਰੇ ਜਾਣੂੰ ਕਰਵਾਇਆ ਅਤੇ ਉਨ੍ਹਾਂ ਨੂੰ ਆਪਣੀ ਆਮਦਨ ਵਧਾਉਣ ਲਈ ਸਹਾਇਕ ਕਿੱਤਿਆਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਡਾ. ਸਭਿਖੀ ਨੇ ਦੱਸਿਆ ਕਿ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਅਤੇ ਮਨੁੱਖੀ ਸਿਹਤ ਅਤੇ ਵਾਤਾਵਰਣ ਦੀ ਬਿਹਤਰੀ ਲਈ ਜੈਵਿਕ ਖੇਤੀ ਅਤੇ ਵਰਮੀਕੰਪੋਸਟਿੰਗ ਸਹਾਇਕ ਕਿੱਤੇ ਵਜੋਂ ਸ਼ੁਰੂ ਕੀਤੀ ਜਾ ਸਕਦੀ ਹੈ। ਇਸ ਸਿਖਲਾਈ ਪ੍ਰੋਗਰਾਮ ਦਾ ਸੰਚਾਲਨ ਕਰਦਿਆਂ ਡਾ. ਗੁਰਪ੍ਰੀਤ ਸਿੰਘ, ਸਹਾਇਕ ਪ੍ਰੋਫੈਸਰ (ਫ਼ਸਲ ਵਿਗਿਆਨ) ਨੇ ਸਿੱਖਿਆਰਥੀਆਂ ਨੂੰ ਜੈਵਿਕ ਖੇਤੀ ਵਿੱਚ ਵਰਤੀਆਂ ਜਾਣ ਵਾਲੀਆਂ ਜੈਵਿਕ ਖਾਦਾਂ, ਜੀਵਾਣੂ ਖਾਦਾਂ ਅਤੇ ਹੋਰ ਉਤਪਾਦਾਂ ਦੇ ਨਾਲ- ਨਾਲ ਜੈਵਿਕ ਢੰਗਾਂ ਨਾਲ ਨਦੀਨ, ਕੀਟ ਅਤੇ ਬਿਮਾਰੀ ਪ੍ਰਬੰਧਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਜੈਵਿਕ ਖੇਤੀ ਤੋਂ ਇਲਾਵਾ ਸੰਗਠਿਤ ਖੇਤੀ ਪ੍ਰਣਾਲੀ ਦੇ ਮਾਡਲ, ਕੁਦਰਤੀ ਖੇਤੀ ਅਤੇ ਕੁਦਰਤੀ ਖੇਤੀ ਵਿਚ ਵਰਤੇ ਜਾਣ ਵਾਲੇ ਪਦਾਰਥਾਂ ਬਾਰੇ ਵੀ ਜਾਣੂ ਕਰਵਾਇਆ ਗਿਆ। ਗੰਡੋਆ ਖਾਦ ਦੇ ਉਤਪਾਦਨ ਦੇ ਢੰਗ ਅਤੇ ਉਤਪਾਦਨ ਵੇਲੇ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ ਗਈ।

ਡਾ. ਰਜਨੀ ਗੋਇਲ, ਪ੍ਰੋਫੈਸਰ (ਭੋਜਨ ਵਿਗਿਆਨ) ਨੇ ਫੂਡ ਪ੍ਰੋਸੈਸਿੰਗ ਖ਼ਾਸਕਰ ਗੰਨੇ ਦੀ ਆਰਗੈਨਿਕ ਢੰਗ ਨਾਲ ਗੁੜ ਅਤੇ ਸ਼ੱਕਰ ਬਣਾਉਣ ਦੀ ਵਿਧੀ ਸਾਂਝੀ ਕੀਤੀ। ਡਾ. ਰੁਕਿੰਦਰਪ੍ਰੀਤ ਸਿੰਘ ਧਾਲੀਵਾਲ, ਸਹਾਇਕ ਪ੍ਰੋਫੈਸਰ (ਫ਼ਸਲ ਵਿਗਿਆਨ), ਕੇ.ਵੀ.ਕੇ., ਸੰਗਰੂਰ ਵੱਲੋਂ ਸਿੱਖਿਆਰਥੀਆਂ ਨੂੰ ਜੈਵਿਕ ਖੇਤੀ ਵਿਚ ਫ਼ਸਲੀ ਚੱਕਰ ਅਤੇ ਅੰਤਰ ਫ਼ਸਲਾਂ ਦੇ ਮਹੱਤਵ ਬਾਰੇ ਜਾਣੂੰ ਕਰਵਾਇਆ। ਡਾ. ਗੁਰਅੰਸ਼ਪ੍ਰੀਤ ਸਿੰਘ ਸੇਠੀ, ਸਹਾਇਕ ਪ੍ਰੋਫੈਸਰ (ਪਸ਼ੂ ਵਿਗਿਆਨ), ਕੇ.ਵੀ.ਕੇ., ਫ਼ਤਿਹਗੜ੍ਹ ਸਾਹਿਬ ਨੇ ਜੈਵਿਕ ਖੇਤੀ ਵਿਚ ਪਸ਼ੂ ਪਾਲਣ ਦੇ ਮਹੱਤਵ ਅਤੇ ਆਰਗੈਨਿਕ ਢੰਗਾਂ ਨਾਲ ਪਸ਼ੂਆਂ ਦੀ ਸਾਂਭ-ਸੰਭਾਲ ਅਤੇ ਬਿਮਾਰੀ ਪ੍ਰਬੰਧਨ ਬਾਰੇ ਚਾਨਣਾ ਪਾਇਆ। ਪੇਂਡੂ ਸਵੈ-ਰੁਜ਼ਗਾਰ ਸਿਖਲਾਈ ਸੰਸਥਾਨ ਤੋਂ ਆਏ ਡਾਇਰੈਕਟਰ ਸ੍ਰੀ ਭਗਵਾਨ ਸਿੰਘ ਵਰਮਾ ਅਤੇ ਕੋਆਰਡੀਨੇਟਰ ਸ੍ਰੀ ਹਰਦੀਪ ਸਿੰਘ ਰਾਏ ਨੇ ਸਿੱਖਿਆਰਥੀਆਂ ਨੂੰ ਸਵੈ-ਰੁਜ਼ਗਾਰ ਦੇ ਮਹੱਤਵ ਬਾਰੇ ਦੱਸਦਿਆਂ ਸਵੈ-ਰੁਜ਼ਗਾਰ ਦੀ ਸਥਾਪਨਾ ਲਈ ਸੰਸਥਾ ਵੱਲੋਂ ਦਿੱਤੀ ਜਾਂਦੀ ਆਰਥਿਕ ਸਹਾਇਤਾ ਬਾਰੇ ਦੱਸਿਆ।

ਜ਼ਿਲ੍ਹਾ ਪਟਿਆਲਾ ਦੇ ਨਾਮਵਰ ਅਤੇ ਸਫਲ ਆਰਗੈਨਿਕ ਖੇਤੀ ਕਰਨ ਵਾਲੇ ਕਿਸਾਨ ਸ੍ਰੀ ਨਰਿੰਦਰ ਸਿੰਘ ਟਿਵਾਣਾ ਨੇ ਸਿੱਖਿਆਰਥੀਆਂ ਨੂੰ ਆਰਗੈਨਿਕ ਖੇਤੀ ਕਰਨ ਲਈ ਪ੍ਰੇਰਿਤ ਕੀਤਾ ਅਤੇ ਆਪਣੇ ਤਜਰਬੇ ਸਾਂਝੇ ਕੀਤੇ। ਸਿਖਲਾਈ ਪ੍ਰੋਗਰਾਮ ਦੇ ਆਖ਼ਰੀ ਦਿਨ ਇਨਾਮ ਜੇਤੂ ਅਤੇ ਅਗਾਂਹਵਧੂ ਕਿਸਾਨ ਅਤੇ ਗੰਡੋਆ ਖਾਦ ਦੇ ਸਫਲ ਉਤਪਾਦਕ ਸ੍ਰੀ ਗੁਰਪ੍ਰੀਤ ਸਿੰਘ ਦੇ ਪਿੰਡ ਹਰਦਾਸਪੁਰ ਵਿਖੇ ਸਥਿਤ ਗੰਡੋਆ ਖਾਦ ਦੇ ਫਾਰਮ ਦਾ ਦੌਰਾ ਵੀ ਕੀਤਾ, ਜਿਸ ਦੌਰਾਨ ਉਨ੍ਹਾਂ ਵਪਾਰਕ ਪੱਧਰ ਤੇ ਗੰਡੋਆ ਖਾਦ ਦੇ ਉਤਪਾਦਨ ਦਾ ਆਪਣਾ ਸਫ਼ਰ ਅਤੇ ਤਜਰਬੇ ਸਾਂਝੇ ਕੀਤੇ। ਕੋਰਸ ਦੀ ਸਮਾਪਤੀ ਦੌਰਾਨ ਡਿਪਟੀ ਡਾਇਰੈਕਟਰ (ਸਿਖਲਾਈ), ਕੇ.ਵੀ.ਕੇ., ਪਟਿਆਲਾ ਨੇ ਸਾਰੇ ਸਿੱਖਿਆਰਥੀਆਂ ਨੂੰ ਕੋਰਸ ਪੂਰਾ ਕਰਨ ਲਈ ਵਧਾਈ ਦਿੱਤੀ ਅਤੇ ਬਿਹਤਰ ਭਵਿੱਖ ਦੀ ਕਾਮਨਾ ਕੀਤੀ।

# ਗੁਰਬਾਣੀ ਦੇ ਨੂਰ ਨਾਲ ਨੌਜਵਾਨੀ ਨੂੰ ਰੋਸ਼ਨ ਕਰਨ ਲਈ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਵਿਲੱਖਣ ਮੁਹਿੰਮ



ਮਨਮੋਹਨ ਸਿੰਘ
ਲੋਕ ਸੰਪਰਕ ਸਲਾਹਕਾਰ
ਉਪ ਸਕੱਤਰ ਲੋਕ ਸੰਪਰਕ
(ਸੇਵਾ ਮੁਕਤ)
ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ
ਲਿਮਟਿਡ,ਪਟਿਆਲਾ
ਫੋਨ 8437725172

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਭਾਰਤ ਦੇਸ਼ ਵਿੱਚ ਇੱਕ ਸੰਸਥਾ ਹੈ,ਜ਼ੋ ਦਿੱਲੀ ਸਿੱਖ ਗੁਰਦੁਆਰਾ ਐਕਟ, 1971 ਦੇ ਅਧੀਨ ਕੰਮ ਕਰ ਰਹੀ ਹੈ, ਜੋ ਕਿ ਭਾਰਤ ਦੀ ਪਾਰਲੀਮੈਂਟ ਵੱਲੋਂ ਲਾਗੂ ਕੀਤਾ ਗਿਆ ਇੱਕ ਕਾਨੂੰਨ ਹੈ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਿੱਲੀ ਸ਼ਹਿਰ ਵਿੱਚ ਗੁਰਦੁਆਰਿਆਂ,ਸਿੱਖ ਧਾਰਮਿਕ ਸਥਾਨਾਂ ਦੇ ਪ੍ਰਬੰਧਨ ਲਈ ਜ਼ਿੰਮੇਵਾਰ ਹੈ। ਇਹ ਦਿੱਲੀ ਵਿੱਚ ਵੱਖ-ਵੱਖ ਵਿਦਿਅਕ ਸੰਸਥਾਵਾਂ, ਹਸਪਤਾਲਾਂ, ਬਿਰਧ ਘਰਾਂ, ਲਾਇਬ੍ਰੇਰੀਆਂ ਅਤੇ ਹੋਰ ਚੈਰੀਟੇਬਲ ਸੰਸਥਾਵਾਂ ਦਾ ਪ੍ਰਬੰਧਨ ਵੀ ਕਰਦੀ ਹੈ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਿਰਫ ਗੁਰਦੁਆਰਿਆਂ ਦੇ ਪ੍ਰਬੰਧ ਤੱਕ ਸੀਮਿਤ ਨਹੀਂ ਹੈ,ਸਗੋਂ ਇਹ ਸਿੱਖ ਧਰਮ ਦੀ ਆਤਮਿਕ, ਸਿੱਖਿਅਕ ਅਤੇ ਸਮਾਜਿਕ ਮੁੱਲਾਂ ਦੀ ਰੱਖਿਆ ਅਤੇ ਵਿਕਾਸ ਲਈ ਹਮੇਸ਼ਾ ਸਰਗਰਮ ਰਹਿੰਦੀ ਹੈ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖ ਧਰਮ ਦੀ ਪ੍ਰਚਾਰ-ਪ੍ਰਸਾਰ ਅਤੇ ਗੁਰਦੁਆਰਿਆਂ ਦੇ ਸੁਚਾਰੂ ਪ੍ਰਬੰਧ ਲਈ ਸਮਰਪਿਤ ਇੱਕ ਅਤਿ-ਮਹੱਤਵਪੂਰਨ ਸੰਸਥਾ ਹੈ। ਸਿੱਖ ਪੰਥ ਦੀ ਨਵੀ ਪਨੀਰੀ ਨੂੰ ਦੁਨਿਆਵੀ ਵਿਦਿਆ ਦੇ ਨਾਲ ਸਿੱਖਾਂ ਦੇ ਮਹਾਨ ਵਿਰਸੇ ਨੂੰ ਜਾਣੂ ਕਰਵਾਉਣ ਲਈ ਕੈਂਪਾਂ ਬੱਚਿਆਂ ਨੂੰ ਆਪਣੀ ਧਰਮ ਨਾਲ ਗੁਰ ਇਤਿਹਾਸ ਨਾਲ ਜੋੜਨ ਵਾਸਤੇ ਗੁਰਮਤਿ ਕੈਂਪਾਂ ਦਾ ਆਯੋਜਨ ਕੀਤਾ ਗਿਆ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਸ ਸਾਲ 2025 ਵਿੱਚ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਐਨ.ਸੀ.ਆਰ. ਦਿੱਲੀ ਸਮੇਤ ਭਾਰਤ ਦੇ ਵੱਖ-ਵੱਖ ਰਾਜਾਂ ਵਿੱਚ ਸਿੱਖ ਧਾਰਮਿਕ ਜਾਗਰੂਕਤਾ ਸੰਬੰਧੀ ਇਕ ਪ੍ਰਭਾਵਸ਼ਾਲੀ ਮੁਹਿੰਮ ਉਲੀਕੀ ਗਈ। ਇਸ ਵਿਸ਼ੇਸ਼ ਮੁਹਿੰਮ ਦਾ ਪ੍ਰਮੁੱਖ ਮੰਤਵ ਨੌਜਵਾਨ ਵਿਦਿਆਰਥੀਆਂ ਨੂੰ ਗੁਰਮਤਿ ਸਿੱਖਿਆ ਨਾਲ ਜੋੜਨਾ ਅਤੇ ਸਿੱਖ ਧਰਮ ਦੇ ਅਮੋਲਕ ਸੰਦੇਸ਼ ਵੱਲ ਪ੍ਰੇਰਿਤ ਕਰਨਾ ਸੀ।

ਇਸ ਵਿਸ਼ੇਸ਼ ਮੁਹਿੰਮ ਅਧੀਨ 250 ਤੋਂ ਵੱਧ ਗੁਰਮਤਿ ਕੈਂਪ ਦਿੱਲੀ, ਹਰਿਆਣਾ, ਪੰਜਾਬ, ਉੱਤਰ ਪ੍ਰਦੇਸ਼, ਰਾਜਸਥਾਨ, ਮਹਾਰਾਸ਼ਟਰ, ਬਿਹਾਰ ਅਤੇ ਹੋਰ ਰਾਜਾਂ ਵਿੱਚ ਆਯੋਜਤ ਕੀਤੇ ਗਏ। ਇਨ੍ਹਾਂ ਕੈਂਪਾਂ ਵਿੱਚ ਵੱਖੋ-ਵੱਖਰੇ ਸਕੂਲਾਂ ਦੇ ਹਜ਼ਾਰਾਂ ਨੌਜਵਾਨਾਂ ਵਿਦਿਆਰਥੀਆਂ ਨੇ ਭਾਗ ਲਿਆ।

ਇਨ੍ਹਾਂ ਗੁਰਮਤਿ ਕੈਂਪਾਂ ਵਿੱਚ ਮੁੱਖ-ਗਤੀਵਿਧੀਆਂ ਵਿੱਚ ਨੌਜਵਾਨ ਵਿਦਿਆਰਥੀਆਂ ਨੂੰ ਗੁਰਬਾਣੀ ਪਾਠ ਤੇ ਕੀਰਤਨ ਸਿੱਖਿਆ ਦਿਤੀ ਗਈ। ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਸ਼ੁੱਧ ਉਚਾਰਣ ਨਾਲ ਪਾਠ ਕਰਨਾ ਅਤੇ ਰਾਗੀ ਜਥਿਆਂ ਦੀ ਸੰਗਤ ਵਿੱਚ ਕੀਰਤਨ ਸਿੱਖਣ ਦਾ ਮੌਕਾ ਮਿਲਿਆ।ਇਨ੍ਹਾਂ ਕੈਂਪਾਂ ਵਿੱਚ ਵਿਦਿਆਰਥੀ ਜ਼ੋ ਕਿ ਨੌਜਵਾਨ ਪੀੜ੍ਹੀ ਦੇ ਰੂਪ ਵਿੱਚ ਇਨ੍ਹਾਂ ਕੈਂਪਾਂ ਵਿੱਚ ਹਾਜ਼ਰ ਹੋਏ ਨੂੰ ਸਿੱਖ ਇਤਿਹਾਸ ਅਤੇ ਮਹਾਨ ਗੁਰਸਿੱਖਾਂ ਤੇ ਗੁਰੂ ਸਾਹਿਬਾਨ ਦੇ ਜੀਵਨ ਸੰਦਰਭਾਂ ਰਾਹੀਂ ਨੌਜਵਾਨਾਂ ਵਿੱਚ ਚੇਤਨਾ ਜਗਾਈ ਗਈ।




ਕੈਂਪਾਂ ਵਿੱਚ ਗੁਰਮਤਿ ਸਿੱਧਾਂਤ ਤੇ ਆਦਰਸ਼ ਜੀਵਨ, ਸੇਵਾ, ਸਿਮਰਨ, ਸੱਚਾਈ ਅਤੇ ਨਿਮਰਤਾ ਦੇ ਸਿੱਖੀ ਮੁੱਲਾਂ ਨੂੰ ਰੋਜ਼ਾਨਾ ਜੀਵਨ ਵਿੱਚ ਅਪਣਾਉਣ ਦੀ ਪ੍ਰੇਰਣਾ ਦਿੱਤੀ ਗਈ।ਇਸ ਤੋਂ ਇਲਾਵਾ ਕੈਂਪਾਂ ਵਿੱਚ ਵਿਦਿਆਰਥੀਆਂ ਨੂੰ ਗੁਰਮਤਿ ਕਵਿਤਾ, ਗੁਰਬਾਣੀ ਦਾ ਅਭਿਆਸ, ਪੇਂਟਿੰਗ, ਗੁਰਦੁਆਰਾ ਪ੍ਰਬੰਧਨ ਸਬੰਧੀ ਪ੍ਰਭਾਵਸ਼ਾਲੀ ਤਰੀਕਿਆਂ ਨਾਲ ਜਾਣਕਾਰੀ ਦਿੱਤੀ ਗਈ ਤੇ ਹੋਰ ਰਚਨਾਤਮਕ ਮੁਕਾਬਲਿਆਂ ਦਾ ਵੀ ਆਯੋਜਨ ਕਰਵਾਇਆ ਗਿਆ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਨੌਜਵਾਨ ਸਾਡਾ ਭਵਿੱਖ ਹਨ ਅਤੇ ਉਹਨਾਂ ਨੂੰ ਧਾਰਮਿਕ ਜੜ੍ਹਾਂ ਨਾਲ ਜੋੜਨਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਏਜੰਡਾ ਹੈ। ਸਰਦਾਰ ਹਰਮੀਤ ਸਿੰਘ ਕਾਲਕਾ ਅਨੁਸਾਰ ਇਹ ਕੈਂਪ ਸਿਰਫ ਗੁਰਮਤਿ ਸਿੱਖਿਆ ਨਹੀਂ, ਸਗੋਂ ਨੌਜਵਾਨਾਂ ਵਿੱਚ ਆਪਸੀ ਪਿਆਰ, ਏਕਤਾ ਅਤੇ ਸਮਾਜਿਕ ਜ਼ਿੰਮੇਵਾਰੀ ਦਾ ਜਜ਼ਬਾ ਵੀ ਪੈਦਾ ਕਰਦੇ ਹਨ।

ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਇਸ ਸਾਲ ਦੀਆਂ ਗਰਮੀਆਂ ਦੇ ਕੈਂਪਾਂ ਵਿੱਚ ਭਾਗ ਲੈਣ ਵਾਲਿਆਂ ਦੀ ਸ਼ਮੂਲੀਅਤ ਪਿਛਲੇ ਸਾਲਾਂ ਨਾਲੋਂ ਵੱਧ ਰਹੀ, ਜਿਸ ਨਾਲ ਸਿੱਖ ਧਰਮ ਪ੍ਰਤੀ ਨੌਜਵਾਨ ਪੀੜ੍ਹੀ ਦਾ ਵੱਧਦਾ ਰੁਝਾਨ ਸਿੱਖ ਨੌਜਵਾਨ ਦੇ ਉਜਲੇ ਸੁਨਹਿਰੀ ਭਵਿੱਖ ਵੱਲ ਸੰਕੇਤ ਦਾ ਪਰਛਾਵੇ ਦੇ ਰੂਪ ਵਿੱਚ ਦਿਖਾਈ ਦਿੰਦਾ ਹੈ।

ਇਨ੍ਹਾਂ ਉਪਰਾਲਿਆਂ ਨਾਲ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਬਤ ਕਰ ਦਿੱਤਾ ਹੈ ਕਿ ਆਧੁਨਿਕ ਤਕਨਾਲੋਜੀ ਅਤੇ ਪੁਰਾਤਨ ਗੁਰਮਤਿ ਸਿੱਖਿਆ ਨੂੰ ਮਿਲਾ ਕੇ ਨੌਜਵਾਨ ਪੀੜ੍ਹੀ ਦੇ ਮਨਾਂ ਵਿੱਚ ਸਿੱਖ ਧਰਮ ਦਾ ਅਟੱਲ ਬੀਜ ਬੋਇਆ ਜਾ ਸਕਦਾ ਹੈ।

ਇਥੇ ਦਸਿਆ ਜਾਂਦਾ ਹੈ ਕਿ ਉੱਤਰ ਪ੍ਰਦੇਸ਼ ਦੇ ਜਿਹੜੇ ਇਲਾਕਿਆਂ ਵਿੱਚ ਸਿੱਖਾਂ ਦੇ ਧਰਮ ਪਰਿਵਰਤਨ ਦੀਆਂ ਗੱਲਾਂ ਸਮਾਜਿਕ ਭਾਈਚਾਰੇ ਵੱਲੋਂ ਕੀਤੀਆਂ ਜਾ ਰਹੀਆਂ ਸਨ, ਉਥੇ ਉਤਰ ਪ੍ਰਦੇਸ਼ ਵਿੱਚ ਦਿੱਲੀ ਕਮੇਟੀ ਦੇ ਗੁਰਮਿਤ ਕੈਂਪਾਂ ਨੂੰ ਸਭ ਤੋਂ ਵੱਧ ਹੁੰਗਾਰਾ ਮਿਲਿਆ।

ਦਿੱਲੀ ਸਿੱਖ ਗੁਰਦੁਆਰਾ ਪ੍ਰਬਧਕ ਕਮੇਟੀ ਦੇ ਪ੍ਰਧਾਨ ਸ. ਹਰਮੀਤ ਸਿੰਘ ਕਾਲਕਾ, ਤੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਸ. ਜਸਪ੍ਰੀਤ ਸਿੰਘ ਕਰਮਸਰ ਦੇ ਅਨੁਸਾਰ ਉੱਤਰ ਪ੍ਰਦੇਸ਼ ਦੇ ਜਿਸ ਇਲਾਕੇ ਵਿਚ ਸਿੱਖਾਂ ਦੇ ਈਸਾਈ ਧਰਮ ਵਿਚ ਪਰਿਵਰਤਨ ਦੀਆਂ ਚਰਚਾਵਾਂ ਚਲ ਰਹੀਆਂ ਸਨ, ਕਮੇਟੀ ਵੱਲੋਂ ਗਰਮੀ ਦੀਆਂ ਛੁੱਟੀਆਂ ਦੌਰਾਨ ਸਭ ਤੋਂ ਵੱਧ ਹੁੰਗਾਰਾ ਮਿਲਿਆ ਮਿਲਿਆ ਹੈ।

ਗੁਰਮਿਤ ਕੈਂਪਾਂ ਦੇ ਸਿਰਫ ਦਿੱਲੀ ਹੀ ਨਹੀਂ ਬਲਕਿ ਦੇਸ਼ ਭਰ ਦੇ ਵੱਖ - ਵੱਖ ਰਾਜਾਂ ਵਿਚ ਭਰਵਾਂ ਹੁੰਗਾਰਾ ਮਿਲਿਆ ਹੈ ਜਿਥੇ ਇਹ ਦਾਅਵੇ ਕੀਤੇ ਜਾ ਰਹੇ ਸਨ ਕਿ ਸਿੱਖ ਉਥੇ ਈਸਾਈ ਧਰਮ ਵਿਚ ਤਬਦੀਲ ਹੋ ਰਹੇ ਹਨ ਇਹਨਾਂ ਇਲਾਕਿਆਂ ਵਿਚ ਗੁਰਮਤਿ ਕੈਂਪਾ ਵਿਚ ਕਿ ਸਿੱਖ ਕੌਮ ਆਪਣੇ ਧਰਮ ਪ੍ਰਤੀ ਵਚਨਬੱਧ ਹੈ ਤੇ ਕੌਮ ਦੇ ਬੱਚੇ ਅਤੇ ਨੌਜਵਾਨ ਪੀੜ੍ਹੀ ਗੁਰਮਤਿ ਜੀਵਨ ਜਾਂਚ ਨਾਲ ਜੁੜਨ ਲਈ ਤੱਤਪਰ ਹਨ। ਇਹਨਾਂ ਕੈਂਪਾਂ ਦੌਰਾਨ ਜਿਥੇ ਬੱਚਿਆਂ ਨੂੰ ਗੁਰਬਾਣੀ ਨਾਲ ਅਤੇ ਗੁਰਬਾਣੀ ਅਨੁਸਾਰ ਜੀਵਨ ਜਾਚ ਨਾਲ ਵੀ ਜੋੜਿਆ ਗਿਆ। ਇਨ੍ਹਾਂ ਕੈਂਪਾਂ ਦੀ ਸਫਲਤਾ ਇਸ ਗੱਲ ਤੋਂ ਲਗਾਈ ਜਾ ਸਕਦੀ ਹੈ ਕਿ ਬੱਚਿਆਂ ਨੇ ਆਪਣੇ ਮਾਪਿਆਂ ਤੇ ਜ਼ੋਰ ਪਾਇਆ ਕਿ ਉਹਨਾਂ ਨੂੰ ਇਸ ਸਾਲ ਗਰਮੀ ਦੀਆਂ ਛੁੱਟੀਆਂ ਪਹਾੜੀਆਂ ਵਿਚ ਬਿਤਾਉਣ ਦੀ ਥਾਂ ਗੁਰਮਤਿ ਕੈਂਪਾ ਵਿਚ ਗੁਰਬਾਣੀ ਨਾਲ ਜੁੜਨਾ ਚਾਹੁੰਦੇ ਹਨ ਤੇ ਜਿਸ ਦੇ ਸਾਰਥਿਕ ਨਤੀਜਿਆਂ ਵਜੋਂ ਇਸ ਸਾਲ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 250 ਕੈਂਪਾਂ ਵਿਚ 20 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਇਨ੍ਹਾਂ ਕੈਂਪਾਂ ਵਿੱਚ ਸ਼ਾਮਲ ਹੋਏ।ਇਹ ਜ਼ਿੰਦਗੀ ਦੀ ਸੱਚਾਈ ਹੈ ਜਦੋਂ ਵਿਦਿਆਰਥੀ ਆਪਣੇ ਜੀਵਨ ਦੇ ਮੁੱਢਲੇ ਪੜਾਅ ਵਿਚ ਹੀ ਗੁਰਸਿੱਖੀ ਜੀਵਨ ਜਾਚ ਨਾਲ ਜੁੜਦੇ ਹਨ ਤਾਂ ਉਹਨਾਂ ਪਰਿਵਾਰਾਂ ਤੇ ਗੁਰੂ ਸਾਹਿਬ ਆਪ ਬਖਸ਼ਿਸ਼ ਕਰਦੇ ਹਨ।

ਇਹਨਾਂ ਕੈਂਪਾ ਦੀ ਸਫਲਤਾ ਵਾਸਤੇ ਇਹਨਾਂ ਕੈਂਪਾ ਵਿਚ ਭਾਗ ਲੈਣ ਵਾਲੇ ਬੱਚਿਆਂ ਦਾ, ਇਹਨਾਂ ਦੇ ਮਾਪਿਆਂ ਦਾ, ਸਿੰਘ ਸਭਾਵਾਂ ਦੇ ਪ੍ਰਬੰਧਕਾਂ, ਕਮੇਟੀ ਦੇ ਸਮੂਹ ਹੈਡ ਗ੍ਰੰਥੀ ਸਾਹਿਬ, ਗ੍ਰੰਥੀ ਸਾਹਿਬ, ਪ੍ਰਚਾਰਕ, ਰਾਗੀ, ਢਾਡੀ ਜਿਹਨਾਂ ਨੇ ਇਹਨਾਂ ਕੈਂਪਾਂ ਵਿਚ ਵਡਮੁੱਲਾ ਯੋਗਦਾਨ ਪਾਇਆ, ਦਿੱਲੀ ਗੁਰਦੁਆਰਾ ਕਮੇਟੀ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ ਜਿਹਨਾਂ ਇਹ ਕੈਂਪ ਸਫਲ ਹੋਏ ਹਨ।

ਲੇਖਕ ਇਨਾਂ ਕੈਂਪਾਂ ਦੀ ਇਕ ਵਿਲੱਖਣ ਉਦਾਹਰਣ ਸਾਂਝੀ ਕਰ ਰਿਹਾ ਹੈ ਇਕ ਕੈਂਪ ਵਿਚ ਸ਼ਮੂਲੀਅਤ ਕਰਨ ਵਾਲੇ 5 ਸਾਲਾ ਬੱਚੇ ਵਾਸਤੇ 12ਵੀਂ ਤੱਕ ਮੁਫਤ ਸਿੱਖਿਆ ਦੇਣ ਦਾ ਐਲਾਨ ਕੀਤਾ, ਜਿਸ 5 ਸਾਲ ਦੇ ਬੱਚੇ ਨੂੰ ਜਪੁਜੀ ਸਾਹਿਬ ਸਮੇਤ ਅਨੇਕਾਂ ਬਾਣੀਆਂ ਕੰਠ ਸਨ, ਦਿੱਲੀ ਸਿੱਖ ਗੁਰਦੁਆਰਾ ਪ੍ਰੰਬਧਕ ਕਮੇਟੀ ਵੱਲੋਂ ਬੱਚੇ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਤੇ 12ਵੀਂ ਤੱਕ ਪੜ੍ਹਾਈ ਦਾ ਖਰਚਾ ਦਿੱਲੀ ਕਮੇਟੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਚ ਕਰੇਗੀ ਦਾ ਐਲਾਨ ਕੀਤਾ ਗਿਆ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਦੇ ਅਨੁਸਾਰ ਸਾਡਾ ਮੁੱਖ ਮੰਤਵ ਇਕ ਹੋਣਾ ਚਾਹੀਦਾ ਕਿ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦਾ ਪ੍ਰਚਾਰ ਸਾਡੇ ਗੁਰੂਆਂ ਸਾਹਿਬ ਵੱਲੋਂ ਮਨੁੱਖਤਾ ਦੇ ਭਲਾਈ ਲਈ ਦੱਸੇ ਗਏ ਸਿਖਿਆਵਾ ਅਤੇ ਸਿਧਾਂਤ ਘਰ ਘਰ ਤੱਕ ਪਹੁੰਚਣ ਅਤੇ ਸਿੱਖਾਂ ਦੇ ਜਿਹੜਾ ਵਿਸ਼ਾਲ ਅਤੇ ਗੌਰਵਮਈ ਇਤਿਹਾਸ ਹੈ ਉਹ ਸਾਡੇ ਬੱਚਿਆਂ ਅਤੇ ਨੌਜਵਾਨ ਪੀੜ੍ਹੀ ਨੂੰ ਪਤਾ ਹੋਣਾ ਚਾਹੀਦਾ ਇਸ ਕਾਰਜ ਨੂੰ ਲਾਗੂ ਕਰਨ ਲਈ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵੱਖ ਵੱਖ ਯਤਨਸ਼ੀਲ ਰਹੀਆਂ ਹਨ। ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਮੈਨੂੰ ਮਾਣ ਹੈ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਦੁਨੀਆਂ ਦੇ ਵਿੱਚ ਇੱਕ ਆਪਣਾ ਅਲੱਗ ਰੁਤਬਾ ਇਸ ਕਰਕੇ ਰੱਖਦੀ ਹੈ ਕਿ ਕਦੀ ਧਰਮ ਦੇ ਕਿਸੇ ਮਸਲੇ ਦੇ ਉੱਤੇ ਕੋਈ ਸਮਝੌਤਾ ਨਹੀਂ ਕੀਤਾ ਗਿਆ ਧਰਮ ਦੇ ਪ੍ਰਚਾਰ ਪ੍ਰਸਾਰ ਨੂੰ ਹਮੇਸ਼ਾ ਅੱਗੇ ਰੱਖਿਆ ਗਿਆ ਹੈ ਦਿੱਲੀ ਦਾ ਜੋ ਵਿਸ਼ਾਲ ਇਤਿਹਾਸ ਹੈ,ਜਿਸ ਤਰ੍ਹਾਂ ਅਸੀਂ ਫਤਿਹ ਦਿਵਸ ਹੈ । ਹਰ ਸਾਲ ਇਹਨੂੰ ਮਨਾਉਣ ਦਾ ਮੁੱਖ ਮੰਤਵ ਹੈ ਕਿ ਆਪਣੀ ਨੌਜਵਾਨ ਪੀੜ੍ਹੀ ਨੂੰ ਯਾਦ ਦਵਾ ਕੇ ਰੱਖਣਾ ਕਿ ਸਾਡੇ ਜਿਹੜੇ ਸਿੰਘ ਸੀ ਸਾਡੇ ਗੁਰੂਆਂ ਦੇ ਥਾਪੇ ਜਿਹੜੇ ਸਿੱਖ ਸੀ ਉਹਨਾਂ ਨੇ ਕਿਸ ਤਰੀਕੇ ਦੇ ਨਾਲ ਇਸ ਦਿੱਲੀ ਨੂੰ ਇੱਕ ਵਾਰ ਦੋ ਵਾਰ ਨਹੀਂ ਕਈ ਕਈ ਵਾਰ ਫਤਿਹ ਕੀਤਾ.

ਘ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਨੌਜਵਾਨ ਸਾਡਾ ਭਵਿੱਖ ਹਨ ਅਤੇ ਉਹਨਾਂ ਨੂੰ ਧਾਰਮਿਕ ਜੜ੍ਹਾਂ ਨਾਲ ਜੋੜਨਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਏਜੰਡਾ ਹੈ। ਇਹ ਕੈਂਪ ਸਿਰਫ ਗੁਰਮਤਿ ਸਿੱਖਿਆ ਨਹੀਂ, ਸਗੋਂ ਨੌਜਵਾਨਾਂ ਵਿੱਚ ਆਪਸੀ ਪਿਆਰ, ਏਕਤਾ ਅਤੇ ਸਮਾਜਿਕ ਜ਼ਿੰਮੇਵਾਰੀ ਦਾ ਜਜ਼ਬਾ ਵੀ ਪੈਦਾ ਕਰਦੇ ਹਨ। ਇਸ ਸਾਲ ਦੀਆਂ ਗਰਮੀਆਂ ਦੇ ਕੈਂਪਾਂ ਵਿੱਚ ਭਾਗੀਦਾਰੀ ਪਿਛਲੇ ਸਾਲਾਂ ਨਾਲੋਂ ਵੱਧ ਰਹੀ, ਜਿਸ ਨਾਲ ਸਿੱਖ ਧਰਮ ਪ੍ਰਤੀ ਨੌਜਵਾਨ ਪੀੜ੍ਹੀ ਦਾ ਵੱਧਦਾ ਰੁਝਾਨ ਸਿੱਖ ਨੌਜਵਾਨ ਦੇ ਉਜਲੇ ਸੁਨਹਿਰੀ ਭਵਿੱਖ ਵੱਲ ਸੰਕੇਤ ਦਾ ਪਰਛਾਵੇ ਦੇ ਰੂਪ ਵਿੱਚ ਦਿਖਾਈ ਦਿੰਦਾ ਹੈ।

ਇਨ੍ਹਾਂ ਉਪਰਾਲਿਆਂ ਨਾਲ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਬਤ ਕਰ ਦਿੱਤਾ ਹੈ ਕਿ ਆਧੁਨਿਕ ਤਕਨਾਲੋਜੀ ਅਤੇ ਪੁਰਾਤਨ ਗੁਰਮਤਿ ਸਿੱਖਿਆ ਨੂੰ ਮਿਲਾ ਕੇ ਨੌਜਵਾਨ ਪੀੜ੍ਹੀ ਦੇ ਮਨਾਂ ਵਿੱਚ ਸਿੱਖ ਧਰਮ ਦਾ ਅਟੱਲ ਬੀਜ ਬੋਇਆ ਜਾ ਸਕਦਾ ਹੈ।

ਇਥੇ ਦਸਿਆ ਜਾਂਦਾ ਹੈ ਕਿ ਉੱਤਰ ਪ੍ਰਦੇਸ਼ ਦੇ ਜਿਹੜੇ ਇਲਾਕਿਆਂ ਵਿੱਚ ਸਿੱਖਾਂ ਦੇ ਧਰਮ ਪਰਿਵਰਤਨ ਦੀਆਂ ਗੱਲਾਂ ਸਮਾਜਿਕ ਭਾਈਚਾਰੇ ਵੱਲੋਂ ਕੀਤੀਆਂ ਜਾ ਰਹੀਆਂ ਸਨ, ਉਥੇ ਉਤਰ ਪ੍ਰਦੇਸ਼ ਵਿੱਚ ਦਿੱਲੀ ਕਮੇਟੀ ਦੇ ਗੁਰਮਿਤ ਕੈਂਪਾਂ ਨੂੰ ਸਭ ਤੋਂ ਵੱਧ ਹੁੰਗਾਰਾ ਮਿਲਿਆ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਨੁਸਾਰ ਉੱਤਰ ਪ੍ਰਦੇਸ਼ ਦੇ ਜਿਸ ਇਲਾਕੇ ਵਿਚ ਸਿੱਖਾਂ ਦੇ ਈਸਾਈ ਧਰਮ ਵਿਚ ਪਰਿਵਰਤਨ ਦੀਆਂ ਚਰਚਾਵਾਂ ਚਲ ਰਹੀਆਂ ਸਨ, ਕਮੇਟੀ ਵੱਲੋਂ ਗਰਮੀ ਦੀਆਂ ਛੁੱਟੀਆਂ ਦੌਰਾਨ ਸਭ ਤੋਂ ਵੱਧ ਹੁੰਗਾਰਾ ਮਿਲਿਆ ਮਿਲਿਆ ਹੈ।

## ਗੁਰਮੀਤ ਸਿੰਘ ਖੁੱਡੀਆਂ ਨੇ ਪੰਜਾਬ ਦੀਆਂ ਮੰਡੀਆਂ ਵਿੱਚੋਂ ਕਾਟਨ ਕਾਰਪੋਰੇਸ਼ਨ ਦੀ .ਗੈਰ-ਮੌਜੂਦਗੀ 'ਤੇ ਸਵਾਲ ਚੁੱਕੇ

ਚੰਡੀਗੜ੍ਹ, 29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸੂਬੇ ਦੇ ਨਰਮਾ ਕਾਸ਼ਤਕਾਰਾਂ ਦੀ ਆਵਾਜ਼ ਬੁਲੰਦ ਕਰਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਭਾਰਤ ਸਰਕਾਰ ਦੁਆਰਾ ਐਲਾਨੇ ਗਏ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) 7,710 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਸੂਬੇ ਵਿੱਚ ਕਾਟਨ ਕਾਰਪੋਰੇਸ਼ਨ ਆਫ਼ ਇੰਡੀਆ (ਸੀ.ਸੀ.ਆਈ.) ਰਾਹੀਂ ਨਰਮੇ ਦੀ ਖਰੀਦ ਸ਼ੁਰੂ ਕਰਵਾਉਣ ਲਈ ਕੇਂਦਰ ਸਰਕਾਰ ਤੋਂ ਤੁਰੰਤ ਦਖ਼ਲ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ÷ਚਿੱਟੇ ਸੋਨੇ÷ ਭਾਵ ਨਰਮੇ ਦੀ ਮੰਡੀਆਂ 'ਚ ਆਮਦ ਦੇ ਬਾਵਜੂਦ ਸੀ.ਸੀ.ਆਈ. ਦੀ ਗੈਰ-ਹਾਜ਼ਰੀ ਕਿਸਾਨਾਂ ਲਈ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ ਕਿ ਉਨ੍ਹਾਂ ਨੂੰ ਆਪਣੀ ਫ਼ਸਲ ਐਮ.ਐਸ.ਪੀ. ਤੋਂ ਘੱਟ ਕੀਮਤ 'ਤੇ ਪ੍ਰਾਈਵੇਟ ਵਪਾਰੀਆਂ ਨੂੰ ਵੇਚਣੀ ਪੈ ਰਹੀ ਹੈ।

ਅੱਜ ਸ਼ਾਮ ਇਥੇ ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਸੂਬੇ ਦੇ ਨਰਮਾ ਕਾਸ਼ਤਕਾਰਾਂ ਲਈ ਕੇਂਦਰ ਦੇ ਖੋਖਲੇ ਵਾਅਦਿਆਂ ਦੀ ਤਸਵੀਰ ਪੇਸ਼ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਫਸਲੀ ਵਿਭਿੰਨਤਾ ਸਬੰਧੀ ਸਰਗਰਮ ਪਹਿਲਕਦਮੀਆਂ ਸਦਕਾ ਸੂਬੇ ਵਿੱਚ ਨਰਮੇ ਦੀ ਕਾਸ਼ਤ ਹੇਠ



ਰਕਬੇ ਵਿੱਚ 20 ਫੀਸਦੀ ਵਾਧਾ ਹੋਇਆ ਹੈ, ਜਦੋਂਕਿ ਹੁਣ ਖਰੀਦ ਪ੍ਰਕਿਰਿਆ ਸਮੇਂ ਸੀ.ਸੀ.ਆਈ. ਦੀ ਸ਼ੱਕੀ ਗੈਰ-ਹਾਜ਼ਰੀ ਕਿਸਾਨਾਂ ਲਈ ਨਿਰਾਸ਼ਾ ਦਾ ਸਬੱਬ ਬਣੀ ਹੋਈ ਹੈ।

ਨਰਮਾ ਕਾਸ਼ਤਕਾਰਾਂ ਲਈ ਐਮ.ਐਸ.ਪੀ. 'ਤੇ ਖ਼ਰੀਦ ਦੇ ਵਾਅਦੇ ਨੂੰ ਪੂਰਾ ਕਰਨ ਵਿੱਚ ਕੇਂਦਰ ਦੀ ਨਾਕਾਮੀ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਖੇਤੀਬਾੜੀ ਮੰਤਰੀ ਨੇ ਸਵਾਲ ਕੀਤਾ ਕਿ ਹੁਣ ਮੰਡੀਆਂ ਵਿੱਚ ਕਿਸਾਨ ਨਰਮੇ ਦੀ ਫਸਲ ਲੈ ਕੇ ਬੈਠੇ ਹਨ, ਪਰ ਭਾਰਤ ਸਰਕਾਰ ਦੀ ਸੀ.ਸੀ.ਆਈ. ਕਿੱਥੇ ਹੈ ?

ਨਰਮੇ ਦੀ ਕਾਸ਼ਤ ਨੂੰ ਹੁਲਾਰਾ ਦੇਣ ਲਈ ਸੂਬਾ ਸਰਕਾਰ ਦੇ ਯਤਨਾਂ 'ਤੇ ਚਾਨਣਾ ਪਾਉਂਦਿਆਂ ਸ. ਖੁੱਡੀਆਂ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਰਮੇ ਦੇ ਹਾਈਬ੍ਰਿਡ ਬੀਜਾਂ 'ਤੇ 33 ਫੀਸਦ ਸਬਸਿਡੀ ਅਤੇ ਹੋਰ ਸਰਗਰਮ ਪਹਿਲਕਦਮੀਆਂ ਦੇ ਨਤੀਜੇ ਵਜੋਂ ਨਰਮੇ ਦੀ ਕਾਸ਼ਤ ਹੇਠ ਰਕਬਾ 20 ਫੀਸਦ ਵਧਿਆ ਹੈ, ਜੋ ਸਾਲ 2024 ਦੇ ਲਗਭਗ 99000 ਹੈਕਟੇਅਰ ਰਕਬੇ ਤੋਂ ਵਧ ਕੇ ਇਸ ਸਾਲ 1.19 ਲੱਖ ਹੈਕਟੇਅਰ ਹੋ ਗਿਆ।

ਸ. ਖੁੱਡੀਆਂ ਨੇ ਜ਼ੋਰ ਦੇ ਕੇ ਕਿਹਾ ਕਿ ਕਿਸਾਨ, ਜਿਨ੍ਹਾਂ ਨੇ ਕੇਂਦਰ ਸਰਕਾਰ ਦੁਆਰਾ ਐਲਾਨੇ ਗਏ ਐਮਐਸਪੀ ਦੀ ਆਸ 'ਤੇ ਨਰਮੇ ਦੀ ਕਾਸ਼ਤ ਕੀਤੀ ਸੀ, ਪਰ ਹੁਣ ਆਪਣੀਆਂ ਵਿੱਤੀ ਲੋੜਾਂ ਨੂੰ ਪੂਰਾ ਕਰਨ ਲਈ ਘੱਟ ਕੀਮਤ 'ਤੇ ਆਪਣੀ ਫ਼ਸਲ ਵੇਚਣ ਦੀ ਮਜਬੂਰੀ 'ਚ ਘਿਰੇ ਹੋਏ ਹਨ।

ਸ. ਖੁੱਡੀਆਂ ਨੇ ਕਿਹਾ ਕਿ ਜਦੋਂ ਪੰਜਾਬ ਸਰਕਾਰ ਅਤੇ ਸੂਬੇ ਦੇ ਕਿਸਾਨਾਂ ਨੇ ਆਪਣਾ ਕੰਮ ਵਿਸ਼ਵਾਸ ਅਤੇ ਇਮਾਨਦਾਰੀ ਨਾਲ ਪੂਰਾ ਕਰ ਦਿੱਤਾ ਹੈ ਤਾਂ ਹੁਣ ਕੇਂਦਰ ਨੂੰ ਵੀ ਆਪਣੀ ਜ਼ਿੰਮੇਵਾਰੀ ਸਮਝਦਿਆਂ ਆਪਣੇ ਹਿੱਸੇ ਦਾ ਕੰਮ ਜਲਦ ਤੋਂ ਜਲਦ ਨਿਪਟਾਉਣਾ ਚਾਹੀਦਾ ਹੈ।

ਉਨ੍ਹਾਂ ਮੰਗ ਉਠਾਈ ਕਿ ਸੀਸੀਆਈ ਬਿਨਾਂ ਕਿਸੇ ਦੇਰੀ ਦੇ ਤੁਰੰਤ ਨਰਮੇ ਦੀ ਖਰੀਦ ਸ਼ੁਰੂ ਕਰੇ। ਉਨ੍ਹਾਂ ਕਿਹਾ ਕਿ ਐਮਐਸਪੀ ਤੋਂ ਹੇਠਾਂ ਵਿਕਣ ਵਾਲੀ ਥੋੜ੍ਹੀ ਤੋਂ ਥੋੜ੍ਹੀ ਫ਼ਸਲ ਵੀ ਕੇਂਦਰ ਸਰਕਾਰ ਦੇ ਸਿਸਟਮ ਵਿੱਚ ਕਿਸਾਨਾਂ ਦੇ ਵਿਸ਼ਵਾਸ ਨੂੰ ਕਮਜ਼ੋਰ ਕਰਦੀ ਹੈ, ਜਿਸ ਲਈ ਅਸੀਂ ਕਿਸਾਨਾਂ ਨੂੰ ਦਰਪੇਸ਼ ਇਸ ਮੁਸ਼ਕਿਲ ਦੇ ਤੁਰੰਤ ਹੱਲ ਦੀ ਮੰਗ ਕਰਦੇ ਹਾਂ।

## ਪੰਜਾਬ ਵੱਲੋਂ ਪੁਰਾਣੇ ਕਰ ਬਕਾਇਆਂ ਦੇ ਨਿਪਟਾਰੇ ਲਈ ਫਾਈਨਲ ਯਕਮੁਸ਼ਤ ਨਿਪਟਾਰਾ ਯੋਜਨਾ ਪੇਸ਼: ਹਰਪਾਲ ਸਿੰਘ ਚੀਮਾ

ਚੰਡੀਗੜ੍ਹ, 29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਐਲਾਨ ਕੀਤਾ ਕਿ 'ਬਕਾਇਆ ਰਿਕਵਰੀ ਲਈ ਪੰਜਾਬ ਵਨ ਟਾਈਮ ਸੈਟਲਮੈਂਟ ਸਕੀਮ, 2025' 1 ਅਕਤੂਬਰ, 2025 ਤੋਂ 31 ਦਸੰਬਰ ਤੱਕ ਲਾਗੂ ਰਹੇਗੀ, 2025, ਅਤੇ ਇਸ ਸਕੀਮ ਦਾ ਉਦੇਸ਼ ਜੀਐਸਟੀ ਤੋਂ ਪਹਿਲਾਂ ਦੇ ਵੱਖ-ਵੱਖ ਕਾਨੂੰਨਾਂ ਵਿੱਚ ਲਗਭਗ 11,968.88 ਕਰੋੜ ਰੁਪਏ ਦੇ ਬਕਾਇਆ ਰਿਕਵਰੀ ਨਾਲ ਸਬੰਧਤ ਲਗਭਗ 20,039 ਲੰਬਿਤ ਮਾਮਲਿਆਂ ਨੂੰ ਹੱਲ ਕਰਨਾ ਹੈ, ਜਿਸ ਨਾਲ ਸੂਬੇ ਦੇ ਵਪਾਰ ਅਤੇ ਉਦਯੋਗ ਨੂੰ ਕਾਫ਼ੀ ਰਾਹਤ ਮਿਲੇਗੀ।

ਇਸ ਵਨ ਟਾਈਮ ਸੈਟਲਮੈਂਟ ਸਕੀਮ (ਓਟੀਐਸ) ਦਾ ਐਲਾਨ ਕਰਦੇ ਹੋਏ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਪਹਿਲ, ਜਿਸਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਕੈਬਨਿਟ ਨੇ ਅੱਜ ਦੀ ਕੈਬਨਿਟ ਮੀਟਿੰਗ ਵਿੱਚ ਮਨਜ਼ੂਰੀ ਦਿੱਤੀ ਹੈ, 'ਆਪ' ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੁਆਰਾ ਪੇਸ਼ ਕੀਤੀ ਗਈ ਤੀਜੀ ਅਜਿਹੀ ਸਕੀਮ ਹੈ, ਅਤੇ ਇਹ ਟੈਕਸਦਾਤਾਵਾਂ ਲਈ ਆਪਣੇ ਬਕਾਏ ਦਾ ਨਿਪਟਾਰਾ ਕਰਨ ਦਾ ਆਖਰੀ ਮੌਕਾ ਹੋਵੇਗਾ।

ਉਨ੍ਹਾਂ ਕਿਹਾ ਕਿ 1 ਜਨਵਰੀ, 2026 ਤੋਂ ਬਾਅਦ, ਉਨ੍ਹਾਂ ਲੋਕਾਂ ਲਈ ਰਿਕਵਰੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ ਜੋ ਇਸ ਸਕੀਮ ਦੀ ਚੋਣ ਕਰਨ ਵਿੱਚ ਅਸਫਲ ਰਹਿੰਦੇ ਹਨ।

ਵਿੱਤ ਮੰਤਰੀ ਨੇ ਕਿਹਾ ਕਿ ਇਹ ਲੰਬਿਤ ਮਾਮਲੇ ਜੀਐਸਟੀ ਪ੍ਰਣਾਲੀ ਤੋਂ ਪਹਿਲਾਂ ਦੇ ਕਰ ਕਾਨੂੰਨਾਂ ਨਾਲ ਸਬੰਧਤ ਹਨ, ਜਿਸ ਵਿੱਚ ਪੰਜਾਬ ਵੈਟ ਐਕਟ, ਕੇਂਦਰੀ ਵਿਕਰੀ ਟੈਕਸ ਐਕਟ ਆਦਿ ਸ਼ਾਮਿਲ ਹਨ।

ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ ਵਿਆਜ ਅਤੇ ਜੁਰਮਾਨਿਆਂ 'ਤੇ ਕਾਫ਼ੀ ਛੋਟ ਦੀ ਪੇਸ਼ਕਸ਼ ਕੀਤੀ ਗਈ ਹੈ ਜੋ



ਇਸ ਸਕੀਮ ਤਹਿਤ ਆਉਂਦੇ ਯੋਗ ਟੈਕਸਦਾਤਾਵਾਂ ਲਈ ਇੱਕ ਆਕਰਸ਼ਕ ਪ੍ਰਸਤਾਵ ਹੈ।

ਇਸ ਸਕੀਮ ਦੀਆਂ ਮੁੱਖ ਵਿਸ਼ੇਸ਼ਤਾਵਾਂ ਨੂੰ ਉਜਾਗਰ ਕਰਦੇ ਹੋਏ, ਵਿੱਤ ਮੰਤਰੀ ਨੇ ਕਿਹਾ ਕਿ ਇਹ ਸਕੀਮ ਡਿਮਾਂਡ ਅਮਾਊਂਟ ਦੇ ਅਧਾਰ 'ਤੇ ਇੱਕ ਪੱਧਰੀ ਛੋਟ ਦਾ ਢਾਂਚਾ ਪੇਸ਼ ਕਰਦੀ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ 1 ਕਰੋੜ ਰੁਪਏ ਤੱਕ ਦੇ ਬਕਾਏ ਲਈ, ਕਰਦਾਤਾਵਾਂ ਨੂੰ ਵਿਆਜ ਅਤੇ ਜੁਰਮਾਨੇ 'ਤੇ 100% ਛੋਟ ਮਿਲੇਗੀ, ਨਾਲ ਹੀ ਟੈਕਸ ਰਕਮ 'ਤੇ ਵੀ 50% ਛੋਟ ਮਿਲੇਗੀ, 1 ਕਰੋੜ ਰੁਪਏ ਤੋਂ 25 ਕਰੋੜ ਰੁਪਏ ਤੱਕ ਦੇ ਬਕਾਏ ਲਈ, ਵਿਆਜ ਅਤੇ ਜੁਰਮਾਨੇ 'ਤੇ 100% ਛੋਟ ਹੋਵੇਗੀ, ਅਤੇ ਟੈਕਸ ਰਕਮ 'ਤੇ 25% ਛੋਟ ਹੋਵੇਗੀ, ਅਤੇ 25 ਕਰੋੜ ਰੁਪਏ ਤੋਂ ਵੱਧ ਬਕਾਏ ਵਾਲੇ ਮਾਮਲਿਆਂ ਵਿੱਚ ਟੈਕਸ ਰਕਮ 'ਤੇ 10% ਛੋਟ ਦੇ ਨਾਲ ਵਿਆਜ ਅਤੇ ਜੁਰਮਾਨੇ 'ਤੇ 100% ਛੋਟ ਪ੍ਰਦਾਨ ਕੀਤੀ ਜਾਵੇਗੀ।

ਇਸ ਪਹਿਲ ਦੇ ਸੰਭਾਵਿਤ ਨਤੀਜੇ ਬਾਰੇ ਜਾਣਕਾਰੀ ਦਿੰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮ ਨੇ ਕਿਹਾ ਕਿ ਜੇਕਰ ਸਾਰੇ ਯੋਗ ਟੈਕਸਦਾਤਾ ਇਸ ਸਕੀਮ ਦਾ ਲਾਭ ਉਠਾਉਂਦੇ ਹਨ ਤਾਂ ਰਾਜ ਲਈ ਲਗਭਗ 3,344.50 ਕਰੋੜ ਰੁਪਏ ਦੀ ਰਿਕਵਰੀ ਦੀ ਆਸ ਹੈ ਜਦੋਂ ਕਿ ਕਰਦਾਤਾਵਾਂ ਨੂੰ ਪੁਰਾਣੇ ਬਕਾਏ ਵਿੱਚ 8,441.56 ਕਰੋੜ ਰੁਪਏ ਤੋਂ ਵੱਧ ਦੀ ਛੋਟ ਮਿਲੇਗੀ।

## ਪੰਜਾਬ ਸਰਕਾਰ ਨੇ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੇ ਡਾਕਟਰਾਂ ਨੂੰ ਸਨਮਾਨਿਤ ਕਰਨ ਲਈ ਲਿਆਂਦੀ ਨਵੇਕਲੀ ਨੀਤੀ

ਚੰਡੀਗੜ੍ਹ, 29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਿਹਤ ਸੰਭਾਲ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਡਾਕਟਰੀ ਪੇਸ਼ੇਵਰਾਂ ਦੀਆਂ ਅਣਥੱਕ ਸੇਵਾਵਾਂ ਨੂੰ ਮਾਨਤਾ ਦੇਣ ਲਈ ਇੱਕ ਅਹਿਮ ਕਦਮ ਚੁੱਕਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਡਾਕਟਰਾਂ ਦਾ ਸਨਮਾਨ ਕਰਨ ਲਈ ਆਪਣੀ ਕਿਸਮ ਦੀ ਪਹਿਲੀ ਨੀਤੀ ਪੇਸ਼ ਕੀਤੀ ਹੈ। ਇਹ ਐਲਾਨ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਇੱਥੇ ਕੀਤਾ।

ਸੰਸਥਾਗਤ, ਪਾਰਦਰਸ਼ੀ ਅਤੇ ਯੋਗਤਾ-ਅਧਾਰਤ ਪ੍ਰਣਾਲੀ ਵਰਗੀਆਂ ਵਿਸ਼ੇਸ਼ਤਾਵਾਂ ਵਾਲੀ ਇਹ ਨੀਤੀ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਦੁਆਰਾ ਲਾਗੂ ਕੀਤੀ ਜਾਵੇਗੀ, ਜਿਸ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਿੱਜੀ ਤੌਰ 'ਤੇ ਸੂਬਾ ਪੱਧਰੀ ਸਮਾਗਮ ਵਿੱਚ ਪੁਰਸਕਾਰ ਪ੍ਰਦਾਨ ਕਰਨਗੇ। ਇਹ ਉਪਰਾਲਾ ਪੰਜਾਬ ਦੀਆਂ ਸਿਹਤ ਸੇਵਾਵਾਂ ਦੀ ਰੀੜ੍ਹ ਮੰਨੇ ਜਾਂਦੇ ਡਾਕਟਰਾਂ ਦੇ ਯੋਗਦਾਨ ਨੂੰ ਮਾਨਤਾ ਦੇਣ ਲਈ ਸੂਬੇ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਪ੍ਰੈਸ ਕਾਨਫਰੰਸ ਦੌਰਾਨ ਇਸ ਪਹਿਲਕਦਮੀ ਬਾਰੇ ਦੱਸਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਸਾਲ 60 ਡਾਕਟਰਾਂ ਨੂੰ ਇਸ ਨਵੀਂ ਨੀਤੀ ਤਹਿਤ ਸਨਮਾਨਿਤ ਕਰੇਗੀ ਤਾਂ ਜੋ ਡਾਕਟਰੀ ਪੇਸ਼ੇਵਰਾਂ ਦੇ ਮਨੋਬਲ ਅਤੇ ਉਨ੍ਹਾਂ ਦੀ ਮਾਨਵਤਾਵਾਦੀ ਸੇਵਾ ਪ੍ਰਤੀ ਵਚਨਬੱਧਤਾ ਨੂੰ ਹੋਰ ਉਤਸ਼ਾਹਿਤ ਕੀਤਾ ਜਾ ਸਕੇ।

ਉਨ੍ਹਾਂ ਕਿਹਾ ਕਿ ਇਹ ਪੁਰਸਕਾਰ ਚਾਰ ਸ਼੍ਰੇਣੀਆਂ ਤਹਿਤ ਦਿੱਤੇ ਜਾਣਗੇ,ਜਿਨ੍ਹਾਂ ਵਿੱਚ ਰਾਜ ਪੱਧਰੀ



ਸਰਵੋਤਮ ਡਾਕਟਰ ਪੁਰਸਕਾਰ, ਜਿ ?ਲ੍ਹਾ ਪੱਧਰੀ ਐਕਸੀਲੈਂਸ ਐਵਾਰਡ, ਨਵੀਨਤਾ ਜਾਂ ਜਨਤਕ ਸਿਹਤ ਲੀਡਰਸਿ ?ਪ ਲਈ ਵਿਸ਼ੇਸ਼ ਮਾਨਤਾ ਅਤੇ ਨਿੱਜੀ ਖੇਤਰ ਵਿੱਚ ਜਨਤਕ ਸੇਵਾ ਲਈ ਵਿਸ਼ੇਸ਼ ਮਾਨਤਾ ਸ਼ਾਮਲ ਹੈ। ਹਰੇਕ ਐਵਾਰਡੀ ਨੂੰ ਮੁੱਖ ਮੰਤਰੀ ਜਾਂ ਸਿਹਤ ਮੰਤਰੀ, ਪੰਜਾਬ ਵੱਲੋਂ ਸਨਮਾਨ ਸਰਟੀਫਿਕੇਟ ਦਿੱਤਾ ਜਾਵੇਗਾ ਅਤੇ ਐਵਾਰਡੀ ਦਾ ਨਾਂ ਰਾਜ ਸਿਹਤ ਸਨਮਾਨ ਬੋਰਡ 'ਤੇ ਸਥਾਈ ਤੌਰ 'ਤੇ ਲਿਖਿਆ ਜਾਵੇਗਾ ,ਜਿਸ ਨੂੰ ਡਿਜੀਟਲ ਰੂਪ ਵਿੱਚ ਸਰਕਾਰੀ ਹਸਪਤਾਲਾਂ ਵਿੱਚ ਪ੍ਰਮੁੱਖਤਾ ਨਾਲ ਪ੍ਰਦਰਸਿ ?ਤ ਕੀਤਾ ਜਾਵੇਗਾ।

ਡਾ. ਬਲਬੀਰ ਸਿੰਘ ਨੇ ਕਿਹਾ, ਡਾਕਟਰ ਜਨਤਕ ਸਿਹਤ ਦੇ ਰਾਖੇ ਹਨ , ਜੋ ਕੋਵਿਡ-19 ਤੋਂ ਲੈ ਕੇ ਹੜ੍ਹਾਂ ਤੱਕ ਸੰਕਟ ਦੀ ਹਰ ਘੜੀ ਦੌਰਾਨ ਪੰਜਾਬ ਦੇ ਲੋਕਾਂ ਲਈ ਡੱਟ ਕੇ ਖੜ੍ਹੇ ਹਨ। ਇਹ ਨੀਤੀ ਸਾਡੀ ਸਰਕਾਰ ਵੱਲੋਂ ਡਾਕਟਰੀ ਪੇਸ਼ੇਵਰਾਂ ਦੀ ਸੇਵਾ ਨੂੰ ਮਾਨਤਾ ਦੇਣ ਅਤੇ ਉਨ੍ਹਾਂ ਨੂੰ ਇਸੇ ਤਰ੍ਹਾਂ ਸਮਰਪਣ ਅਤੇ ਹਲੀਮੀ ਨਾਲ ਅਗਵਾਈ ਕਰਦੇ ਰਹਿਣ ਲਈ ਉਤਸ਼ਾਹਿਤ ਕਰਨ ਦੇ ਸੰਕਲਪ ਨੂੰ ਦਰਸਾਉਂਦੀ ਹੈ।

ਅੱਜ ਲਗਭਗ 6,000 ਡਾਕਟਰ ਆਮ ਆਦਮੀ ਕਲੀਨਿਕਾਂ, ਪੇਂਡੂ ਅਤੇ ਸ਼ਹਿਰੀ ਪ੍ਰਾਇਮਰੀ ਸਿਹਤ ਕੇਂਦਰਾਂ, ਕਮਿਊਨਿਟੀ ਸਿਹਤ ਕੇਂਦਰਾਂ, ਸਬ-ਡਿਵੀਜ਼ਨਲ ਅਤੇ ਜਿ ?ਲ੍ਹਾ ਹਸਪਤਾਲਾਂ, ਸਰਕਾਰੀ ਮੈਡੀਕਲ ਕਾਲਜਾਂ ਅਤੇ ਆਊਟਰੀਚ ਪ੍ਰੋਗਰਾਮਾਂ ਵਿੱਚ ਸੇਵਾ ਨਿਭਾ ਰਹੇ ਹਨ। ਸਿਹਤ ਸੰਭਾਲ ਨਾਲ ਜੁੜੇ ਇਹ ਸਾਰੇ ਪੇਸ਼ੇਵਰ ਪੰਜਾਬ ਵਿੱਚ ਦੂਰ-ਦੁਰਾਡੇ ਵਸਦੀ ਆਬਾਦੀ ਸਮੇਤ ਸੂਬੇ ਦੇ ਹਰ ਕੋਨੇ ਤੱਕ ਮਿਆਰੀ ਸਿਹਤ ਸਹੂਲਤਾਂ ਦੀ ਪਹੁੰਚ ਨੂੰ ਯਕੀਨੀ ਬਣਾਉਂਦੇ ਹਨ।

ਸਿਹਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ 2022 ਤੋਂ ਹੁਣ ਤੱਕ ਕੁੱਲ 934 ਡਾਕਟਰਾਂ ਦੀ ਭਰਤੀ ਕੀਤੀ ਹੈ - ਜੋ ਕਿ ਸੂਬੇ ਦੇ ਪੇਂਡੂ ਅਤੇ ਸ਼ਹਿਰੀ ਪ੍ਰਾਇਮਰੀ ਸਿਹਤ ਕੇਂਦਰਾਂ, ਕਮਿਊਨਿਟੀ ਸਿਹਤ ਕੇਂਦਰਾਂ, ਸਬ ਡਿਵੀਜ਼ਨਲ ਅਤੇ ਜਿ ?ਲ੍ਹਾ ਹਸਪਤਾਲਾਂ ਵਿੱਚ ਤਾਇਨਾਤ 3,831 ਮੈਡੀਕਲ ਅਫਸਰਾਂ ਅਤੇ ਮਾਹਿਰਾਂ ਦੀ ਮੌਜੂਦਾ ਤਾਕਤ ਦਾ ਲਗਭਗ 25ਫੀਸਦ ਹੈ। ਉਨ੍ਹਾਂ ਪੁਸ਼ਟੀ ਕੀਤੀ ਕਿ ਡਾਕਟਰੀ ਸੇਵਾਵਾਂ ਨੂੰ ਮਜ਼ਬੂਤ ਕਰਨ ਦਾ ਕੰਮ ਜਾਰੀ ਹੈ ਅਤੇ ਅਗਲੇ ਇੱਕ ਤੋਂ ਦੋ ਮਹੀਨਿਆਂ ਵਿੱਚ ਹੋਰ ਡਾਕਟਰਾਂ ਦੇ ਸੂਬੇ ਦੀ ਸਿਹਤ ਫੋਰਸ ਵਿੱਚ ਸ਼ਾਮਲ ਹੋਣ ਦੀ ਆਸ ਹੈ।

ਸਿਹਤ ਮੰਤਰੀ ਨੇ ਦੱਸਿਆ ਕਿ ਪੰਜਾਬ ਦੇ ਡਾਕਟਰ ਸਿਹਤ ਸੰਭਾਲ ਪ੍ਰਦਾਨ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ, ਜਿਸ ਵਿੱਚ ਓਪੀਡੀਜ਼, ਆਈਪੀਡੀਜ਼, ਸਰਜਰੀਆਂ ਅਤੇ ਐਮਰਜੈਂਸੀ ਪ੍ਰਬੰਧਨ ਤੋਂ ਲੈ ਕੇ ਟੀਕਾਕਰਨ, ਮਾਂ ਤੇ ਬੱਚੇ ਦੀ ਸਿਹਤ ਅਤੇ ਬਿਮਾਰੀ ਨਿਯੰਤਰਣ ਵਰਗੇ ਰੋਕਥਾਮ ਪ੍ਰੋਗਰਾਮ ਸ਼ਾਮਲ ਹਨ।

## ਅਨਾਜ ਮੰਡੀ 'ਚ ਖਰੀਦ ਪ੍ਰਬੰਧਾਂ ਦਾ ਜਾਇਜ਼ਾ



ਨਰਾਇਣਗੜ੍ਹ, 29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਨਾਰਾਇਣਗੜ੍ਹ ਅਨਾਜ ਮੰਡੀ ਵਿੱਚ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਹੋਣ ਮਗਰੋਂ ਸਾਬਕਾ ਵਿਧਾਇਕ ਡਾ. ਪਵਨ ਸੈਣੀ ਨੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ।

ਇਸ ਮੌਕੇ ਭਾਜਪਾ ਜ਼ਿਲ੍ਹਾ ਉਪ ਪ੍ਰਧਾਨ ਸੰਦੀਪ ਸੈਣੀ ਅੰਬਲੀ, ਮਾਰਕੀਟ ਕਮੇਟੀ ਦੇ ਸਕੱਤਰ ਅਖਿਲੇਸ਼ ਸ਼ਰਮਾ, ਖਰੀਦ ਏਜੰਸੀ ਹੈਫੇਡ ਦੇ ਅਧਿਕਾਰੀ ਅਤੇ ਕਮਿਸ਼ਨ ਏਜੰਟ ਮਦਨ ਚਾਨਣਾ, ਓਮ ਪ੍ਰਕਾਸ਼ ਚਾਨਣਾ ਅਤੇ ਹੋਰ ਕਮਿਸ਼ਨ ਏਜੰਟ ਮੌਜੂਦ ਸਨ।

ਪਵਨ ਸੈਣੀ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਕਿਸਾਨਾਂ ਦੇ ਹਿੱਤ ਸਭ ਤੋਂ ਉੱਪਰ ਹਨ। ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਨੇ ਪਹਿਲੇ ਨਰਾਤੇ 'ਤੇ ਝੋਨੇ ਦੀ ਖਰੀਦ ਸ਼ੁਰੂ ਕਰ ਕੇ ਕਿਸਾਨਾਂ ਨੂੰ ਇੱਕ ਤੋਹਫ਼ਾ ਦਿੱਤਾ ਹੈ, ਜਦੋਂ ਕਿ ਝੋਨੇ ਦਾ ਖਰੀਦ ਸੀਜ਼ਨ ਆਮ ਤੌਰ 'ਤੇ ਪਹਿਲੀ ਅਕਤੂਬਰ ਤੋਂ ਸ਼ੁਰੂ ਹੁੰਦਾ ਹੈ। ਉਨ੍ਹਾਂ ਕਿਹਾ ਕਿ ਇਹ ਫ਼ੈਸਲਾ ਕਿਸਾਨਾਂ ਪ੍ਰਤੀ ਸਰਕਾਰ ਦੀ ਸੰਵੇਦਨਸ਼ੀਲਤਾ ਨੂੰ ਦਰਸਾਉਂਦਾ ਹੈ।

ਉਨ੍ਹਾਂ ਖਰੀਦ ਏਜੰਸੀ ਦੇ ਅਧਿਕਾਰੀਆਂ ਨੂੰ ਪਾਰਦਰਸ਼ਤਾ ਅਤੇ ਵਰਤੋਂ ਵਿੱਚ ਸੌਖ ਯਕੀਨੀ ਬਣਾਉਣ ਅਤੇ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਕਿਸਾਨਾਂ ਨੂੰ ਕੋਈ ਮੁਸ਼ਕਲ ਨਾ ਆਵੇ। ਉਨ੍ਹਾਂ ਕਿਹਾ ਕਿ ਸਰਕਾਰ ਨੇ ਮੰਡੀਆਂ ਵਿੱਚ ਬਿਜਲੀ, ਪਾਣੀ ਅਤੇ ਸਫਾਈ ਦੇ ਢੁਕਵੇਂ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਸਬੰਧਤ ਅਧਿਕਾਰੀਆਂ ਨੂੰ ਪਹਿਲਾਂ ਹੀ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕਰ ਦਿੱਤੇ ਹਨ। ਮਾਰਕੀਟ ਕਮੇਟੀ ਦੇ ਸਕੱਤਰ ਅਖਿਲੇਸ਼ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਾਰਾਇਣਗੜ੍ਹ ਅਨਾਜ ਮੰਡੀ ਅਤੇ ਖਰੀਦ ਕੇਂਦਰਾਂ ਭਰੇੜੀ ਅਤੇ ਬਰਖੇੜੀ ਵਿੱਚ ਝੋਨੇ ਦੀ ਆਮਦ ਸ਼ੁਰੂ ਹੋਣ ਤੋਂ ਪਹਿਲਾਂ ਹੀ ਬਿਜਲੀ, ਪਾਣੀ ਆਦਿ ਦੇ ਪ੍ਰਬੰਧ ਕੀਤੇ ਗਏ ਹਨ।

## ਕੂੜੇ ਦੇ ਢੇਰ ਕਾਰਨ ਲੋਕ ਪ੍ਰੇਸ਼ਾਨ

ਰਤੀਆ, 29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਇੱਥੋਂ ਦੇ ਅਗਰਸੈਨ ਚੌਕ ਦੇ ਵਸਨੀਕ ਸਫਾਈ ਦੀ ਘਾਟ ਅਤੇ ਕਈ ਦਿਨਾਂ ਤੋਂ ਲੱਗੇ ਹੋਏ ਕੂੜੇ ਦੇ ਢੇਰਾਂ 'ਤੇ ਗੁੱਸਾ ਜ਼ਾਹਰ ਕਰ ਰਹੇ ਹਨ। ਇਸ ਸਬੰਧੀ ਲੋਕਾਂ ਨੇ ਮੰਤਰੀ ਵਿਪੁਲ ਗੋਇਲ ਤੋਂ ਢੁਕਵੀਂ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

ਅਗਰਸੈਨ ਸਮਾਜ ਦੇ ਜ਼ਿਲ੍ਹਾ ਪ੍ਰਧਾਨ ਮੋਹਿਤ ਗਰਗ ਅਤੇ ਰਤੀਆ ਦੇ ਨਗਰ ਨਿਗਮ ਦੇ ਮੁਖੀ ਲਵਕੇਸ਼ ਮਿੱਤਲ ਨੇ ਨਗਰ ਨਿਗਮ ਮੰਤਰੀ ਵਿਪੁਲ ਗੋਇਲ ਨੂੰ ਸ਼ਿਕਾਇਤ ਭੇਜੀ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਰਤੀਆ ਦੇ ਮੰਡੀ ਰੋਡ 'ਤੇ ਸਥਿਤ ਅਗਰਸੈਨ ਚੌਕ ਨੇੜੇ ਕਈ ਦਿਨਾਂ ਕੂੜੇ ਦੇ ਢੇਰ ਲੱਗੇ ਹੋਏ ਹਨ। ਨਗਰ ਨਿਗਮ ਵੱਲੋਂ ਇਸ ਕੂੜੇ ਨੂੰ ਇੱਥੋਂ ਨਹੀਂ ਚੁੱਕਿਆ ਜਾ ਰਿਹਾ।

ਜਦੋਂ ਲੋਕ ਅੱਜ ਅਗਰਸੇਨ ਜੈਅੰਤੀ ਮੌਕੇ ਅਗਰਸੈਨ ਚੌਕ ਪਹੁੰਚੇ ਤਾਂ ਉਨ੍ਹਾਂ ਨੇ ਇਸ ਦੇ ਆਲੇ-ਦੁਆਲੇ ਕੂੜੇ ਦੇ ਢੇਰ ਦੇਖੇ। ਹਾਲਾਂਕਿ, ਉਹ ਨਗਰ ਨਿਗਮ ਵੱਲੋਂ ਕਈ ਦਿਨਾਂ ਤੋਂ ਕੂੜਾ ਇਕੱਠਾ ਨਾ ਕਰਨ 'ਤੇ ਨਾਰਾਜ਼ ਸਨ। ਲੋਕਾਂ ਨੇ



ਮੰਤਰੀ ਤੋਂ ਚੌਕ ਦੇ ਆਲੇ-ਦੁਆਲੇ ਸਹੀ ਸਫਾਈ ਬਹਾਲ ਕਰਨ ਦੀ ਮੰਗ ਕੀਤੀ ਹੈ।

ਜਦੋਂ ਇਸ ਬਾਰੇ ਨਗਰ ਨਿਗਮ ਦੇ ਸੈਨੀਟੇਸ਼ਨ ਇੰਸਪੈਕਟਰ ਨਾਲ ਸੰਪਰਕ ਕੀਤਾ ਗਿਆ, ਤਾਂ ਉਨ੍ਹਾਂ ਦੱਸਿਆ ਕਿ ਗੱਡੀ ਖਰਾਬ ਹੋ ਗਈ ਸੀ, ਜਿਸ ਕਾਰਨ ਕੁਝ ਕੂੜਾ ਇੱਥੇ ਪਿਆ ਰਹਿ ਗਿਆ ਸੀ। ਛੁੱਟੀ ਹੋਣ ਕਾਰਨ ਅੱਜ ਕੂੜਾ ਇਕੱਠਾ ਕਰਨ ਦਾ ਕੰਮ ਉਪਲਬਧ ਨਹੀਂ ਸੀ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਕੂੜਾ ਇਕੱਠਾ ਕਰਨ ਦਾ ਕੰਮ ਜਲਦੀ ਹੀ ਪੂਰਾ ਹੋ ਜਾਵੇਗਾ।

## ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ

ਸ਼ਾਹਬਾਦ ਮਾਰਕੰਡਾ, 29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਨਾਰਕੋਟਿਕਸ ਕੰਟਰੋਲ ਬਿਊਰੋ ਦਾ ਸੰਕਲਪ ਨਸ਼ੇ ਦੇ ਵਿਰੁੱਧ ਯੁੱਧ ਇਕ ਅੰਦੋਲਨ ਦਾ ਰੂਪ ਲੈ ਚੁੱਕਾ ਹੈ, ਜੋ ਸੂਬੇ ਦੇ ਪਿੰਡ-ਪਿੰਡ ਤੇ ਸ਼ਹਿਰਾਂ ਵਿਚ ਜੰਗੀ ਪੱਧਰ 'ਤੇ ਕੰਮ ਕਰ ਰਿਹਾ ਹੈ। ਇਸ ਕੜੀ ਵਿਚ ਨਮਕ ਲੋਟਾ ਅਭਿਆਨ ਇਕ ਮਜ਼ਬੂਤ ਸਾਧਨ ਬਣ ਕੇ ਸਾਹਮਣੇ ਆਇਆ ਹੈ।

ਜਾਣਕਾਰੀ ਦਿੰਦੇ ਹੋਏ ਏ ਐਸ ਆਈ ਅਸ਼ੋਕ ਕੁਮਾਰ ਵਰਮਾ ਨੇ ਦੱਸਿਆ ਕਿ ਸ਼ਹਿਰ ਵਿੱਚ ਵੱਖ-ਵੱਖ ਪ੍ਰੋਗਰਾਮਾਂ ਤਹਿਤ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਏ ਐਸ ਆਈ ਅਸ਼ੋਕ ਵਰਮਾ ਜੋ ਸੂਬੇ ਵਿਚ ਨਸ਼ਿਆਂ ਦੇ ਖਿਲਾਫ ਸਾਈਕਲ ਰਾਹੀਂ ਜਾ ਕੇ ਨਸ਼ਿਆਂ ਖਿਲਾਫ ਪ੍ਰਚਾਰ ਕਰ ਰਹੇ ਹਨ।

ਉਨਾਂ ਨੇ ਅੱਜ ਵਿਸ਼ੇਸ਼ ਤੌਰ 'ਤੇ ਹਾਟ ਸਪਾਟ ਗਾਂਧੀ ਨਗਰ ਕੁਰੂਕਸ਼ੇਤਰ ਵਿਚ ਦੋ ਥਾਵਾਂ 'ਤੇ ਸਥਾਨਕ ਲੋਕਾਂ ਨੂੰ ਇੱਕਠਾ ਕਰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ।

## ਝੀਂਡਾ ਨੂੰ ਸਾਜ਼ਿਸ਼ ਤਹਿਤ ਕੀਤਾ ਜਾ ਰਿਹੈ ਬਦਨਾਮ: ਇੰਦਰਜੀਤ ਸਿੰਘ



ਸ਼ਾਹਬਾਦ ਮਾਰਕੰਡਾ, 29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਮੈਂਬਰ ਇੰਦਰਜੀਤ ਸਿੰਘ ਨੇ ਕਿਹਾ ਹੈ ਕਿ ਖੁਦ ਨੂੰ ਪੰਥ ਪ੍ਰਚਾਰਕ ਕਹਿਣ ਵਾਲੇ ਬਲਜੀਤ ਸਿੰਘ ਦਾਦੂਵਾਲ ਹਰਿਆਣਾ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ 'ਤੇ ਬੇਬੁਨਿਆਦ ਇਲਜ਼ਾਮ ਲਗਾ ਰਹੇ ਹਨ । ਸੰਸਥਾ ਦੇ ਮੁੱਖ ਦਫਤਰ ਵਿਚ ਮੀਡੀਆ ਨਾਲ ਗੱਲਬਾਤ ਕਰਦਿਆਂ ਮੈਂਬਰ ਇੰਦਰਜੀਤ ਸਿੰਘ ਨੇ ਕਿਹਾ ਕਿ ਐਡਹਾਕ ਕਮੇਟੀ ਵੇਲੇ ਕੁੱਲ 345 ਕਰਮਚਾਰੀਆਂ ਦੀ ਭਰਤੀ ਹੋਈ ਸੀ। ਜਿਨ੍ਹਾਂ 'ਚ 133 ਪੰਜਾਬ ਦੇ ਵਾਸੀਆਂ ਦੀ ਨਿਯੁਕਤੀ ਕੀਤੀ ਗਈ ਸੀ ਤੇ 71 ਕਰਮਚਾਰੀਆਂ ਦੀ ਨਿਯੁਕਤੀ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਆਪਣੀ ਸਿਫਾਰਸ਼ 'ਤੇ ਕਰਵਾਈ ਸੀ। ਉਨ੍ਹਾਂ ਦੱਸਿਆ ਕਿ ਜਥੇਦਾਰ ਜਗਦੀਸ਼ ਸਿੰਘ ਝੀਂਡਾ ਦੇ ਪ੍ਰਧਾਨ ਬਣਨ ਤੋਂ ਬਾਅਦ ਹਰਿਆਣਾ ਕਮੇਟੀ ਦੇ ਮੁੱਖ ਦਫਤਰ ਵੱਲੋਂ 20 ਕਰੋੜ ਰੁਪਏ ਦੀ ਐਫ ਡੀ ਕਰਵਾਈ ਗਈ ਹੈ ਜਦੋਂ ਕਿ ਜਥੇਦਾਰ ਭੁਪਿੰਦਰ ਸਿੰਘ ਅਸੰਧ ਅਤੇ ਬਲਜੀਤ ਸਿੰਘ ਦਾਦੂਵਾਲ ਦੀ ਕਮੇਟੀ ਵੇਲੇ ਇਹ ਅੰਕੜਾ ਸਿਫਰ ਰਿਹਾ। ਇੰਦਰਜੀਤ ਸਿੰਘ ਨੇ ਕਿਹਾ ਕਿ ਜਥੇਦਾਰ ਝੀਡਾਂ ਨੇ ਬਤੌਰ ਪ੍ਰਧਾਨ ਕਮੇਟੀ ਦੀ ਕਮਾਨ ਸੰਭਾਲਣ ਤੋਂ ਬਾਅਦ ਕੋਈ ਵੀ ਨਵੀਂ ਭਰਤੀ ਨਹੀਂ ਕੀਤੀ।

ਉਹ ਬੇਦਾਗ ਅਤੇ ਸਾਫ ਸੁਥਰੀ ਛਵੀ ਦੇ ਵਿਅਕਤੀ ਹਨ। ਉਨ੍ਹਾਂ ਕਿਹਾ ਕਿ ਕਰੀਬ 30 ਸਾਲ ਤੱਕ ਸੰਘਰਸ਼ ਕਰ ਕੇ ਹਰਿਆਣਾ ਕਮੇਟੀ ਦੀ ਆਵਾਜ਼ ਬੁਲੰਦ ਕਰਨ ਅਤੇ ਕਿਸੇ ਵੀ ਨੇਤਾ ਦੇ ਦਬਾਅ ਵਿਚ ਨਾ ਆਉਣ ਵਾਲੇ ਝੀਂਡਾ ਨੂੰ ਬਦਨਾਮ ਕਰਨ ਦੇ ਲਈ ਸੋਚੀ ਸਮਝੀ ਸਾਜ਼ਿਸ਼ ਰਚੀ ਜਾ ਰਹੀ ਹੈ।

## 'ਔਰਤ ਨੇ ਝੂਠੀ ਸ਼ਿਕਾਇਤ ਦਰਜ ਕਰਵਾ ਕੇ ਸਮਝੌਤੇ ਲਈ 42 ਹਜ਼ਾਰ ਰੁਪਏ ਮੰਗੇ'

ਰਤੀਆ, 29 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੁਲੀਸ ਸੁਪਰਡੈਂਟ ਸਿਧਾਂਤ ਜੈਨ ਦੀ ਅਗਵਾਈ ਹੇਠ ਕਈ ਅਪਰਾਧਾਂ ਦੇ ਮਾਮਲੇ ਵਿੱਚ, ਖਾਸ ਕਰ ਕੇ ਧੋਖਾਧੜੀ ਅਤੇ ਝੂਠੀਆਂ ਸ਼ਿਕਾਇਤਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਇਸ ਸਬੰਧ ਵਿੱਚ ਰਤੀਆ ਸਿਟੀ ਪੁਲੀਸ ਸਟੇਸ਼ਨ ਨੇ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ।

ਰਤੀਆ ਸਿਟੀ ਪੁਲੀਸ ਸਟੇਸ਼ਨ ਦੇ ਇੰਚਾਰਜ ਸਬ-ਇੰਸਪੈਕਟਰ ਰਣਜੀਤ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਪਗਵਿੰਦਰ ਸਿੰਘ ਵਾਸੀ ਪਿੰਡ ਬ੍ਰਾਹਮਣਵਾਲਾ ਪਲਾਟ ਨੇ ਦੋਸ਼ ਲਗਾਇਆ ਕਿ ਪਰਵਿੰਦਰ ਕੌਰ ਉਰਫ ਪੂਜਾ ਪਿੰਡ ਮੀਰਾਣਾ ਅਤੇ ਹਰੀ ਸਿੰਘ ਨੇ ਉਸ ਨਾਲ ਧੋਖਾ ਕੀਤਾ ਹੈ। ਸ਼ਿਕਾਇਤ ਅਨੁਸਾਰ 17 ਸਤੰਬਰ ਨੂੰ ਮੁਲਜ਼ਮ ਔਰਤ ਨੇ ਉਸ ਵਿਰੁੱਧ ਛੇੜਛਾੜ ਦੀ ਝੂਠੀ ਸ਼ਿਕਾਇਤ ਦਰਜ ਕਰਵਾਈ ਸੀ। ਇਸ ਤੋਂ ਬਾਅਦ 20 ਸਤੰਬਰ ਨੂੰ ਇੱਕ ਪੰਚਾਇਤ ਮੀਟਿੰਗ ਦੌਰਾਨ, ਉਸ 'ਤੇ ਸਮਝੌਤੇ ਦੇ ਨਾਂ 'ਤੇ 42 ਹਜ਼ਾਰ ਰੁਪਏ ਦੇਣ ਲਈ ਦਬਾਅ ਪਾਇਆ ਗਿਆ। ਸ਼ਿਕਾਇਤਕਰਤਾ ਕੋਲ ਪੂਰੀ ਘਟਨਾ ਦੀ ਵੀਡੀਓ ਰਿਕਾਰਡਿੰਗ ਵੀ ਹੈ। ਸ਼ਿਕਾਇਤ ਦੇ ਆਧਾਰ 'ਤੇ ਰਤੀਆ ਸਿਟੀ ਪੁਲੀਸ ਸਟੇਸ਼ਨ ਨੇ ਐੱਫ ਆਈ ਆਰ ਦਰਜ ਕਰ ਕੇ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ। ਤੇਜ਼ੀ ਨਾਲ ਕਾਰਵਾਈ ਕਰਦੇ ਹੋਏ ਪੁਲੀਸ ਨੇ ਮੁਲਜ਼ਮ ਔਰਤ ਪਰਵਿੰਦਰ ਕੌਰ ਉਰਫ ਪੂਜਾ ਅਤੇ ਹਰੀ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ। ਇਸ ਮਾਮਲੇ ਵਿੱਚ ਹੋਰ ਖੁਲਾਸੇ ਕਰਨ ਲਈ ਪੁਲੀਸ ਅੱਗੇ ਦੀ ਕਾਰਵਾਈ ਕਰ ਰਹੀ ਹੈ।

ਪੁਲੀਸ ਅਧਿਕਾਰੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਹੋਰ ਵੀ ਮੁਲਜ਼ਮਾਂ ਦੀ ਸ਼ਮੂਲੀਅਤ ਹੋ ਸਕਦੀ ਹੈ। ਪੜਤਾਲ ਦੇ ਆਧਾਰ 'ਤੇ ਮਾਮਲੇ ਵਿੱਚ ਬਾਕੀ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਜਾਵੇਗਾ। ਇਸ ਤੋਂ ਪਹਿਲਾਂ ਵੀ ਰਤੀਆ ਪੁਲੀਸ ਨੇ ਧੋਖਾਧੜੀ ਦੇ ਕਈ ਮਾਮਲਿਆਂ ਵਿੱਚ ਕਾਰਵਾਈ ਕਰ ਕੇ ਖੁਲਾਸੇ ਕੀਤੇ ਹਨ। ਉਕਤ ਮਾਲਮੇ ਵਿੱਚ ਮੁਲਜ਼ਮ ਔਰਤ ਨੂੰ ਗ੍ਰਿਫ਼ਤਾਰ ਕਰ ਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

# ਬੇਅਦਬੀ ਕੇਸਾਂ ਵਿੱਚ ਪੰਜਾਬ ਸਰਕਾਰ ਸਾਫ਼ ਤੌਰ ਤੇ ਨਾਮਜ਼ਦ ਦੋਸ਼ੀਆਂ ਵੱਲ ਭੁਗਤਦੀ ਨਜ਼ਰ ਆ ਰਹੀ ਹੈ : ਗਿਆਨੀ ਹਰਪ੍ਰੀਤ ਸਿੰਘ

## ਬੇਅਦਬੀ ਕੇਸਾਂ ਵਿੱਚ ਠੋਸ ਪੱਖ ਰੱਖ ਕੇ ਇਹਨਾਂ ਕੇਸਾਂ ਦਾ ਟ੍ਰਾਇਲ ਵੀ ਪੰਜਾਬ ਵਿੱਚ ਚਲਾਇਆ ਜਾਵੇ

**ਚੰਡੀਗੜ੍ਹ, 29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਬੇਅਦਬੀ ਮਾਮਲਿਆਂ ਵਿੱਚ ਇਨਸਾਫ਼ ਦਿਵਾਉਣ ਦੀ ਪ੍ਰਕ੍ਰਿਆ ਵਿੱਚ ਪੰਜਾਬ ਸਰਕਾਰ ਦੀ ਨਾਮਜਦ ਦੋਸ਼ੀਆਂ ਨਾਲ ਸਾਜ਼ਿਸ਼ਤਾਨਾ ਮਿਲੀ ਭੁਗਤ ਤੇ ਵੱਡੇ ਸਵਾਲ ਕਰਦੇ ਹੋਏ ਇਸ ਨੂੰ ਸਿੱਖ ਕੌਮ ਨਾਲ ਭਾਵਨਾਤਮਕ ਧੋਖਾ ਕਰਾਰ ਦਿੱਤਾ ਹੈ।

ਜਾਰੀ ਬਿਆਨ ਵਿੱਚ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ, ਪੰਜਾਬ-ਹਰਿਆਣਾ ਹਾਈ ਕੋਰਟ ਨੇ ਬਠਿੰਡਾ, ਫ਼ਰੀਦਕੋਟ, ਮੋਗਾ ਦੇ ਬੇਅਦਬੀ ਕੇਸਾਂ ਨੂੰ ਚੰਡੀਗੜ੍ਹ ਤਬਾਦਲੇ ਦਾ ਆਦੇਸ਼ ਦਿੱਤਾ ਸੀ ਪਰ ਹੈਰਾਨੀ ਇਹ ਹੈ ਕਿ ਇਨ੍ਹਾਂ ਕੇਸਾਂ ਵਿੱਚ ਪੰਜਾਬ ਸਰਕਾਰ ਨੇ ਹਾਈ ਕੋਰਟ ਦੇ ਫੈਸਲੇ ਖਿਲਾਫ਼ ਸੁਪਰੀਮ ਕੋਰਟ ਵਿੱਚ ਅਪੀਲ ਹੀ ਨਹੀਂ ਕੀਤੀ, ਇਹ ਸਿੱਧੇ ਤੌਰ 'ਤੇ ਬੇਅਦਬੀ ਕੇਸਾਂ ਵਿੱਚ ਨਾਮਜ਼ਦ ਡੇਰਾ ਮੁਖੀ ਤੇ ਬਾਕੀ ਦੋਸ਼ੀਆਂ ਦੀ ਖੁੱਲ੍ਹੇਆਮ ਮਦਦ ਕਰਨਾ ਹੈ।

ਬੇਅਦਬੀ ਕੇਸਾਂ ਨੂੰ ਚੰਡੀਗੜ੍ਹ ਤਬਦੀਲ ਕਰਨ ਵੇਲੇ ਇਹ ਤਰਕ ਦਿੱਤਾ ਗਿਆ ਸੀ ਕਿ ਟ੍ਰਾਇਲ ਲਈ ਪੰਜਾਬ 'ਚ ਮਾਹੌਲ ਅਨੁਕੂਲ ਨਹੀਂ ਹੈ। ਪੰਜਾਬ ਹਰਿਆਣਾ ਹਾਈਕੋਰਟ ਵਿੱਚ ਇਹ ਤਰਕ ਦੇਣ ਵਾਲੇ ਡੇਰਾ ਪ੍ਰੇਮੀ ਪੰਜਾਬ ਵਿੱਚ ਖੁੱਲ੍ਹੇਆਮ ਪ੍ਰੋਗਰਾਮ ਕਰ ਰਹੇ ਹਨ ਪਰ ਅਦਾਲਤ ਵਿੱਚ ਕਹਿ ਰਹੇ ਹਨ ਕਿ ਟ੍ਰਾਇਲ ਲਈ ਪੰਜਾਬ 'ਚ ਮਾਹੌਲ ਅਨੁਕੂਲ ਨਹੀਂ ਹੈ। ਅਦਾਲਤ ਵਿੱਚ ਚੁੱਪ ਰਹਿ ਕੇ ਪੰਜਾਬ ਸਰਕਾਰ ਡੇਰਾ ਪ੍ਰੇਮੀਆਂ ਦੀ ਗੱਲ ਵਿੱਚ ਪੂਰੀ ਸਹਿਮਤੀ ਜਤਾ ਰਹੀ ਹੈ। ਜੱਥੇਦਾਰ ਗਿਆਨੀ ਹਰਪ੍ਰੀਤ



ਸਿੰਘ ਨੇ ਕਿਹਾ ਕਿ ਇਸ ਮਾਮਲੇ ਵਿੱਚ ਹੁਣ ਇੱਕ ਸ਼ਿਕਾਇਤਕਰਤਾ ਵੱਲੋਂ ਸੀਨੀਅਰ ਐਡਵੋਕੇਟ ਸਰਦਾਰ ਐਚ.ਐਸ. ਫੂਲਕਾ ਰਾਹੀਂ ਸੁਪਰੀਮ ਕੋਰਟ ਵਿੱਚ ਦਲੀਲ ਦਿੱਤੀ ਹੈ ਕਿ ਪੰਜਾਬ ਵਿੱਚ ਟ੍ਰਾਇਲ ਲਈ ਮਾਹੌਲ ਪੂਰੀ ਤਰ੍ਹਾਂ ਅਨੁਕੂਲ ਹੈ। ਇਸ ਨਾਲ ਹੀ ਹੁਣ ਸਪਰੀਮ ਕੋਰਟ ਨੇ ਉਸ ਕੇਸ 'ਤੇ ਸਟੇਟਸ ਕੋ ਲਗਾ ਕੇ 13 ਅਕਤੂਬਰ ਤੱਕ ਜਵਾਬ ਮੰਗਿਆ ਹੈ। ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਹ ਮਾਮਲਾ ਸਿਰਫ਼ ਕਾਨੂੰਨੀ ਨਹੀਂ, ਸਾਰੀ ਕੌਮ ਦੀ ਭਾਵਨਾਵਾਂ ਨਾਲ ਜੁੜਿਆ ਹੈ। ਓਹਨਾ ਕਿਹਾ ਕਿ 2022 ਦੀਆਂ ਚੋਣਾਂ ਤੋਂ ਪਹਿਲਾਂ ਇਸ ਬਾਰੇ ਆਪ ਮੁਖੀ ਅਰਵਿੰਦ ਕੇਜਰੀਵਾਲ ਨੇ ਵਾਅਦਾ ਕੀਤਾ ਸੀ ਕਿ ਸਰਕਾਰ ਵਿੱਚ ਆਉਂਦਿਆਂ ਹੀ ਬੇਅਦਬੀ ਕੇਸਾਂ ਵਿੱਚ ਇਨਸਾਫ਼ ਦਿਵਾਉਣਗੇ ਪਰ ਹੁਣ ਪੰਜਾਬ ਸਰਕਾਰ ਬੇਝਿਜਕ ਹੋ ਕੇ ਦੋਸ਼ੀਆਂ ਦਾ ਬਚਾਅ ਕਰ ਰਹੀ ਹੈ। ਬੇਅਦਬੀ ਅਤੇ ਪੁਲਿਸ ਫਾਈਰਿੰਗ ਦੇ ਕੇਸਾਂ ਵਿੱਚ ਇਨਸਾਫ਼ ਦੇ ਮੁੱਦੇ ਨੂੰ ਵਰਤ ਕੇ ਸੱਤਾ ਵਿਚ ਆਈ ਆਮ ਆਦਮੀ ਪਾਰਟੀ ਸਿੱਖ ਭਾਵਨਾ ਨਾਲ ਖਿਲਵਾੜ ਕਰ ਰਹੀ ਹੈ।

ਓਹਨਾ ਕਿਹਾ ਕਿ ਇਕ ਪਾਸੇ ਬੇਅਦਬੀ ਖ਼ਿਲਾਫ਼ ਨਵਾਂ ਕਾਨੂੰਨ ਬਣਾਉਣ ਦਾ ਪ੍ਰਪੰਚ ਰਚਿਆ ਜਾ ਰਿਹਾ ਹੈ ਤੇ ਦੂਜੇ ਤੌਰ ਤੇ ਇੰਨੇ ਵੱਡੇ ਕੇਸਾਂ ਵਿਚ ਸਰਕਾਰ ਇਨਸਾਫ਼ ਦੇਣ ਤੋਂ ਹੀ ਇਨਕਾਰੀ ਹੋਈ ਬੈਠੀ ਹੈ। ਪੰਜਾਬ ਸਰਕਾਰ ਨੂੰ ਅਸੀਂ ਤਾੜਨਾ ਕਰਦੇ ਹਾਂ ਕਿ ਸਿੱਖ ਕੌਮ ਦੇ ਹਿਰਦਿਆਂ 'ਤੇ ਜ਼ਖ਼ਮ ਇਹਨਾਂ ਬੇਅਦਬੀ ਕੇਸਾਂ ਵਿੱਚ ਠੋਸ ਪੱਖ ਰੱਖ ਕੇ ਇਹਨਾਂ ਕੇਸਾਂ ਦਾ ਟ੍ਰਾਇਲ ਵੀ ਪੰਜਾਬ ਵਿੱਚ ਚਲਾਇਆ ਜਾਵੇ, ਇਹਨਾਂ ਕੇਸਾਂ ਵਿੱਚ ਤੇਜ਼ੀ ਵੀ ਲਿਆਂਦੀ ਜਾਵੇ ਅਤੇ ਨਾਮਜ਼ਦ ਡੇਰਾ ਮੁਖੀ ਦੇ ਮੁਕੱਦਮੇ ਦੀ ਪ੍ਰਵਾਨਗੀ ਦੇ ਕੇ ਉਸਨੂੰ ਵੀ ਸੰਮਨ ਕੀਤਾ ਜਾਵੇ।ਇਸ ਦੇ ਨਾਲ ਹੀ ਮੌੜ ਧਮਾਕੇ ਦੀ ਜਾਂਚ ਵੀ ਅੱਗੇ ਵਧਾਈ ਜਾਵੇ ਅਤੇ ਪੀੜਤਾਂ ਨੂੰ ਇਨਸਾਫ ਦਿਵਾਉਣ ਲਈ ਜਰੂਰੀ ਅਤੇ ਵੱਡੇ ਕਦਮ ਚੁੱਕੇ ਜਾਣ।

# ਪ੍ਰੋਫੈਸਰ ਸੁਵਿੰਦਰ ਸਿੰਘ ਰੇਖੀ ਸਰਕਾਰੀ ਕਾਲਜ ਲੜਕੀਆਂ ਦੇ ਪ੍ਰਿੰਸੀਪਲ ਕੀਤੇ ਨਿਯੁਕਤ

## ਸਰਕਾਰੀ ਮਹਿੰਦਰਾ ਕਾਲਜ ਵਿੱਚ ਵੀ ਨਿਭਾਅ ਚੁੱਕੇ ਹਨ ਆਪਣੀਆ ਸੇਵਾਵਾਂ

**ਪਟਿਆਲਾ, 29 ਸਤੰਬਰ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੇ ਉਚੇਰੀ ਸਿੱਖਿਆ ਵਿਭਾਗ ਵੱਲੋਂ ਨਿਯੁਕਤ ਕੀਤੇ ਗਏ ਨਵੇਂ ਪ੍ਰਿੰਸਿਪਲਾ ਵਿੱਚ ਸ਼ਾਮਿਲ ਪ੍ਰੋਫੈਸਰ ਸੁਵਿੰਦਰ ਸਿੰਘ ਰੇਖੀ ਨੂੰ ਸਰਕਾਰੀ ਕਾਲਜ ਲੜਕੀਆਂ ਵਿੱਚ ਬਤੌਰ ਪ੍ਰਿੰਸੀਪਲ ਨਿਯੁਕਤ ਕਰ ਦਿੱਤਾ ਗਿਆ ਹੈ ਜਿਸ ਨੂੰ ਲੈ ਕੇ ਸਰਕਾਰੀ ਮਹਿੰਦਰਾ ਕਾਲਜ ਵਿੱਚ ਆਪਣੀ ਸੇਵਾਵਾਂ ਨੂੰ ਬਾਖੂਬੀ ਨਿਭਾਉਣ ਵਾਲੇ ਪ੍ਰੋਫੈਸਰ ਰੇਖੀ ਦੀ ਸਲਾਘਾ ਕੀਤੀ ਜਾ ਰਹੀ ਕਿਉਂਕਿ ਪ੍ਰੋਫੈਸਰ ਰੇਖੀ ਸਰਕਾਰੀ ਮਹਿੰਦਰਾ ਕਾਲਜ ਵਿੱਚ ਲੰਮਾ ਸਮਾਂ ਆਪਣੀਆਂ ਸੇਵਾਵਾਂ ਨੂੰ ਬਾਖੂਬੀ ਤਰੀਕੇ ਨਾਲ ਵਿਦਿਆਰਥੀਆਂ ਦੇ ਭਵਿੱਖ ਨੂੰ ਉਜਵਲ ਕਰਨ ਲਈ ਨਿਵਾ ਚੁੱਕੇ ਹਨ ਅਤੇ ਜਲਦ ਹੀ ਪ੍ਰੋਫੈਸਰ ਸਵਿੰਦਰ ਸਿੰਘ ਰੇਖੀ ਸਰਕਾਰੀ ਕਾਲਜ ਲੜਕੀਆਂ ਵਿਖੇ ਬਤੌਰ ਪ੍ਰਿੰਸੀਪਲ ਦੇ ਅਹੁਦੇ ਤੇ ਆਪਣਾ ਕਾਰਜ ਭਾਗ ਸੰਭਾਲਣਗੇ ਇਸ ਸੰਬੰਧੀ ਗੱਲਬਾਤ ਕਰਦੇ ਹੋਏ ਪ੍ਰੋਫੈਸਰ ਰੇਖੀ ਨੇ ਕਿਹਾ ਕੀ ਮੇਰਾ ਮੁੱਖ ਟੀਚਾ ਲੜਕੀਆਂ ਨੂੰ ਸਮੇਂ ਦਾ ਹਾਣੀ ਬਣਾਉਣਾ ਹੈ ਇਸ



ਲਈ ਸਰਕਾਰ ਵੱਲੋਂ ਜਾਰੀ ਕੀਤੀਆਂ ਗਈਆਂ ਸਹੂਲਤਾਂ ਨੂੰ ਲੜਕੀਆਂ ਤਕ ਪਹੁੰਚਾਉਣ ਦਾ ਹਰ ਤਰ੍ਹਾਂ ਦਾ ਉਪਰਾਲਾ ਕੀਤਾ ਜਾਵੇਗਾ ਤਾਂ ਜੋ ਭਵਿੱਖ ਵਿੱਚ ਪੜ੍ਹਾਈ ਦੌਰਾਨ ਲੜਕੀਆਂ ਦੇ ਸਿੱਖਿਆ ਦੇ ਖੇਤਰ ਵਿੱਚ ਚੰਗੇ ਨਤੀਜੇ ਲਿਆਂਦੇ ਜਾਂ ਸਕਣ ਜਿਕਰਯੋਗ ਹੈ ਕੀ ਪ੍ਰੋਫੈਸਰ ਰੇਖੀ ਕਈ ਵਾਰ ਚੰਗੀਆਂ ਸਵਾਵਾਂ ਪ੍ਰਦਾਨ ਕਰਨ ਬਦਲੇ ਸਨਮਾਨਿਤ ਵੀ ਹੋ ਚੁੱਕੇ ਹਨ ਇਸ ਨਿਯੁਕਤੀ ਨੂੰ ਲੈ ਕੇ ਸਰਕਾਰੀ ਕਾਲਜ ਲੜਕੀਆਂ ਦੇ ਸਮੁੱਚੇ ਸਟਾਫ ਵਿੱਚ ਵੀ ਕਾਫੀ ਖ਼ੁਸ਼ੀ ਪਾਈ ਜਾ ਰਹੀ ਹੈ

# ਸੰਸਦ ਮੈਂਬਰ, ਸ.ਮਲਵਿੰਦਰ ਸਿੰਘ ਕੰਗ ਨੇ ਤਹਿਸੀਲ ਦ.ਫਤਰ ਅਤੇ ਅਨਾਜ ਮੰਡੀ ਖਰੜ ਦਾ ਕੀਤਾ ਅਚਨਚੇਤ ਦੌਰਾ



**ਖਰੜ, 29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖਰੜ ਅਨਾਜ ਮੰਡੀ ਵਿਖੇ, ਸੰਸਦ ਮੈਂਬਰ ਨੇ ਝੋਨੇ ਦੀ ਆਮਦ ਅਤੇ ਖਰੀਦ ਦਾ ਨਿਰੀਖਣ ਕੀਤਾ ਅਤੇ ਖਰੀਦ ਏਜੰਸੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਇਹ ਯਕੀਨੀ ਬਣਾਉਣ ਕਿ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਚੱਲ ਰਹੇ ਸੀਜ਼ਨ ਦੌਰਾਨ ਕੋਈ ਮੁਸ਼ਕਿਲ ਨਾ ਆਵੇ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਕੇਂਦਰ ਸਰਕਾਰ ਦੇ ਸੀਮਤ ਸਹਿਯੋਗ ਕਾਰਨ ਕੁਝ ਮੁਸ਼ਕਿਲਾਂ ਬਣੀਆਂ ਸਨ। ਉਨ੍ਹਾਂ ਕਿਹਾ ਹਾਲਾਂਕਿ, ਇਸ ਸਾਲ, ਭਾਵੇਂ ਰਾਜ ਹੜ੍ਹ ਰਾਹਤ ਅਤੇ ਮੁੜ ਵਸੇਬੇ 'ਤੇ ਵੀ ਧਿਆਨ ਕੇਂਦਰਿਤ ਕਰ ਰਿਹਾ ਹੈ, ਕਿਸਾਨਾਂ ਨੂੰ ਉਨ੍ਹਾਂ ਦੀ ਉਪਜ ਦੀ ਕਟਾਈ ਅਤੇ ਵੇਚਣ ਲਈ ਕਾਫ਼ੀ ਸਮਾਂ ਦੇਣ ਲਈ ਖਰੀਦ ਕਾਰਜਾਂ ਨੂੰ ਅਗਾਊਂ ਰੂਪ ਵਿੱਚ ਸ਼ੁਰੂ ਕੀਤਾ ਗਿਆ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਭਗਵੰਤ ਸਿੰਘ ਮਾਨ ਸਰਕਾਰ ਦੀ ਵਚਨਬੱਧਤਾ ਅਨੁਸਾਰ, ਝੋਨੇ ਦੀ ਖਰੀਦ ਬਿਨਾਂ ਕਿਸੇ ਰੁਕਾਵਟ ਦੇ ਕੀਤੀ ਜਾਵੇਗੀ, ਸਮੇਂ ਸਿਰ ਭੁਗਤਾਨ ਅਤੇ ਫ਼ਸਲ ਦੀ ਲਿਫਟਿੰਗ ਦੇ ਨਾਲ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਅਤੇ ਪਾਰਦਰਸ਼ੀ ਬਣਾਉਣ ਲਈ ਸਰਗਰਮੀ ਨਾਲ ਕੰਮ ਕਰਨ।ਵਿੱਚ, ਸੰਸਦ ਮੈਂਬਰ ਕੰਗ ਨੇ ਖਰੜ ਤਹਿਸੀਲ ਕੰਪਲੈਕਸ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਸੇਵਾ ਕੇਂਦਰ, ਸਬ ਰਜਿਸਟਰਾਰ ਦਫ਼ਤਰ ਅਤੇ ਤਹਿਸੀਲਦਾਰ ਦਫ਼ਤਰ ਦੇ ਕੰਮਕਾਜ ਦਾ ਜਾਇਜ਼ਾ ਲਿਆ। ਮੋਹਾਲੀ ਜ਼ਿਲ੍ਹੇ ਵਿੱਚ ਡੀਡ ਰਜਿਸਟ ?ਰੇਸ਼ਨ ਨੂੰ ਸਰਲ ਬਣਾਉਣ ਲਈ ਸ਼ੁਰੂ ਕੀਤੀ ਗਈ ਈਜ਼ੀ ਰਜਿਸਟਰੀਪਹਿਲਕਦਮੀ ਦੀ ਸ਼ਲਾਘਾ ਕਰਦੇ ਹੋਏ, ਉਨ੍ਹਾਂ ਸਬ ਰਜਿਸਟਰਾਰਾਂ ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਕਿ ਇਸਦੇ ਲਾਭ ਸਾਰੇ ਲੋਕਾਂ ਤੱਕ ਯਕੀਨੀ ਪਹੁੰਚਣ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮਾਲ ਦਸਤਾਵੇਜ਼ ਅਤੇ ਸੰਬੰਧਿਤ ਪ੍ਰਕਿਰਿਆਵਾਂ ਨੂੰ ਜਨਤਾ ਨੂੰ ਬਿਨਾਂ ਕਿਸੇ ਅਸੁਵਿਧਾ ਤੋਂ, ਸਮੇਂ ਸਿਰ ਪੂਰਾ ਕੀਤਾ ਜਾਵੇ।ਸੰਸਦ ਮੈਂਬਰ ਨੇ ਤਹਿਸੀਲ ਕੰਪਲੈਕਸ ਵਿੱਚ ਬੈਠਣ ਦੇ ਪ੍ਰਬੰਧਾਂ ਅਤੇ ਪੀਣ ਵਾਲੇ ਪਾਣੀ ਵਰਗੀਆਂ ਜਨਤਕ ਸਹੂਲਤਾਂ ਨੂੰ ਅਪਗ੍ਰੇਡ ਕਰਨ ਲਈ, ਜੇਕਰ ਲੋੜ ਹੋਵੇ ਤਾਂ, ਐਮ ਪੀ ਐਲ ਏ ਡੀ ਸਕੀਮ ਤੋਂ ਫੰਡ ਮੁਹੱਈਆ ਕਰਵਾਉਣ ਦੀ ਪੇਸ਼ਕਸ਼ ਵੀ ਕੀਤੀ। ਮੰਡੀ ਦੌਰੇ ਦੌਰਾਨ ਮਾਰਕੀਟ ਕਮੇਟੀ ਦੇ ਚੇਅਰਮੈਨ ਹਾਕਮ ਸਿੰਘ ਤੇ ਡੀ ਐੱਫ ਐਸ ਸੀ ਨਵਰੀਤ ਉਨ੍ਹਾਂ ਦੇ ਨਾਲ ਸਨ, ਜਦੋਂ ਕਿ ਐਸ ਡੀ ਐਮ ਖਰੜ ਦਿਵਿਆ ਪੀ ਅਤੇ ਤਹਿਸੀਲਦਾਰ ਗੁਰਵਿੰਦਰ ਕੌਰ ਤਹਿਸੀਲ ਵਿੱਚ ਉਨ੍ਹਾਂ ਦੇ ਦੌਰੇ ਮੌਕੇ ਹਾਜ਼ਰ ਸਨ। ਦੋਵਾਂ ਅਧਿਕਾਰੀਆਂ ਨੇ ਸੰਸਦ ਮੈਂਬਰ ਨੂੰ ਭਰੋਸਾ ਦਿੱਤਾ ਕਿ ਲੋਕਾਂ ਦੀ ਸਰਕਾਰੀ ਸੇਵਾਵਾਂ ਤੱਕ ਆਸਾਨ ਅਤੇ ਕੁਸ਼ਲ ਪਹੁੰਚ ਯਕੀਨੀ ਬਣਾਈ ਜਾਵੇਗੀ।

# ਮੇਅਰ ਕੁੰਦਨ ਗੋਗੀਆ ਨੇ ਨਗਰ ਨਿਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ



**ਪਟਿਆਲਾ, 29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਮੇਅਰ ਸ਼੍ਰੀ ਕੁੰਦਨ ਗੋਗੀਆ ਹਰ ਰੋਜ਼ ਦੀ ਤਰ੍ਹਾਂ ਨਗਰ ਨਿਗਮ ਦਫ਼ਤਰ ਵਿੱਚ ਨਿਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਦੇ ਤੁਰੰਤ ਹੱਲ ਕਰਨ ਦਾ ਯਕੀਨ ਦਵਾਇਆ। ਉਨ੍ਹਾਂ ਸਪੱਸ਼ਟ ਕੀਤਾ ਕਿ ਸ਼ਹਿਰ ਦੀਆਂ ਅਸਲ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਉਹਨਾਂ ਕਿਹਾ ਕਿ ਕਿਸੇ ਵੀ ਨਾਗਰਿਕ ਨੂੰ ਆਪਣੀ ਸਮੱਸਿਆ ਦਰਜ ਕਰਨ ਲਈ ਕਿਸੇ ਵਿਚੋਲਗਰੀ ਦੀ ਲੋੜ ਨਹੀਂ ਹੈ। ਲੋਕ ਸਿੱਧੇ ਦਫ਼ਤਰ ਆ ਕੇ ਆਪਣੀ ਗੱਲ ਰੱਖ ਸਕਦੇ ਹਨ।

ਇਸ ਦੌਰਾਨ ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਜਿਹੜੇ ਲੋਕ ਨਾਗਰਿਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਵਾਉਣ ਦੇ ਨਾਂ 'ਤੇ ਵਿਚੋਲਗਰੀ ਕਰਦੇ ਹਨ, ਉਨ੍ਹਾਂ ਦੇ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਮੇਅਰ ਨੇ ਕਿਹਾ ਕਿ ਸ਼ਹਿਰ ਵਾਸੀਆਂ ਨਾਲ ਕਿਸੇ ਵੀ ਤਰ੍ਹਾਂ ਦਾ ਧੋਖਾਧੜੀ ਜਾਂ ਪੈਸਾ ਲੈ ਕੇ ਕੰਮ ਕਰਵਾਉਣ ਦੀ ਕੋਸ਼ਿਸ਼ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਜ਼ੋਰ ਦਿੱਤਾ ਕਿ ਨਗਰ ਨਿਗਮ ਪਟਿਆਲਾ ਲੋਕਾਂ ਦੇ ਹਿੱਤ ਲਈ ਕੰਮ ਕਰਦਾ ਹੈ ਅਤੇ ਹਰ ਨਾਗਰਿਕ ਦਾ ਕੰਮ ਬਿਨਾਂ ਕਿਸੇ ਵਿਚੋਲੇ ਦੇ ਸਿੱਧੇ ਤੌਰ 'ਤੇ ਕੀਤਾ ਜਾਵੇਗਾ। ਮੇਅਰ ਨੇ ਅਧਿਕਾਰੀਆਂ ਨੂੰ ਵੀ ਨਿਰਦੇਸ਼ ਦਿੱਤੇ ਕਿ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਸੁਣ ਕੇ ਤੁਰੰਤ ਹੱਲ ਕੀਤਾ ਜਾਵੇ। ਸ਼ਹਿਰ ਵਾਸੀਆਂ ਨੇ ਮੇਅਰ ਗੋਗੀਆ ਦੇ ਇਸ ਫ਼ੈਸਲੇ ਦਾ ਸਵਾਗਤ ਕੀਤਾ ਹੈ ਅਤੇ ਕਿਹਾ ਕਿ ਇਸ ਨਾਲ ਪਾਰਦਰਸ਼ਤਾ ਵਧੇਗੀ ਅਤੇ ਲੋਕਾਂ ਨੂੰ ਬਿਨਾਂ ਕਿਸੇ ਮੁਸ਼ਕਲ ਦੇ ਸੁਵਿਧਾਵਾਂ ਮਿਲ ਸਕਣਗੀਆਂ।

# ਲੁਧਿਆਣਾ 'ਚ 1 ਤੋਂ 8 ਨਵੰਬਰ ਤੱਕ ਹੋਏਗੀ ਅਗਨੀਵੀਰ ਭਰਤੀ

**ਲੁਧਿਆਣਾ, 29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਧੀਕ ਡਿਪਟੀ ਕਮਿਸ਼ਨਰ ਰਾਕੇਸ਼ ਕੁਮਾਰ ਅਤੇ ਫੌਜ ਭਰਤੀ ਦਫਤਰ ਦੇ ਡਾਇਰੈਕਟਰ ਕਰਨਲ ਡੀ.ਪੀ. ਸਿੰਘ ਦੀ ਪ੍ਰਧਾਨਗੀ ਹੇਠ ਇੱਕ ਮੀਟਿੰਗ ਕੀਤੀ ਗਈ।

ਮੀਟਿੰਗ ਦੌਰਾਨ 1 ਨਵੰਬਰ ਤੋਂ 8 ਨਵੰਬਰ ਤੱਕ ਲੁਧਿਆਣਾ ਵਿੱਚ ਹੋਣ ਵਾਲੀ ਅਗਨੀਵੀਰ ਭਰਤੀ ਰੈਲੀ ਲਈ ਵਿਸਤ੍ਰਿਤ ਪ੍ਰਬੰਧਾਂ ਬਾਰੇ ਮੁੱਖ ਵਿਚਾਰ-



ਵਟਾਂਦਰਾ ਕੀਤਾ ਗਿਆ।

ਭਰਤੀ ਰੈਲੀ ਲਈ ਜ਼ਮੀਨ, ਸੁਰੱਖਿਆ, ਅੱਗ ਬੁਝਾਊ, ਆਵਾਜਾਈ, ਪੀਣ ਵਾਲਾ ਪਾਣੀ, ਸੀ.ਸੀ.ਟੀ.ਵੀ. ਕੈਮਰੇ, ਹੋਰ ਸਹੂਲਤਾਂ ਅਤੇ ਲੌਜਿਸਟਿਕਸ ਸਮੇਤ ਪ੍ਰਬੰਧਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।

ਏ.ਡੀ.ਸੀ. ਨੇ ਭਰਤੀ ਰੈਲੀ ਦੇ ਸਫਲ ਆਯੋਜਨ ਵਿੱਚ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

# ਕਾਨੂੰਨ ਵਿਵਸਥਾ ਦੇ ਹਾਲਾਤ ਉਤੇ ਤਿੱਖੀ ਨਜ਼ਰ ਰੱਖੋ: ਮੁੱਖ ਮੰਤਰੀ ਉੱਚ ਅਧਿਕਾਰੀਆਂ ਨੂੰ ਹਦਾਇਤ

**ਚੰਡੀਗੜ੍ਹ, 29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੁਲਿਸ ਕਮਿਸ਼ਨਰਾਂ (ਸੀ.ਪੀਜ਼) ਅਤੇ ਸੀਨੀਅਰ ਪੁਲਿਸ ਕਪਤਾਨਾਂ (ਐਸ.ਐਸ.ਪੀਜ਼) ਨੂੰ ਸੂਬੇ ਭਰ ਵਿੱਚ ਕਾਨੂੰਨ ਵਿਵਸਥਾ ਦੇ ਹਾਲਾਤ ਉਤੇ ਤਿੱਖੀ ਨਜ਼ਰ ਰੱਖਣ ਦੀ ਹਦਾਇਤ ਕੀਤੀ।

ਸੀ.ਪੀਜ਼ ਅਤੇ ਐਸ.ਐਸ.ਪੀਜ਼ ਨਾਲ ਵਰਚੂਅਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਆਖਿਆ ਕਿ ਹੜ੍ਹ ਪੀੜਤਾਂ ਦਾ ਸਮੇਂ ਸਿਰ ਮੁੜ-ਵਸੇਬਾ ਯਕੀਨੀ ਬਣਾਉਣ ਲਈ ਇਨ੍ਹਾਂ ਅਧਿਕਾਰੀਆਂ ਦੀ ਸਿਵਲ ਪ੍ਰਸ਼ਾਸਨ ਵਿੱਚ ਆਪਣੇ ਹਮਰੁਤਬਾ ਅਧਿਕਾਰੀਆਂ ਨਾਲ ਤਾਲਮੇਲ ਰੱਖਣ ਦੀ ਲੋੜ ਹੈ। ਉਨ੍ਹਾਂ ਜ਼ੋਰ ਦੇ ਕੇ ਆਖਿਆ ਕਿ ਹੜ੍ਹਾਂ ਦੌਰਾਨ ਅਸਲ ਨੁਕਸਾਨ ਝੱਲਣ ਵਾਲੇ ਪੀੜਤਾਂ ਨੂੰ ਜ਼ਰੂਰ ਮੁਆਵਜ਼ਾ ਮਿਲੇ। ਭਗਵੰਤ ਸਿੰਘ ਮਾਨ ਨੇ ਅਧਿਕਾਰੀਆਂ ਨੂੰ ਇਸ ਮੰਤਵ ਲਈ ਉਤਸ਼ਾਹ ਨਾਲ ਕੰਮ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਇਸ ਅਤਿ-ਜ਼ਰੂਰੀ ਟੀਚੇ ਦੀ ਪ੍ਰਾਪਤੀ ਲਈ ਸਿਵਲ ਤੇ ਪੁਲਿਸ ਪ੍ਰਸ਼ਾਸਨ ਵਿਚਾਲੇ ਸੁਚਾਰੂ ਤਾਲਮੇਲ ਦੀ ਲੋੜ ਹੈ।

ਮੁੱਖ ਮੰਤਰੀ ਨੇ ਪੀੜਤਾਂ ਤੱਕ ਲੋੜੀਂਦੀ ਸਹਾਇਤਾ ਪੁੱਜਣੀ ਯਕੀਨੀ ਬਣਾਉਣ ਲਈ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਦੀ ਭਰੋਸਾ ਬਹਾਲੀ ਦੇ ਕਦਮ ਚੁੱਕਣ ਦੀ ਵਕਾਲਤ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤਾ ਕਿ ਰਾਹਤ ਕਾਰਜ ਸੁਚਾਰੂ ਹੋਣ ਤਾਂ ਕਿ ਪੀੜਤਾਂ ਤੱਕ ਸਹਾਇਤਾ ਨਿਰਵਿਘਨ ਪੁੱਜੇ।

ਅਪਰਾਧ ਅਤੇ ਅਪਰਾਧਿਕ ਤੱਤਾਂ



ਨਾਲ ਬਿਲਕੁੱਲ ਲਿਹਾਜ਼ ਨਾ ਵਰਤਣ ਦੀ ਨੀਤੀ ਦੁਹਰਾਉਂਦਿਆਂ ਭਗਵੰਤ ਸਿੰਘ ਮਾਨ ਨੇ ਸੀ.ਪੀਜ਼ ਅਤੇ ਐਸ.ਐਸ.ਪੀਜ਼ ਨੂੰ ਪੰਜਾਬ ਭਰ ਵਿੱਚ ਕਾਨੂੰਨ ਵਿਵਸਥਾ ਬਰਕਰਾਰ ਰੱਖਣ ਦੀਆਂ ਕੋਸ਼ਿਸ਼ਾਂ ਤੇਜ਼ ਕਰਨ ਲਈ ਆਖਿਆ। ਹੜ੍ਹਾਂ ਦੌਰਾਨ ਪੰਜਾਬ ਪੁਲਿਸ ਦੀ ਭੂਮਿਕਾ ਦੀ ਸ਼ਲਾਘਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਫੋਰਸ ਦੇ ਲਾਮਿਸਾਲ ਯੋਗਦਾਨ ਨੂੰ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਨਾਲ ਯਾਦ ਕੀਤਾ ਜਾਵੇਗਾ। ਉਨ੍ਹਾਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਅਧੀਨ ਨਸ਼ਿਆਂ ਖ਼ਿਲਾਫ਼ ਤੇ ਗੈਂਗਸਟਰਾਂ ਵਿਰੁੱਧ ਸਖ਼ਤ ਕਾਰਵਾਈ ਲਈ ਪੰਜਾਬ ਪੁਲਿਸ ਨੂੰ ਸਰਾਹਿਆ। ਉਨ੍ਹਾਂ ਪੰਜਾਬ ਪੁਲਿਸ ਦੇ ਅਮੀਰ ਵਿਰਸੇ ਦੀ ਤਾਰੀਫ਼ ਕੀਤੀ ਅਤੇ ਭਰੋਸਾ ਪ੍ਰਗਟਾਇਆ ਕਿ ਪੁਲਿਸ ਹਰ ਹੀਲੇ ਪੰਜਾਬ ਦਾ ਅਮਨ, ਤਰੱਕੀ ਤੇ ਖ਼ੁਸ਼ਹਾਲੀ ਦੀ ਰਾਖੀ ਜਾਰੀ ਰੱਖੇਗੀ।

ਮੀਟਿੰਗ ਦੌਰਾਨ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਡੀ.ਜੀ.ਪੀ. ਗੌਰਵ ਯਾਦਵ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

# 861 ਥਾਂਵਾ ਤੇ ਮਿਲੇ ਲਾਰਵੇ ਨੂੰ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਮੌਕੇ ਤੇ ਹੀ ਨਸ਼ਟ ਕਰਵਾ ਦਿੱਤਾ ਗਿਆ



**ਪਟਿਆਲਾ, 29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵਲ ਸਰਜਨ ਡਾ.ਜਗਪਾਲਇੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡੇਂਗੂ ਤੋਂ ਬਚਾਅ ਲਈ ਹਰੇਕ ਸ਼ੁੱਕਰਵਾਰ ਮਨਾਏ ਜਾ ਰਹੇ ਡਰਾਈ-ਡੇਅ ਤਹਿਤ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਗਲੀ / ਮੁਹੱਲਿਆਂ ਵਿਚ ਘਰ ਘਰ ਜਾ ਕੇ ਪਾਣੀ ਦੇ ਖੜ ਸਰੋਤਾਂ ਦੀ ਚੈਕਿੰਗ ਕੀਤੀ ਗਈ। ਇਸ ਮੌਕੇ ਨਰਸਿੰਗ ਵਿਦਿਆਰਥਨਾਂ ਅਤੇ ਆਸ਼ਾ ਵਰਕਰਾਂ ਵੱਲੋਂ ਵੀ ਭਾਗ ਲਿਆ ਗਿਆ।

ਪਟਿਆਲੇ ਦੇ ਹੌਟ ਸਪੌਟ ਏਰੀਆਜ਼ ਲਾਹੌਰੀ ਗੇਟ, ਬਾਜਵਾ ਕਲੋਨੀ, ਭਰਤ ਕਲੋਨੀ, ਨਾਭਾ ਰੋਡ, ਸੂਲ੍ਹਰ, ਮਜੀਠੀਆ ਐਨਕਲੇਵ, ਸਫਾਬਾਦੀ ਗੇਟ ਜਾ ਕੇ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਜਿੱਥੇ ਮੌਕੇ ਉੱਤੇ ਮਿਲੇ ਲਾਰਵੇ ਨੂੰ ਨਸ਼ਟ ਕਰਵਾਇਆ ਗਿਆ ਉੱਥੇ ਹੀ ਲੋਕਾਂ ਨੂੰ ਡੇਂਗੂ ਤੇ ਚਿਕਨਗੁਣੀਆਂ ਵਰਗੀਆਂ ਬਿਮਾਰੀਆਂ ਬਾਰੇ ਜਾਗਰੂਕ ਵੀ ਕੀਤਾ ਗਿਆ। ਇਸ ਦੇ ਨਾਲ ਨਾਲ ਨਾਭਾ ਵਿਖੇ ਵੀ ਬੌੜਾਂ ਗੇਟ ਇਲਾਕੇ ਵਿੱਚ ਜਿੱਥੇ 8 ਡੇਂਗੂ ਕੇਸ ਰਿਪੋਰਟ ਹੋਏ ਹਨ ਉਥੇ ਐਸ.ਡੀ.ਐਮ ਨਾਭਾ ਡਾ.ਇਸਮਤ ਵਿਜੇ ਸਿੰਘ, ਐਸ.ਐਮ.ਓ ਨਾਭਾ ਡਾ.ਵੀਨੂ ਗੋਇਲ ਅਤੇ ਜਿਲ੍ਹਾ ਐਪੀਡੋਮੋਲੋਜਿਸਟ ਡਾ.ਸੁਮੀਤ ਸਿੰਘ ਵੱਲੋਂ ਮਿਊਸੀਪਲ ਕਮੇਟੀ ਨਾਭਾ ਅਤੇ ਸਿਹਤ ਵਿਭਾਗ ਦੇ ਸਟਾਫ ਸਮੇਤ ਪ੍ਰਭਾਵਿਤ ਇਲਾਕੇ ਦੇ ਘਰਾਂ ਤੱਕ ਪਹੁੰਚ ਕੀਤੀ ਅਤੇ ਲੋਕਾਂ ਨੂੰ ਸਮਝਾਇਆ ਕਿ ਬੰਦ ਪਏ ਕੂਲਰਾਂ ਵਿੱਚੋਂ ਪਾਣੀ ਕੱਢ ਦਿੱਤਾ ਜਾਵੇ ਅਤੇ ਪਾਣੀ ਦੇ ਡਰੰਮ ਆਦਿ ਜੇਕਰ ਭਰਨੇ ਹਨ ਤਾਂ ਹਫਤੇ ਵਿੱਚ ਇੱਕ ਵਾਰ ਜ਼ਰੂਰ ਖਾਲੀ ਕਰਕੇ ਸੁਕਾਏ ਜਾਣ। ਇਸ ਮੌਕੇ ਐਸ.ਡੀ.ਐਮ ਵੱਲੋਂ ਕਮੇਟੀ ਸਟਾਫ ਨੂੰ ਹਦਾਇਤ ਕੀਤੀ ਕਿ ਲਗਾਤਾਰ ਸਮਝਾਏ ਜਾਣ ਦੇ ਬਾਵਜੂਦ ਜਿਨਾਂ ਘਰਾਂ ਵਿੱਚੋਂ ਲਾਰਵਾ ਮਿਲ ਰਿਹਾ ਹੈ ਉਹਨਾਂ ਦੇ ਚਲਾਨ ਕੱਟੇ ਜਾਣ।

ਸਿਵਲ ਸਰਜਨ ਡਾ.ਜਗਪਾਲਇੰਦਰ ਸਿੰਘ 2/ ਆਖਿਆ ਕਿ ਪਟਿਆਲਾ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੇਂਗੂ ਦੇ ਇਲਾਜ ਸਬੰਧੀ ਪ੍ਰਬੰਧ ਮੁਕੰਮਲ ਹਨ ਅਤੇ ਲੋੜੀਂਦੀਆਂ ਹਰੇਕ ਤਰ੍ਹਾਂ ਦੀਆਂ ਦਵਾਈਆਂ ਮੌਜੂਦ ਹਨ ਤੇ ਸਾਰੇ ਇਲਾਕਿਆਂ ਵਿੱਚ ਸਿਹਤ ਵਿਭਾਗ ਦੀਆਂ ਟੀਮਾਂ ਪੂਰੀ ਚੌਕਸੀ ਨਾਲ ਕੰਮ ਕਰ ਰਹੀਆਂ ਹਨ। ਉਨ੍ਹਾਂ ਆਖਿਆ ਕਿ ਪਾਣੀ ਨੂੰ ਕਿਤੇ ਖੜ੍ਹਾ ਨਾ ਹੋਣ ਦਿੱਤਾ ਜਾਵੇ ਤੇ ਜੇ ਕਿਤੇ ਪਾਣੀ ਖੜ੍ਹਾ ਰਹਿ ਵੀ ਜਾਂਦਾ ਹੈ ਤਾਂ ਪਾਣੀ ਦੇ ਖੜ੍ਹੇ ਸਰੋਤਾਂ ਵਿੱਚ ਕਾਲਾ ਤੇਲ ਪਾ ਦਿੱਤਾ ਜਾਵੇ।

ਜੇ ਕਿਸੇ ਨੂੰ ਤੇਜ਼ ਬੁਖਾਰ, ਸਿਰਦਰਦ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ ਮਹਿਸੂਸ ਹੁੰਦਾ ਹੈ ਤੇ ਸਾਰੇ ਸ਼ਰੀਰ ਵਿੱਚ ਦਰਦ ਹੁੰਦਾ ਹੈ ਤਾਂ ਨਜ਼ਦੀਕੀ ਸਿਹਤ ਕੇਂਦਰ ਵਿੱਚ ਜਾ ਕੇ ਡੇਂਗੂ ਸਬੰਧੀ ਜਾਂਚ ਕਰਵਾਈ ਜਾਵੇ।

# ਭਲਵਾਨ ਅਤੇ ਗਰੇਵਾਲ ਨੇ ਬਲਤੇਜ ਸਿੰਘ ਪੰਨੂੰ ਨਾਲ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਸਬੰਧੀ ਕੀਤੀ ਮੁਲਾਕਾਤ



**ਪਟਿਆਲਾ, 29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਤਹਿਤ ਵੱਖ ਵੱਖ ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ,ਪਿੰਡਾਂ, ਕਸਬਿਆਂ ਵਿੱਚ ਜਾਂ ਕੇ ਨੌਜਵਾਨਾ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ ਦੇ ਸਬੰਧ ਵਿੱਚ ਵਿਸਥਾਰਪੂਰਵਕ ਜਾਣਕਾਰੀ ਦੇਣ ਲਈ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਬਰ ਨਸ਼ਾ ਮੁਕਤ ਭਾਰਤ ਅਭਿਆਨ,ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਅਤੇ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਬਲਤੇਜ ਸਿੰਘ ਪੰਨੂੰ ਮੀਡੀਆ ਸਲਾਹਕਾਰ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਅਤੇ ਮੁੱਖ ਸਪੋਕਸਮੈਨ ਨਸ਼ਾ ਮੁਕਤੀ ਮੋਰਚਾ ਪੰਜਾਬ ਨਾਲ ਮੁਲਾਕਾਤ ਕੀਤੀ ਅਤੇ ਉਹਨਾਂ ਨੂੰ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਇਸ ਮੌਕੇ ਸੰਬੋਧਨ ਕਰਦਿਆਂ ਬਲਤੇਜ ਸਿੰਘ ਪੰਨੂੰ ਮੀਡੀਆ ਸਲਾਹਕਾਰ ਮੁੱਖ ਮੰਤਰੀ ਪੰਜਾਬ ਅਤੇ ਮੁੱਖ ਸਪੋਕਸਮੈਨ ਨਸ਼ਾ ਮੁਕਤੀ ਮੋਰਚਾ ਪੰਜਾਬ
ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਾਨਯੋਗ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਵਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੰਜਾਬ ਦੇ ਵੱਖ ਵੱਖ ਪਿੰਡਾਂ ਦੇ ਸਰਪੰਚਾਂ, ਨੰਬਰਦਾਰਾ, ਐਮ ਸੀ,ਯੂਥ ਕਲੱਬਾਂ, ਧਾਰਮਿਕ ਸੰਸਥਾਵਾਂ, ਨੌਜਵਾਨਾ ਅਤੇ ਪਬਲਿਕ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤਾ ਜੌ ਉਹਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਜਾ ਸਕੇ। ਅਤੇ ਉਹਨਾਂ ਦੀ ਮਦਦ ਨਾਲ ਨਸ਼ਿਆਂ ਦੇ ਖ਼ਾਤਮੇ ਲਈ ਸਹਿਯੋਗ ਲਿਆ ਜਾ ਸਕੇ,ਉਹਨਾਂ ਕਿਹਾ ਕਿ ਨਸ਼ੇ ਸਾਡੇ ਸਮਾਜ ਨੂੰ ਘੁਣ ਵਾਂਗ ਖੋਖਲਾ ਕਰਦੇ ਜਾ ਰਹੇ ਹਨ ਅਤੇ ਨੌਜਵਾਨ ਪੀੜੀ ਇਸ ਨਸ਼ਿਆਂ ਦੀ ਦਲਦਲ ਵਿੱਚ ਫਸਦੀ ਜਾ ਰਹੀ ਹੈ ਇਸ ਲਈ ਨੌਜਵਾਨਾ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਨੌਜਵਾਨਾਂ ਅਤੇ ਪਬਲਿਕ ਦੇ ਸਹਿਯੋਗ ਦੀ ਲੋੜ ਹੈ ਅਤੇ ਸਾਨੂੰ ਸਾਰਿਆਂ ਨੂੰ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਅੱਗੇ ਆ ਕੇ ਪਹਿਲ ਕਰਨੀ ਚਾਹੀਦੀ ਹੈ। ਉਹਨਾਂ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਵੱਲੋ ਪਿੰਡਾਂ ਦੇ ਵਿੱਚ ਨਸ਼ਿਆਂ ਵਿਰੁੱਧ ਰੈਲੀਆਂ, ਨੁੱਕੜ ਨਾਟਕ, ਸੈਮੀਨਾਰ, ਵਿਚਾਰ ਚਰਚਾ ਆਦਿ ਲੜੀਵਾਰ ਕਰਵਾਏ ਜਾ ਰਹੇ ਪ੍ਰੋਗਰਾਮਾਂ ਦੌਰਾਨ ਭਰਪੂਰ ਸਹਿਯੋਗ ਦਿੱਤਾ ਜਾਵੇਗਾ। ਉਹਨਾਂ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਦੀ ਟੀਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹਨਾਂ ਵਲੋਂ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨਾ ਸ਼ਲਾਘਾਯੋਗ ਉਪਰਾਲਾ ਹੈ ਉਹਨਾਂ ਵਲੋਂ ਨਸ਼ਿਆਂ ਵਿਰੁੱਧ ਹਰ ਸੰਭਵ ਮਦਦ ਕੀਤੀ ਜਾਵੇਗੀ।

# ਮਾਤਾ ਪੁਸ਼ਪਾ ਜੀ ਨੇ 11 ਸਾਲਾਂ ਤੋਂ ਲੋੜਵੰਦ ਬੇਟੀਆਂ ਦੇ ਵਿਆਹ ਕਰਵਾਏ, ਗਊ ਸੇਵਾ ਨੂੰ ਜੀਵਨ ਦਾ ਸਭ ਤੋਂ ਵੱਡਾ ਪੁੰਨ ਦੱਸਿਆ



**ਲੁਧਿਆਣਾ, 29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਜ ਸੇਵਾ ਅਤੇ ਪਰਉਪਕਾਰ ਦੀ ਪ੍ਰੇਰਕ ਮਿਸਾਲ ਪੇਸ਼ ਕਰਦਿਆਂ ਮਾਤਾ ਪੁਸ਼ਪਾ ਜੀ ਪਿਛਲੇ 11 ਸਾਲਾਂ ਤੋਂ ਲੋੜਵੰਦ ਪਰਿਵਾਰਾਂ ਦੀਆਂ ਬੇਟੀਆਂ ਦੇ ਮੁਫ਼ਤ ਵਿਆਹ ਕਰਵਾ ਰਹੀਆਂ ਹਨ।

ਹੁਣ ਤੱਕ ਉਹ ਕਈ ਗਰੀਬ ਪਰਿਵਾਰਾਂ ਦੀਆਂ ਬੇਟੀਆਂ ਦੇ ਵਿਆਹ ਕਰਵਾ ਕੇ ਸਮਾਜ ਵਿੱਚ ਸਹਿਯੋਗ, ਕਰੁਣਾ ਅਤੇ ਜਾਗਰੂਕਤਾ ਦਾ ਸੁਨੇਹਾ ਦੇ ਰਹੀਆਂ ਹਨ।

ਵ੍ਰਿੰਦਾਵਨ ਵਿੱਚ ਆਯੋਜਿਤ ਇੱਕ ਖ਼ਾਸ ਸਮਾਗਮ ਦੌਰਾਨ ਭਗਤਾਂ ਅਤੇ ਸਮਾਜਸੇਵੀਆਂ ਨੂੰ ਸੰਬੋਧਨ ਕਰਦਿਆਂ ਵ੍ਰਿੰਦਾਵਨ ਨਿਵਾਸੀ ਕਿਸ਼ੋਰੀ ਜੀ ਨੇ ਕਿਹਾ, ਗੌ ਮਾਤਾ ਦੀ ਸੇਵਾ ਤੋਂ ਵੱਡਾ ਕੋਈ ਪੁੰਨ ਨਹੀਂ ਹੈ।

ਇਹ ਮੌਕਾ ਜੀਵਨ ਨੂੰ ਸਫਲ ਤੇ ਸਰਲ ਬਣਾਉਣ ਦਾ ਸਭ ਤੋਂ ਵਧੀਆ ਸਾਧਨ ਹੈ। ਸਾਨੂੰ ਉੱਚੇ ਵਿਚਾਰਾਂ ਨਾਲ ਨਿਸ਼ਕਾਮ ਭਾਵਨਾ ਨਾਲ ਗੌ ਸੇਵਾ ਕਰਨੀ ਚਾਹੀਦੀ ਹੈ।

ਇਸ ਮੌਕੇ ਮਾਤਾ ਪੁਸ਼ਪਾ ਜੀ ਨੇ ਸਭ ਨੂੰ ਗੌ ਸੰਰੱਖਣ ਅਤੇ ਸੇਵਾ ਕਾਰਜ ਵਿੱਚ ਸਰਗਰਮ ਭਾਗ ਲੈਣ ਲਈ ਅਪੀਲ ਕਰਦਿਆਂ ਕਿਹਾ ਕਿ ਵੱਧ ਤੋਂ ਵੱਧ ਲੋਕ ਆਪਣੀ ਸਮਰੱਥਾ ਅਨੁਸਾਰ ਗੌ ਸੇਵਾ ਵਿੱਚ ਯੋਗਦਾਨ ਪਾਉਣ। ਉਨ੍ਹਾਂ ਨੇ ਇਹ ਵੀ ਕਿਹਾ ਕਿ ਸਰਕਾਰ ਦਾ ਫਰਜ਼ ਹੈ ਕਿ ਉਹ ਗੌ ਸੰਰੱਖਣ ਲਈ ਲੋੜੀਂਦੇ ਕਦਮ ਚੁੱਕੇ ਅਤੇ ਇਸ ਦਿਸ਼ਾ ਵਿੱਚ ਪੱਕੇ ਯਤਨ ਕਰੇ।

ਸਮਾਰੋਹ ਵਿੱਚ ਮੌਜੂਦ ਸਮਾਜਸੇਵੀਆਂ ਨੇ ਗੌ ਸੇਵਾ ਨੂੰ ਜੀਵਨ ਦਾ ਮਹੱਤਵਪੂਰਨ ਹਿੱਸਾ ਮੰਨਦਿਆਂ ਇਸਨੂੰ ਹੋਰ ਵਿਆਪਕ ਬਣਾਉਣ ਦਾ ਸੰਕਲਪ ਕੀਤਾ। ਮਾਤਾ ਪੁਸ਼ਪਾ ਜੀ ਨੇ ਖ਼ਾਸ ਤੌਰ 'ਤੇ ਸਭ ਨੂੰ ਅਪੀਲ ਕੀਤੀ ਕਿ ਸਮਾਜ ਦਾ ਹਰ ਵਿਅਕਤੀ ਗਰੀਬ ਕੁੜੀਆਂ ਦੇ ਵਿਆਹ ਵਿੱਚ ਸਹਿਯੋਗ ਕਰੇ। ਉਨ੍ਹਾਂ ਕਿਹਾ, ਇਹ ਸੇਵਾ ਸਭ ਤੋਂ ਵੱਡੀ ਪੂੰਜੀ ਹੈ।

ਇਸ ਮੌਕੇ ਵ੍ਰਿੰਦਾਵਨ ਨਿਵਾਸੀ ਕਿਸ਼ੋਰੀ ਜੀ, ਡਾ. ਆਸਥਾ ਠੁਕਰਾਲ, ਕਨਹਿਆ ਠੁਕਰਾਲ, ਨਿਵੇਸ਼ ਵਾਸਨ, ਬਲਦੇਵ ਸ਼ਰਮਾ (ਭੋਲ੍ਹਾ), ਸਨੀ ਸਮੇਤ ਸਮਾਜ ਦੇ ਕਈ ਪ੍ਰਸਿੱਧ ਹਸਤੀਆਂ ਹਾਜ਼ਰ ਸਨ ਅਤੇ ਮਾਤਾ ਪੁਸ਼ਪਾ ਜੀ ਦੇ ਅਥਕ ਤੇ ਪ੍ਰੇਰਨਾਦਾਇਕ ਯਤਨਾਂ ਦੀ ਪ੍ਰਸ਼ੰਸਾ ਕੀਤੀ।

# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਮੈਸਰਜ਼ ਗਰੇਜ਼ ਆਈਲਟਸ ਇੰਸਟੀਚਿਊਟ, ਬੁਢਲਾਡਾ ਦਾ ਲਾਇਸੰਸ ਤੁਰੰਤ ਪ੍ਰਭਾਵ ਨਾਲ ਰੱਦ

**ਮਾਨਸਾ 29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਮੈਜਿਸਟ੍ਰੇਟ-ਕਮ-ਡਿਪਟੀ ਕਮਿਸ਼ਨਰ ਸ਼੍ਰੀਮਤੀ ਨਵਜੋਤ ਕੌਰ, IAS ਨੇ ਪੰਜਾਬ ਟਰੈਵਲ ਪ੍ਰੋਫੈਸ਼ਨਲਜ਼ ਰੈਗੂਲੇਸ਼ਨ ਐਕਟ-2012 ਦੇ ਸੈਕਸ਼ਨ 6(1)(✠) ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਤਹਿਤ ਹੁਕਮ ਜਾਰੀ ਕਰਦਿਆਂ ਮੈਸਰਜ਼ ਗਰੇਜ਼ ਆਈਲਟਸ ਇੰਸਟੀਚਿਊਟ, ਨੇੜੇ ਬੰਗਾਲੀ ਹਸਪਤਾਲ, ਸਿਨੇਮਾ ਰੋਡ, ਬੁਢਲਾਡਾ, ਜ਼ਿਲ੍ਹਾ ਮਾਨਸਾ ਦਾ ਲਾਇਸੰਸ ਨੰਬਰ 24/ਐਲ.ਪੀ.ਏ. ਮਿਤੀ 07.02.2020 ਤੁਰੰਤ ਪ੍ਰਭਾਵ ਨਾਲ ਰੱਦ ਕਰ ਦਿੱਤਾ ਹੈ।

ਹੁਕਮ ਵਿਚ ਕਿਹਾ ਗਿਆ ਹੈ ਕਿ ਪੰਜਾਬ ਟਰੈਵਲ ਪ੍ਰੋਫੈਸ਼ਨਲਜ਼ ਰੈਗੂਲੇਸ਼ਨ ਐਕਟ ਸ੍ਰੀ ਹਰਵਿੰਦਰ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਗੰਡੂ ਖੁਰਦ ਮਘਾਣੀਆਂ, ਤਹਿਸੀਲ



ਬੁਢਲਾਡਾ, ਜ਼ਿਲ੍ਹਾ ਮਾਨਸਾ ਨੂੰ ਮੈਸਰਜ਼ ਗਰੇਜ਼ ਆਈਲਟਸ ਇੰਸਟੀਚਿਊਟ, ਨੇੜੇ ਬੰਗਾਲੀ ਹਸਪਤਾਲ, ਸਿਨੇਮਾ ਰੋਡ, ਬੁਢਲਾਡਾ, ਜ਼ਿਲ੍ਹਾ ਮਾਨਸਾ ਨੂੰ ਲਾਇਸੰਸ ਨੰਬਰ 24/ਐਲ.ਪੀ.ਏ. ਮਿਤੀ 07.02.2020 ਜਾਰੀ ਕੀਤਾ ਗਿਆ ਸੀ।

ਇਹ ਲਾਇਸੰਸ 06.02.2025 ਤੱਕ ਨਵੀਨ ਸੀ। ਇਸ ਦਫ਼ਤਰ ਵੱਲੋਂ ਪ੍ਰਾਰਥੀ ਨੂੰ ਉਕਤ ਲਾਇਸੰਸ ਨਵੀਨ ਨਾ ਕਰਵਾਉਣ ਸਬੰਧੀ ਕਾਰਨ ਦੱਸੋ ਨੋਟਿਸ ਭੇਜਿਆ ਗਿਆ, ਜਿਸ ਦਾ ਜਵਾਬ ਪੇਸ਼ ਕਰਦੇ ਹੋਏ ਸ੍ਰੀ ਹਰਵਿੰਦਰ ਸਿੰਘ ਪੁੱਤਰ ਸ੍ਰੀ ਅਮਰੀਕ ਸਿੰਘ ਵੱਲੋਂ ਇਸ ਦਫ਼ਤਰ ਵਿਖੇ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਹੈ ਕਿ ਉਸ ਵੱਲੋਂ ਉਕਤ ਸੈਂਟਰ ਜਨਵਰੀ 2024 ਵਿਚ ਪੱਕੇ ਤੌਰ 'ਤੇ ਬੰਦ ਕਰ ਦਿੱਤਾ ਸੀ।
ਉਹ ਆਪਣਾ ਲਾਇਸੰਸ ਅੱਗੇ ਲਈ ਨਵੀਨ ਨਹੀਂ ਕਰਵਾਉਣਾ ਚਾਹੁੰਦਾ, ਜਿਸ ਕਰਕੇ ਉਸਦਾ ਲਾਇਸੰਸ ਰੱਦ ਕੀਤਾ ਜਾਵੇ।

ਹੁਕਮ ਵਿਚ ਕਿਹਾ ਗਿਆ ਹੈ ਕਿ ਐਕਟ/ਰੂਲਜ਼ ਮੁਤਾਬਿਕ ਕਿਸੇ ਵੀ ਕਿਸਮ ਦੀ ਇਸ ਦੇ ਖੁਦ ਜਾਂ ਇਸ ਦੀ ਫਰਮ ਦੇ ਖਿਲਾਫ ਕੋਈ ਵੀ ਸ਼ਿਕਾਇਤ ਆਦਿ ਲਈ ਭਰਪਾਈ ਕਰਨ ਸ੍ਰੀ ਹਰਵਿੰਦਰ ਸਿੰਘ ਪੁੱਤਰ ਸ੍ਰੀ ਅਮਰੀਕ ਸਿੰਘ ਖੁੱਦ ਜਿੰਮੇਵਾਰ ਹੋਣਗੇ।

# ਥਾਪਰ ਕਾਲਜ ਦੇ ਨਾਲ ਲੱਗਦੀ ਸੜਕ ਦਾ ਮੇਅਰ ਨੇ ਕੀਤਾ ਉਦਘਾਟਨ

## ਵਸਨੀਕਾਂ ਨੂੰ ਸੁਵਿਧਾਵਾਂ ਦੇਣਾ ਉਨ੍ਹਾਂ ਦੀ ਸਭ ਤੋਂ ਵੱਡੀ ਤਰਜੀਹ ਹੈ:ਮੇਅਰ ਕੁੰਦਨ ਗੋਗੀਆ

**ਪਟਿਆਲਾ, 29 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਨਿਗਮ ਹੱਦਾਂ ਵਿੱਚ ਸੜਕਾਂ ਦੀ ਵਿਕਾਸ ਯਾਤਰਾ ਨੂੰ ਹੋਰ ਤੇਜ਼ ਕਰਦੇ ਹੋਏ ਅੱਜ ਮੇਅਰ ਕੁੰਦਨ ਗੋਗੀਆ ਵਲੋਂ ਥਾਪਰ ਕਾਲਜ ਦੇ ਨਾਲ ਲੱਗਦੀ ਸੜਕ, ਜੋ ਆਦਰਸ਼ ਕਲੋਨੀ ਵੱਲ ਜਾਂਦੀ ਹੈ, ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਿੰਦਰ ਕੋਹਲੀ ਸੀਨੀਅਰ ਡਿਪਟੀ ਮੇਅਰ, ਐਡਵੋਕੇਟ ਰਾਹੁਲ ਸੈਣੀ, ਜਸਬੀਰ ਸਿੰਘ ਗਾਂਧੀ ਐਮ.ਸੀ. ਵਾਰਡ ਨੰਬਰ 6, ਕੇਵਲ ਬਾਵਾ, ਦਰਸ਼ਨ ਕੌਰ, ਮਨਦੀਪ ਸਿੰਘ ਐਮ.ਸੀ., ਚਰਨਜੀਤ ਸਿੰਘ, ਨਿਸ਼ਾਂਤ ਅਤੇ ਹੋਰ ਇਲਾਕਾ ਨਿਵਾਸੀ ਮੌਜੂਦ ਸਨ.

ਇਸ ਮੌਕੇ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਨਿਗਮ ਖੇਤਰ ਵਿੱਚ



ਰਹਿਣ ਵਾਲੇ ਵਸਨੀਕਾਂ ਨੂੰ ਸੁਵਿਧਾਵਾਂ ਦੇਣਾ ਉਨ੍ਹਾਂ ਦੀ ਸਭ ਤੋਂ ਵੱਡੀ ਤਰਜੀਹ ਹੈ। ਉਹਨਾਂ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਨਾ ਸਿਰਫ਼ ਥਾਪਰ ਕਾਲਜ ਦੇ ਵਿਦਿਆਰਥੀਆਂ ਅਤੇ ਸਟਾਫ ਨੂੰ ਲਾਭ ਮਿਲੇਗਾ, ਸਗੋਂ ਆਦਰਸ਼ ਕਲੋਨੀ, ਨੇੜਲੇ ਪਿੰਡਾਂ ਅਤੇ ਹੋਰ ਇਲਾਕਿਆਂ ਦੇ ਲੋਕਾਂ ਨੂੰ ਵੀ ਸਫ਼ਰ ਕਰਨ ਵਿੱਚ ਸੁਵਿਧਾ ਮਿਲੇਗੀ। ਮੇਅਰ ਸਾਹਿਬ ਨੇ ਕਿਹਾ ਕਿ ਆਦਰਸ਼ ਕਲੋਨੀ ਅਤੇ ਨੇੜਲੇ ਇਲਾਕਿਆਂ ਦੇ ਵਸਨੀਕਾਂ ਦੀ ਲੰਮੇ ਸਮੇਂ ਤੋਂ ਇਹ ਮੰਗ ਸੀ ਕਿ ਸੜਕ ਨੂੰ ਪੱਕਾ ਕਰਕੇ ਆਵਾਜਾਈ ਲਈ ਸੌਖਾ ਬਣਾਇਆ ਜਾਵੇ।

ਸੜਕ ਦੇ ਬਣਨ ਨਾਲ ਨਾ ਸਿਰਫ਼ ਟ੍ਰੈਫ਼ਿਕ ਜਾਮ ਦੀ ਸਮੱਸਿਆ ਘੱਟ ਹੋਵੇਗੀ, ਸਗੋਂ ਲੋਕਾਂ ਨੂੰ ਸਾਫ਼-ਸੁਥਰੀ ਤੇ ਸੁਗਮ ਸੜਕ ਮਿਲੇਗੀ। ਉਨ੍ਹਾਂ ਨੇ ਨਿਗਮ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੜਕਾਂ ਦੀ ਗੁਣਵੱਤਾ ਉੱਚ ਪੱਧਰ ਦੀ ਹੋਵੇ ਅਤੇ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਸੜਕ ਦੇ ਉਦਘਾਟਨ ਸਮੇਂ ਇਲਾਕੇ ਦੇ ਵੱਡੀ ਗਿਣਤੀ ਵਿੱਚ ਵਸਨੀਕ ਮੌਜੂਦ ਸਨ, ਜਿਨ੍ਹਾਂ ਨੇ ਮੇਅਰ ਗੋਗੀਆ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਸੜਕ ਬਣਨ ਨਾਲ ਉਨ੍ਹਾਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੁਸ਼ਕਲ ਦਾ ਹੱਲ ਹੋ ਗਿਆ ਹੈ।

# ਕੁਲਦੀਪ ਧਾਲੀਵਾਲ ਦਾ ਸੁਖਬੀਰ ਬਾਦਲ ’ਤੇ ਵੱਡਾ ਹਮਲਾ, ਕਿਹਾ-ਸੱਤਾ ’ਚ ਆਉਣ ਦੇ ਸੁਫ਼ਨੇ ਲੈਣੇ ਛੱਡ ਦੇਣ

**ਕੌਮੀ ਪਤ੍ਰਿਕਾ**

ਜਲੰਧਰ/ਚੰਡੀਗੜ੍ਹ 29 ਸਤੰਬਰ। ਅਜਨਾਲਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਸੁਖਬੀਰ ਸਿੰਘ ਬਾਦਲ ’ਤੇ ਵੱਡਾ ਹਮਲਾ ਬੋਲਿਆ ਹੈ।



ਚੰਡੀਗੜ੍ਹ ਵਿਖੇ ਪ੍ਰੈੱਸ ਕਾਨਫ਼ਰੰਸ ਕਰਦੇ ਹੋਏ ਧਾਲੀਵਾਲ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦਾ ਪੁਲਸ ਅਫ਼ਸਰ ਨੂੰ ਲੈ ਕੇ ਦਿੱਤਾ ਬਿਆਨ ਕਾਫ਼ੀ ਨਿੰਦਣਯੋਗ ਹੈ। ਸੁਖਬੀਰ ਦੀਆਂ ਗਲਤੀਆਂ ਨੂੰ ਵੇਖਦੇ ਹੋਏ ਪੰਜਾਬ ਦੇ ਲੋਕ ਕਦੇ ਵੀ ਇਨ੍ਹਾਂ ਨੂੰ ਮੁੜ ਕੇ ਸੱਤਾ ਵਿਚ ਨਹੀਂ ਲਿਆਉਣਗੇ। ਉਨ੍ਹਾਂ ਕਿਹਾ ਕਿ ਜਦੋਂ ਇਹ ਖ਼ੁਦ ਸੱਤਾ ‘ਚ ਹੁੰਦੇ ਹਨ, ਫ਼?ਰ ਪੰਜਾਬ ਪੁਲਸ ਚੰਗੀ ਹੋ ਜਾਂਦੀ ਹੈ, ਹੁਣ ਜਦੋਂ ਸੱਤਾ ਤੋਂ ਬਾਹਰ ਹਨ ਤਾਂ ਫ਼?ਰ ਇਨ੍ਹਾਂ ਨੂੰ ਪੁਲਸ ਮਾੜੀ ਲੱਗਦੀ ਹੈ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਪੰਜਾਬ ਦੀ ਸੱਤਾ ‘ਚ ਆਉਣ ਦੇ ਸੁਫ਼ਨੇ ਲੈਣੇ ਛੱਡ ਦੇਣ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਬੀਤੇ ਦਿਨ ਇਕ ਪੁਲਸ ਅਧਿਕਾਰੀ ਨੂੰ ਬੜੇ ਦਬਕੇ ਮਾਰੇ ਅਤੇ ਧਮਕੀਆਂ ਦਿੱਤੀਆਂ। ਸੁਖਬੀਰ ਨੇ ਕਿਹਾ ਕਿ ਮੈਂ ਡਾਇਰੀ ਵਿਚ ਨਾਂ ਲਿਖ ਲਿਆ ਅਤੇ ਇਸ ਦੇ ਨਾਲ ਹੀ ਉਨ੍ਹਾਂ ਇਹ ਵੀ ਕਿਹਾ ਕਿ ਤੂੰ ਆਪਣਾ ਪਾਸਪੋਰਟ ਬਣਾ ਲੈ, ਜਦੋਂ ਸਾਡੀ ਸਰਕਾਰ ਆਵੇਗੀ ਫਿਰ ਅਸੀਂ ਤੇਰੇ ਨਾਲ ਨਜਿੱਠਾਂਗੇ। ਉਨ੍ਹਾਂ ਕਿਹਾ ਕਿ ਮੈਨੂੰ ਲੱਗਦਾ ਹੈ ਕਿ ਸੁਖਬੀਰ ਸਿੰਘ ਬਾਦਲ ਅਜੇ ਵੀ ਨੀਂਦ ਵਿਚ ਚੱਲ ਰਹੇ ਹਨ ਅਤੇ ਸੱਤਾ ਵਿਚ ਆਉਣ ਦੇ ਸੁਫ਼ਨੇ ਲੈ ਰਹੇ ਹਨ। ਅਜੇ ਵੀ ਉਨ੍ਹਾਂ ਨੂੰ ਇਹੀ ਲੱਗਦਾ ਹੈ ਕਿ ਉਨ੍ਹਾਂ ਦੀ ਸਰਕਾਰ ਸੱਤਾ ਵਿਚ ਆਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਨੇ ਅਕਾਲੀ ਦਲ ਦਾ ਕੰਮ ਨਿਬੇੜ ਦਿੱਤਾ ਹੈ। ਅਕਾਲੀ ਦਲ ਨੇ ਪਿਛਲੇ 10 ਸਾਲਾਂ ਦੇ ਰਾਜ ਵਿਚ ਜਿੰਨੀਆਂ ਮਹਾਨ ਗਲਤੀਆਂ ਕੀਤੀਆਂ ਹਨ, ਉਸੇ ਕਰਕੇ ਹੀ ਪੰਜਾਬ ਦੇ ਲੋਕਾਂ ਨੇ ਉਨ੍ਹਾਂ ਨੂੰ ਸੱਤਾ ਤੋਂ ਬਾਹਰ ਕੀਤਾ ਹੈ। ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਇਹ ਸਮਝਦੇ ਹਨ ਕਿ ਜਿਵੇਂ ਇਨ੍ਹਾਂ ਦੀ ਸਰਕਾਰ ਵੇਲੇ ਹੁਕਮ ਚੱਲਦੇ ਹਨ, ਉਸੇ ਤਰ੍ਹਾਂ ਹੀ ਹੁਣ ਵੀ ਉਨ੍ਹਾਂ ਦੇ ਹੁਕਮ ਚੱਲਣ ਪਰ ਸੁਖਬੀਰ ਸਿੰਘ ਬਾਦਲ ਨੂੰ ਸੱਤਾ ‘ਚ ਆਉਣ ਦੇ ਸੁਫ਼ਨੇ ਲੈਣੇ ਛੱਡ ਦੇਣੇ ਚਾਹੀਦੇ ਹਨ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਬੀਤੇ ਦਿਨ ਨਾਭਾ ਜੇਲ੍ਹ ਵਿੱਚ ਬੰਦ ਬਿਕਰਮ ਸਿੰਘ ਮਜੀਠੀਆ ਨਾਲ ਮੁਲਾਕਾਤ ਕੀਤੀ ਸੀ। ਮੀਡੀਆ ਨਾਲ ਗੱਲਬਾਤ ਕਰਦਿਆਂ ਸੁਖਬੀਰ ਨੇ ਆਮ ਆਦਮੀ ਪਾਰਟੀ ’ਤੇ ਉਨ੍ਹਾਂ ਨੂੰ ਝੂਠੇ ਕੇਸ ਵਿੱਚ ਫਸਾਉਣ ਦਾ ਦੋਸ਼ ਲਗਾਇਆ ਸੀ। ਉਨ੍ਹਾਂ ਪਟਿਆਲਾ ਦੇ ਐੱਸ. ਐੱਸ. ਪੀ. ਵਰੁਣ ਸ਼ਰਮਾ ਨੂੰ ਚਿਤਾਵਨੀ ਦਿੱਤੀ ਸੀ। ਸੁਖਬੀਰ ਕਿਹਾ ਸੀ ਕਿ ਜਿਹੜੇ ਲੋਕ ਇਹ ਦੋ ਮਾਪਦੰਡ ਤੈਅ ਕਰ ਰਹੇ ਹਨ, ਉਨ੍ਹਾਂ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਸਿਰਫ਼ ਡੇਢ ਸਾਲ ਬਾਕੀ ਹੈ। ਮੈਂ ਵਰੁਣ ਸ਼ਰਮਾ ਨੂੰ ਦੱਸਣਾ ਚਾਹੁੰਦਾ ਹਾਂ ਅੱਜ ਪਟਿਆਲਾ ਦਾ ਐੱਸ. ਐੱਸ. ਪੀ. ਆਮ ਆਦਮੀ ਪਾਰਟੀ ਦਾ ਪੁੱਤਰ ਬਣ ਗਿਆ ਹੈ।

## ਹੜ੍ਹਾਂ ਦੀ ਤਬਾਹੀ ਨੂੰ ਲੈ ਕੇ ਵਿਧਾਨ ਸਭਾ ’ਚ ਲਾਲਜੀਤ ਸਿੰਘ ਭੁੱਲਰ ਦੀ ਵੱਡੀ ਅਪੀਲ

ਚੰਡੀਗੜ੍ਹ 29 ਸਤੰਬਰ। ਪੰਜਾਬ ਵਿਧਾਨ ਸਭਾ ’ਚ ਹੜ੍ਹਾਂ ਦੇ ਮੁੱਦੇ ਬਾਰੇ ਬੋਲਦਿਆਂ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਪੂਰੇ ਪੰਜਾਬ ਸਣੇ ਵਿਧਾਨ ਸਭਾ ਪੱਟੀ ’ਚ ਹੜ੍ਹਾਂ ਨੇ ਵੱਡੀ ਮਾਰ ਮਾਰੀ ਹੈ ਅਤੇ ਇਸ ਨਾਲ ਕਿਸਾਨਾਂ ਦਾ ਬੁਰਾ ਹਾਲ ਹੈ। ਉਨ੍ਹਾਂ ਕਿਹਾ ਕਿ ਜਿੱਥੇ ਫ਼ਸਲਾਂ ਦਾ ਵੱਡਾ ਨੁਕਸਾਨ ਹੋਇਆ, ਉੱਥੇ ਹੀ ਜੀਆਂ ਦਾ ਵੀ ਬਹੁਤ ਨੁਕਸਾਨ ਹੋਇਆ ਹੈ, ਜਿਸ ਦੀ ਭਰਪਾਈ ਨਹੀਂ ਕੀਤੀ ਜਾ ਸਕਦੀ। ਮੰਤਰੀ ਭੁੱਲਰ ਨੇ ਕਿਹਾ ਕਿ ਇੰਨੇ ਜ਼ਿਆਦਾ ਬੁਰੇ ਹਾਲਾਤ ’ਚ ਸਾਡੇ ਸਾਥੀ ਮੈਂਬਰ ਕਹਿ ਰਹੇ ਹਨ ਕਿ ਕੋਈ ਵੀ ਪੰਜਾਬ ਲਈ ਪੈਸਾ ਨਾ ਦੇਵੇ। ਉਨ੍ਹਾਂ ਕਿਹਾ ਕਿ ਅਸੀਂ ਤ੍ਰਾਸਦੀ ਵੇਲੇ ਲੋਕਾਂ ’ਚ ਗਏ ਅਤੇ ਉਨ੍ਹਾਂ ਦਾ ਦੁੱਖ ਵੰਡਾਇਆ ਤਾਂ ਲੋਕਾਂ ਨੂੰ ਹੌਂਸਲਾ ਹੀ ਬਹੁਤ ਹੋ ਗਿਆ। ਸਾਡੇ ਸਾਰੇ ਵਿਧਾਇਕ ਅਤੇ ਮੰਤਰੀ ਲੋਕਾਂ ਦੀ ਸੇਵਾ ’ਚ ਲੱਗੇ ਹੋਏ ਸਨ। ਆਮ ਆਦਮੀ ਪਾਰਟੀ ਦੀ ਸਾਰੀ ਲੀਡਰਸ਼ਿਪ ਦਿਨ-ਰਾਤ ਲੋਕਾਂ ਦੀ ਸੇਵਾ ’ਚ ਜੁੱਟੀ ਰਹੀ। ਉਨ੍ਹਾਂ ਕਿਹਾ ਕਿ ਪ੍ਰਤਾਪ ਸਿੰਘ ਬਾਜਵਾ ਹਰ ਕੰਮ ਦਾ ਵਿਰੋਧ ਕਰਦੇ ਹਨ, ਜੋ ਸਹੀ ਨਹੀਂ ਹੈ। ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਕਈ ਪਿੰਡਾਂ ’ਚ ਲੋਕਾਂ ਦੇ ਘਰ ਢਹਿ ਗਏ ਅਤੇ ਕੁੱਝ ਢਹਿਣ ਵਾਲੇ ਹਨ। ਉਨ੍ਹਾਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਸਾਰਿਆਂ ਨੂੰ ਇਕਮੁੱਠ ਹੋ ਕੇ ਕੇਂਦਰ ਕੋਲ ਮੰਗ ਚੁੱਕਣੀ ਚਾਹੀਦੀ ਹੈ ਕਿ 1600 ਕਰੋੜ ਨਾਲ ਕੁੱਝ ਨਹੀਂ ਬਣਨਾ, ਘੱਟੋ-ਘੱਟ 20 ਹਜ਼ਾਰ ਕਰੋੜ ਰੁਪਏ ਦਾ ਪੈਕਜ ਦਿੱਤਾ ਜਾਵੇ, ਜਿਹਦੇ ਨਾਲ ਪੰਜਾਬ ਥੋੜ੍ਹਾ ਤਾਂ ਪੈਰਾ ’ਤੇ ਖੜ੍ਹਾ ਹੋਵੇਗਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਅਫ਼ਗਾਨਿਸਾਨ ਨਾਲੋਂ ਵੀ ਪੰਜਾਬ ਨੂੰ ਨੀਵਾਂ ਸਮਝਦੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਨੂੰ ਖੁੱਲ੍ਹ ਦਿਲੀ ਨਾਲ ਪੰਜਾਬ ਨੂੰ ਪੈਕਜ ਦੇਣਾ ਚਾਹੀਦਾ ਹੈ।

## ਗੈਸ ਸਿਲੰਡਰ ਫਟਣ ਨਾਲ ਜ਼ੋਰਦਾਰ ਧਮਾਕਾ, ਅੱਗ ਲੱਗਣ ਕਾਰਨ ਬੇਰਹਿਮੀ ਨਾਲ ਝੁਲਸੇ 7 ਲੋਕ

ਮੁੰਬਈ 29 ਸਤੰਬਰ। ਮੁੰਬਈ ਵਿੱਚ ਬੁੱਧਵਾਰ ਸਵੇਰੇ ਇੱਕ ਦੁਕਾਨ ਵਿੱਚ ਗੈਸ ਸਿਲੰਡਰ ਫੱਟ ਜਾਣ ਤੋਂ ਬਾਅਦ ਜ਼ੋਰਦਾਰ ਧਮਾਕਾ ਹੋਣ ਦੀ ਸੂਚਨਾ ਮਿਲੀ। ਇਸ ਘਟਨਾ ਦੀ ਜਾਣਕਾਰੀ ਸਥਾਨਕ ਨਗਰ ਨਿਗਮ ਦੇ ਅਧਿਕਾਰੀਆਂ ਵਲੋਂ ਦਿੱਤੀ ਗਈ ਹੈ। ਇਸ ਧਮਾਕੇ ਕਾਰਨ ਅੱਗ ਲੱਗਣ ਨਾਲ ਛੇ ਔਰਤਾਂ ਅਤੇ ਇੱਕ ਆਦਮੀ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ। ਇਸ ਹਾਦੇਸ ਕਾਰਨ ਤਿੰਨ ਲੋਕ ਲਗਭਗ 90 ਫ਼ੀਸਦੀ ਸੜ ਗਏ, ਜਿਹਨਾਂ ਦੀ ਹਾਲਤ ਬਹੁਤ ਗੰਭੀਰ ਦੱਸੀ ਜਾ ਰਹੀ ਹੈ। ਕਾਂਦੀਵਾਲੀ (ਪੂਰਬ) ਦੇ ਮਿਲਟਰੀ ਰੋਡ ’ਤੇ ਅਕੁਰਲੀ ਮੇਨਟੇਨੈਂਸ ਚੌਂਕੀ ਨੇੜੇ ਰਾਮ ਕਿਸਾਨ ਮਿਸਤਰੀ ਚਾਵਲ ਦੀ ਇੱਕ ਦੁਕਾਨ ਵਿੱਚ ਸਵੇਰੇ 9.05 ਵਜੇ ਧਮਾਕਾ ਹੋਇਆ, ਜਿਸ ਨਾਲ ਦੁਕਾਨ ਨੂੰ ਅੱਗ ਲੱਗ ਗਈ। ਇਸ ਘਟਨਾ ਦੀ ਜਾਣਕਾਰੀ ਦਿੰਦੇ ਹੋਏ ਨਗਰ ਨਿਗਮ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਅੱਗ ਇੱਕ ਸਿੰਗਲ-ਮੰਜ਼ਿਲਾ ਦੁਕਾਨ ਵਿੱਚ ਬਿਜਲੀ ਦੀਆਂ ਤਾਰਾਂ, ਖਾਣ-ਪੀਣ ਦੀਆਂ ਚੀਜ਼ਾਂ, ਐਲਪੀਜੀ ਸਿਲੰਡਰਾਂ ਅਤੇ ਗੈਸ ਸਟੋਵ ਤੱਕ ਹੀ ਸੀਮਤ ਸੀ। ਇਸ ਹਾਦਸੇ ਕਾਰਨ 7 ਲੋਕ ਜ਼ਖ਼ਮੀ ਹੋ ਗਏ। ਫਾਇਰ ਬ੍ਰਿਗੇਡ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਅੱਗ ਗੈਸ ਸਿਲੰਡਰ ਦੇ ਫਟਣ ਕਾਰਨ ਲੱਗੀ ਹੈ। ਬੀਡੀਬੀਏ ਹਸਪਤਾਲ ਵਿੱਚ ਦਾਖਲ ਕਰਵਾਏ ਗਏ ਲੋਕਾਂ ਵਿੱਚ ਰਕਸ਼ਾ ਜੋਸ਼ੀ (47) ਅਤੇ ਦੁਰਗਾ ਗੁਪਤਾ (30) ਸ਼ਾਮਲ ਹਨ, ਜੋ 85 ਤੋਂ 90 ਫ਼ੀਸਦੀ ਸੜ ਗਈਆਂ ਸਨ। ਇਸ ਘਟਨਾ ਵਿੱਚ ਪੂਨਮ (28) ਵੀ 90 ਫ਼ੀਸਦੀ ਸੜ ਗਈ ਸੀ। ਨਗਰ ਨਿਗਮ ਦੇ ਅਧਿਕਾਰੀਆਂ ਅਨੁਸਾਰ ਉਨ੍ਹਾਂ ਨੂੰ ਬਾਅਦ ਵਿੱਚ ਹੋਰ ਇਲਾਜ ਲਈ ਕਸਤੂਰਬਾ ਹਸਪਤਾਲ ਭੇਜ ਦਿੱਤਾ ਗਿਆ। ਈਐਸਆਈਸੀ ਹਸਪਤਾਲ ਵਿੱਚ ਦਾਖਲ ਹੋਰ ਜ਼ਖਮੀਆਂ ਦੀ ਪਛਾਣ ਨੀਤੂ ਗੁਪਤਾ (31) ਵਜੋਂ ਹੋਈ ਹੈ, ਜੋ 80 ਫ਼ੀਸਦੀ ਸੜ ਗਈ, ਜਾਨਕੀ ਗੁਪਤਾ (39) ਅਤੇ ਸ਼ਿਵਾਨੀ ਗਾਂਧੀ (51), ਦੋਵੇਂ 70 ਫ਼ੀਸਦੀ ਸੜ ਗਈਆਂ ਅਤੇ ਮਨਾਰਾਮ ਕੁਮਕਤ (55) 40 ਫ਼ੀਸਦੀ ਸੜੇ ਹਨ। ਇੱਕ ਅਧਿਕਾਰੀ ਨੇ ਦੱਸਿਆ ਕਿ ਚਾਰ ਫਾਇਰ ਇੰਜਣ ਅਤੇ ਹੋਰ ਅੱਗ ਬੁਝਾਊ ਗੱਡੀਆਂ ਮੌਕੇ ’ਤੇ ਪਹੁੰਚੀਆਂ ਅਤੇ ਸਵੇਰੇ 9.33 ਵਜੇ ਤੱਕ ਅੱਗ ’ਤੇ ਕਾਬੂ ਪਾ ਲਿਆ ਗਿਆ।

## ਸਿਹਤ ਵਿਭਾਗ ਵੱਲੋਂ ਹਰ ਸ਼ੁਕਰਵਾਰ ਡੇਂਗੂ ’ਤੇ ਵਾਰ ਮੁਹਿੰਮ ਤਹਿਤ ਜਾਗਰੂਕਤਾ ਜਾਰੀ

ਰਾਮਪੁਰਾ ਫੂਲ 29 ਸਤੰਬਰ। ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਬਠਿੰਡਾ ਡਾਕਟਰ ਤਪਿੰਦਰਜੋਤ ਕੌਂਸਲ, ਜ਼ਿਲ੍ਹਾ ਸਿਹਤ ਅਫਸਰ ਡਾਕਟਰ ਊਸ਼ਾ ਗੋਇਲ, ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਸੁਕਰੀਤੀ ਸ਼ਰਮਾ ਅਤੇ ਸੀਨੀਅਰ ਮੈਡੀਕਲ ਅਫ਼ਸਰ ਭਗਤਾ ਭਾਈਕਾ ਡਾਕਟਰ ਸੀਮਾ ਗੁਪਤਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਪਿੰਡ ਢਿਪਾਲੀ ਵਿਖੇ ਮੱਛਰਾਂ ਦੀ ਪੈਦਾਵਾਰ ਨੂੰ ਰੋਕਣ ਲਈ ਜਾਗਰੂਕ ਕੀਤਾ ਗਿਆ। ਇਸ ਮੌਕੇ ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ ਬਲਬੀਰ ਸਿੰਘ ਸੰਧੂ ਕਲਾਂ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਟੀਮਾਂ ਬਣਾ ਕੇ ਢਿਪਾਲੀ ਵਿਖੇ ਘਰਾਂ ਅਤੇ ਜਨਤਕ ਥਾਵਾਂ ਦੀ ਵਿਜ਼ਿਟ ਕਰ ਕੇ ਮੱਛਰਾਂ ਦੀ ਪੈਦਾਇਸ਼ ਵਾਲੀਆਂ ਥਾਵਾਂ ਦੀ ਸ਼ਨਾਖਤ ਕਰ ਕੇ ਮੱਛਰਾਂ ਦੇ ਪਨਪਣ ਦੇ ਆਸਾਰ ਵਾਲੀਆਂ ਥਾਵਾਂ ਦੀ ਮੌਕੇ ’ਤੇ ਸਫਾਈ ਕਰਵਾਈ ਜਾ ਰਹੀ ਹੈ ਤਾਂ ਜੋ ਸਮਾਜ ਨੂੰ ਡੇਂਗੂ, ਮਲੇਰੀਆ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਆਪੋ-ਆਪਣੇ ਘਰਾਂ ਅਤੇ ਘਰਾਂ ਦੇ ਆਲੇ-ਦੁਆਲੇ ਸਫ਼ਾਈ ਰੱਖਣ ਲਈ ਵੀ ਜਾਗਰੂਕ ਕੀਤਾ ਜਾ ਰਿਹਾ। ਇਸ ਮੌਕੇ ਮਲਟੀਪਰਪਜ ਹੈਲਥ ਵਰਕਰਜ਼ ਬਲਦੇਵ ਸਿੰਘ, ਵਿਨੋਦ ਕੁਮਾਰ, ਹਰਮਲ ਸਿੰਘ, ਕਰਮਜੀਤ ਕੌਰ, ਅਮਨਦੀਪ ਕੌਰ, ਸਮਾਜ ਸੇਵੀ ਡਾਕਟਰ ਸੁਖਪਾਲ ਸਿੰਘ ਭੁੱਲਰ, ਵੀਰਪਾਲ ਕੌਰ ਆਸਾ ਅਤੇ ਜਸਬੀਰ ਸਿੰਘ ਬਰੀਡਿੰਗ ਵਰਕਰ ਮੌਜੂਦ ਸਨ। ਇਸ ਮੌਕੇ ਪਿੰਡ ਦੇ ਸਰਪੰਚ ਜਗਸੀਰ ਸਿੰਘ ਭੁੱਲਰ ਨੇ ਸਿਹਤ ਵਿਭਾਗ ਵੱਲੋਂ ਪਿੰਡ ਢਿਪਾਲੀ ਵਿਖੇ ਕੀਤੇ ਜਾ ਰਹੇ ਸਿਹਤ ਸਬੰਧੀ ਉਪਰਾਲਿਆਂ ਦੀ ਸ਼ਲਾਘਾ ਕੀਤੀ।

# ਫੰਡਾਂ ਨੂੰ ਲੈ ਕੇ ਪ੍ਰਧਾਨ ਮੰਤਰੀ ਤੇ ਮੁੱਖ ਮੰਤਰੀ ਦੇ ਬਿਆਨਾਂ ’ਚ ਅੰਤਰ, ਬਾਜਵਾ ਨੇ ਲਿਖੀ ਚਿੱਠੀ

**ਏਜੰਸੀਆਂ**

ਚੰਡੀਗੜ੍ਹ 29 ਸਤੰਬਰ। ਹੜ੍ਹ ਰਾਹਤ ਫੰਡ ਜਿਸ ਬਾਰੇ ਲਗਾਤਾਰ ਵੱਖ-ਵੱਖ ਬਿਆਨ ਸਾਹਮਣੇ ਆ ਰਹੇ ਹਨ, ਨੂੰ ਲੈ ਕੇ ਹੁਣ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਣ ਨੂੰ ਇਕ ਚਿੱਠੀ ਲਿਖੀ ਹੈ। ਜਿਸ ਵਿਚ ਉਨ੍ਹਾਂ ਨੇ ਉਹ ਸੂਬਾ ਰਾਹਤ ਫੰਡ ਬਾਰੇ (SDRF) ਦੀ ਜਾਣਕਾਰੀ ਦੇਣ ਦੀ ਗੱਲ ਆਖੀ ਹੈ। ਬਾਜਵਾ ਨੇ ਕਿਹਾ ਕਿ ਐੱਸ. ਡੀ. ਆਰ. ਐੱਫ. ਨੂੰ ਲੈ ਕੇ ਪ੍ਰਧਾਨ ਮੰਤਰੀ ਅਤੇ ਪੰਜਾਬ ਦੇ ਮੁੱਖ ਮੰਤਰੀ ਅਤੇ ਵਿੱਤ ਮੰਤਰੀ ਦੇ ਬਿਆਨਾਂ ਵਿਚ ਵੱਡਾ ਅੰਤਰ ਨਜ਼ਰ ਆ ਰਿਹਾ ਹੈ। ਜਿਸ ਦੇ ਚੱਲਦੇ ਉਨ੍ਹਾਂ ਨੇ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਣ ਨੂੰ ਪੂਰੀ ਸੱਚਾਈ ਸਾਹਮਣੇ ਲਿਆਉਣ ਦੀ ਮੰਗ ਕੀਤੀ ਹੈ। ਬਾਜਵਾ ਨੇ ਆਪਣੇ ਪੱਤਰ ਵਿਚ ਲਿਖਿਆ ਕਿ ਪ੍ਰਧਾਨ ਮੰਤਰੀ ਵੱਲੋਂ ਹੜ੍ਹ ਰਾਹਤ ਲਈ 1600 ਕਰੋੜ ਦੀ ਗ੍ਰਾਂਟ ਦਾ ਐਲਾਨ ਕਰਨ ਦੌਰਾਨ ਕਿਹਾ ਗਿਆ ਸੀ ਕਿ 2010 ਤੋਂ 2025 ਤੱਕ ਸੂਬੇ ਸਰਕਾਰ ਕੋਲ ਲਗਭਗ 12000 ਕਰੋੜ ਦੇ SDRF ਫੰਡ ਉਪਲੱਬਧ ਹਨ ਪਰ ਦੂਜੇ ਪਾਸੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਕਹਿਣਾ ਹੈ ਕਿ ਸੂਬੇ ਨੂੰ ਕੇਵਲ 1,582 ਕਰੋੜ ਹੀ ਮਿਲੇ ਹਨ, ਜਿਨ੍ਹਾਂ ਵਿੱਚੋਂ 649 ਕਰੋੜ ਖਰਚੇ ਜਾ ਚੁੱਕੇ ਹਨ। ਦੋਵਾਂ ਬਿਆਨਾਂ ਵਿਚ ਅੰਤਰ



ਹੈ। ਬਾਜਵਾ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਗੜਬੜੀਆਂ ਨਜ਼ਰਅੰਦਾਜ਼ ਨਹੀਂ ਕੀਤੀਆਂ ਜਾ ਸਕਦੀਆਂ। ਪੰਜਾਬ ਵਿਧਾਨ ਸਭਾ 26 ਤੋਂ 29 ਸਤੰਬਰ 2025 ਤੱਕ ਹੜ੍ਹਾਂ ਤੋਂ ਪ੍ਰਭਾਵਿਤ ਲੋਕਾਂ ਲਈ ਰਾਹਤ ਅਤੇ ਮੁੜਵਸੇਬੇ ਲਈ ਚਰਚਾ ਲਈ ਇਜਲਾਸ ਸੱਦਿਆ ਗਿਆ ਹੈ, ਇਸ ਲਈ SDRF ਫੰਡ ਦੀ ਅਸਲ ਸਥਿਤੀ ਦਾ ਸਾਫ਼ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇਹ ਮਾਮਲਾ ਲੋਕਾਂ ਦੇ ਹਿੱਤ ਨਾਲ ਜੁੜਿਆ ਹੈ ਕਿਉਂਕਿ ਹੜ੍ਹ ਪੀੜਤਾਂ ਦੀ ਸਹਾਇਤਾ ਇਨ੍ਹਾਂ ਹੀ ਫੰਡਾਂ ’ਤੇ ਨਿਰਭਰ ਹੈ। ਇਸ ਲਈ ਉਨ੍ਹਾਂ ਮੰਗ ਕੀਤੀ ਕਿ 26 ਤੋਂ 29 ਸਤੰਬਰ ਤੱਕ ਹੋਣ ਵਾਲੇ ਵਿਧਾਨ ਸਭਾ ਸੈਸ਼ਨ ਤੋਂ ਪਹਿਲਾਂ ਇਕ ਵਿਆਪਕ ਰਿਪੋਰਟ ਜਾਰੀ ਕੀਤੀ ਜਾਵੇ। ਇਸ ਰਿਪੋਰਟ ਵਿਚ 2021-22 ਤੋਂ ਹੁਣ ਤੱਕ ਹਰ ਸਾਲ ਦੇ SDRF ਫੰਡਾਂ ਦੀ ਪ੍ਰਾਪਤੀ ਅਤੇ ਖਰਚ ਦਾ ਪੂਰਾ ਹਿਸਾਬ ਦਰਸਾਇਆ ਜਾਵੇ। ਉਨ੍ਹਾਂ ਕਿਹਾ ਕਿ ਇਹ ਮਾਮਲਾ ਕਿਸੇ ਪਾਰਟੀ ਦਾ ਨਹੀਂ ਸਗੋਂ “ਸੰਘੀ ਇਕਾਈ, ਵਿੱਤੀ ਪਾਰਦਰਸ਼ਤਾ ਅਤੇ ਹਰ ਪੰਜਾਬੀ ਦੇ ਸੱਚ ਜਾਣਨ ਦੇ ਅਧਿਕਾਰ ਨਾਲ ਜੁੜਿਆ ਹੈ। ਬਾਜਵਾ ਨੇ ਭਰੋਸਾ ਜਤਾਇਆ ਕਿ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਣ ਇਸ ਮਾਮਲੇ ਵਿਚ ਦਖਲ ਦੇ ਕੇ ਯਕੀਨੀ ਬਣਾਉਣਗੇ ਕਿ ਸੱਚਾਈ ਜਲਦ ਪੰਜਾਬ ਦੇ ਲੋਕਾਂ ਸਾਹਮਣੇ ਆ ਸਕੇ।

## ਸ਼ੂਗਰ ਦੇ ਮਰੀਜ਼ਾਂ ਨੂੰ ਭੁੱਲ ਕੇ ਵੀ ਨਹੀਂ ਖਾਣੀਆਂ ਚਾਹੀਦੀਆਂ ਇਹ ਦਾਲਾਂ, ਨਹੀਂ ਤਾਂ ਹੋਵੇਗਾ ਨੁਕਸਾਨ

ਨੈਸ਼ਨਲ ਡੈਸਕ 29 ਸਤੰਬਰ। ਬਿਮਾਰੀ ਵਿੱਚ ਬਲੱਡ ਸ਼ੂਗਰ ਦੇ ਲੈਵਲ ਨੂੰ ਕੰਟਰੋਲ ਕਰਨ ਲਈ, ਬਹੁਤ ਸਾਰੀਆਂ ਚੀਜ਼ਾਂ ਤੋਂ ਬਚਣ ਦੀ ਸਲਾਹ ਦਿੱਤੀ ਜਾਂਦੀ ਹੈ। ਇਨ੍ਹਾਂ ਵਿੱਚ ਕੁਝ ਦਾਲਾਂ ਵੀ ਸ਼ਾਮਲ ਹਨ, ਜਿਨ੍ਹਾਂ ਨੂੰ ਖਾਣ ਨਾਲ ਬਲੱਡ ਸ਼ੂਗਰ ਇੱਕ ਕ੍ਰੋਨਿਕ ਬਿਮਾਰੀ ਹੈ ਜਿਸ ਦਾ ਕੋਈ ਇਲਾਜ ਨਹੀਂ ਹੈ। ਇਸ ਨੂੰ ਸਿਰਫ਼ ਖੁਰਾਕ ਜਾਂ ਜੀਵਨ ਸ਼ੈਲੀ ਵਿੱਚ ਬਦਲਾਅ ਕਰਕੇ ਹੀ ਮੈਨਟੇਨ ਕੀਤਾ ਜਾ ਸਕਦਾ ਹੈ। ਇਸ ਬਿਮਾਰੀ ਵਿੱਚ ਬਲੱਡ ਸ਼ੂਗਰ ਦੇ ਪੱਧਰ ਨੂੰ ਕੰਟਰੋਲ ਕਰਨ ਲਈ ਬਹੁਤ ਸਾਰੀਆਂ ਚੀਜ਼ਾਂ ਤੋਂ ਬਚਣ ਦੀ ਸਲਾਹ ਦਿੱਤੀ ਜਾਂਦੀ ਹੈ। ਚਿੱਟੇ ਛੋਲੇ: ਸ਼ੂਗਰ ਦੇ ਮਰੀਜ਼ਾਂ ਨੂੰ ਵੀ ਚਿੱਟੇ ਛੋਲਿਆਂ ਤੋਂ ਦੂਰ ਰਹਿਣਾ ਚਾਹੀਦਾ ਹੈ। ਇਹ ਜ਼ਿਆਦਾ ਨੁਕਸਾਨ ਨਹੀਂ ਪਹੁੰਚਾਉਂਦੇ ਪਰ ਇਨ੍ਹਾਂ ਨੂੰ ਹਜ਼ਮ ਕਰਨਾ ਬਹੁਤ ਮੁਸ਼ਕਲ ਹੁੰਦਾ ਹੈ। ਇਸ ਨਾਲ ਕਬਜ਼ ਅਤੇ ਐਸਿਡਿਟੀ ਦੀ ਸਮੱਸਿਆ ਹੋ ਸਕਦੀ ਹੈ। ਚਿੱਟੇ ਛੋਲਿਆਂ ਵਿੱਚ ਪ੍ਰੋਟੀਨ ਪਾਇਆ ਜਾਂਦਾ ਹੈ, ਜੋ ਕਿ ਸ਼ੂਗਰ ਦੇ ਮਰੀਜ਼ਾਂ ਲਈ ਵੀ ਫਾਇਦੇਮੰਦ ਹੈ। ਇਸਨੂੰ ਥੋੜ੍ਹੀ ਮਾਤਰਾ ਵਿੱਚ ਹੀ ਖਾਣਾ ਚਾਹੀਦਾ ਹੈ। ਰਾਜਮਾ: ਸ਼ੂਗਰ ਦੇ ਮਰੀਜ਼ਾਂ ਨੂੰ ਵੀ ਰਾਜਮਾ ਖਾਣ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਦਰਅਸਲ, ਇਸ ਵਿੱਚ ਬਹੁਤ ਸਾਰੀਆਂ ਕੈਲੋਰੀਆਂ ਹੁੰਦੀਆਂ ਹਨ, ਜੋ ਸ਼ੂਗਰ ਦੇ ਪੱਧਰ ਨੂੰ ਵਧਾ ਸਕਦੀਆਂ ਹਨ। ਇਸ ਨਾਲ ਸ਼ੂਗਰ ਲੈਵਲ ਵਿਗੜ ਸਕਦਾ ਹੈ। ਜ਼ਿਆਦਾ ਮਾਤਰਾ ਵਿੱਚ ਰਾਜਮਾ ਖਾਣ ਨਾਲ ਪਾਚਨ ਸੰਬੰਧੀ ਸਮੱਸਿਆਵਾਂ ਵੀ ਹੋ ਸਕਦੀਆਂ ਹਨ। ਇਸ ਨਾਲ ਪੇਟ ਭਾਰੀ ਮਹਿਸੂਸ ਹੋ ਸਕਦਾ ਹੈ। ਹਾਲਾਂਕਿ, ਸ਼ੂਗਰ ਦੇ ਮਰੀਜ਼ ਇਸਨੂੰ ਘੱਟ ਮਾਤਰਾ ਵਿੱਚ ਖਾ ਸਕਦੇ ਹਨ। ਉੜਦ ਦੀ ਦਾਲ: ਸ਼ੂਗਰ ਦੇ ਮਰੀਜ਼ਾਂ ਨੂੰ ਉੜਦ ਦੀ ਦਾਲ ਖਾਣ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਇਸ ਦਾਲ ਨੂੰ ਹਜ਼ਮ ਕਰਨਾ ਬਹੁਤ ਔਖਾ ਹੈ। ਬਹੁਤ ਸਾਰੇ ਲੋਕ ਇਸ ਵਿੱਚ ਮੱਖਣ ਪਾ ਕੇ ਖਾਂਦੇ ਹਨ, ਜਿਸ ਨਾਲ ਪਾਚਨ ਕਿਰਿਆ ਵਿੱਚ ਹੋਰ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ। ਜ਼ਿਆਦਾ ਮਾਤਰਾ ਵਿੱਚ ਉੜਦ ਦੀ ਦਾਲ ਖਾਣ ਨਾਲ ਵੀ ਖ਼ੂਨ ਵਿੱਚ ਯੂਰਿਕ ਐਸਿਡ ਵੱਧ ਸਕਦਾ ਹੈ।

# ਸੋਨੇ ਦੀਆਂ ਕੀਮਤਾਂ ’ਚ ਤੇਜ਼ੀ ਦਾ ਅਸਰ ਦੂਬਈ ਤਕ , ਭਾਰਤੀ ਵਪਾਰੀ ਕਾਰੋਬਾਰ ’ਚ ਕਟੌਤੀ ਲਈ ਮਜਬੂਰ

**ਕੌਮੀ ਪਤ੍ਰਿਕਾ**

ਬਿਜ਼ਨੈੱਸ ਡੈਸਕ 29 ਸਤੰਬਰ। ਸੋਨੇ ਦੀ ਅੰਤਰਰਾਸ਼ਟਰੀ ਬਾਜ਼ਾਰ ’ਚ ਤੇਜ਼ੀ ਨੇ ਦੁਬਈ ਦੇ ਜਿਊਲਰੀ ਸੈਕਟਰ ਨੂੰ ਡੂੰਘਾ ਅਸਰ ਪਹੁੰਚਾਇਆ ਹੈ। ਖਾਸ ਕਰ ਕੇ ਭਾਰਤੀ ਜਿਊਲਰੀ ਕਾਰੋਬਾਰੀਆਂ ਲਈ ਇਹ ਇਕ ਵੱਡੀ ਚੁਣੌਤੀ ਬਣ ਗਈ ਹੈ, ਕਿਉਂਕਿ ਸੋਨੇ ਦੀਆਂ ਵੱਧਦੀਆਂ ਕੀਮਤਾਂ ਨੇ ਉਨ੍ਹਾਂ ਦੇ ਮਾਲ ਦੀ ਲਾਗਤ ਨੂੰ ਵਧਾ ਦਿੱਤਾ ਹੈ। ਦੁਬਈ, ਜੋ ਇਕ ਪ੍ਰਮੁੱਖ ਸੋਨੇ ਦਾ ਹਬ ਹੈ ਅਤੇ ਜਿੱਥੇ ਭਾਰਤੀ ਜਿਊਲਰੀ ਕਾਰੋਬਾਰੀ ਵੱਡੀ ਗਿਣਤੀ ’ਚ ਕੰਮ ਕਰਦੇ ਹਨ, ਉੱਥੇ ਇਸ ਤੇਜ਼ੀ ਨੇ ਬਾਜ਼ਾਰ ਦੀ ਮੰਗ ਨੂੰ ਵੀ ਘੱਟ ਕਰ ਦਿੱਤਾ ਹੈ। ਇਸ ਸਥਿਤੀ ਨੇ ਜਿਊਲਰੀ ਉਦਯੋਗ ’ਚ ਕਾਰੋਬਾਰ ਦੀ ਰਫਤਾਰ ਨੂੰ ਸੁਸਤ ਕਰ ਦਿੱਤਾ ਹੈ ਅਤੇ ਵਪਾਰੀਆਂ ਨੂੰ ਨਵੀਆਂ ਰਣਨੀਤੀਆਂ ਨੂੰ ਅਪਣਾਉਣ ਲਈ ਮਜਬੂਰ ਕਰ ਦਿੱਤਾ ਹੈ। ਪੱਛਮੀ ਏਸ਼ੀਆ ’ਚ ਭਾਰਤੀ ਗਹਿਣਿਆਂ ਦੇ ਸਭ ਤੋਂ ਵੱਡੇ ਦਰਾਮਦਕਾਰਾਂ ’ਚੋਂ ਇਕ ਬਾਫਲੇਹ ਜਿਊਲਰੀ, ਹਲਕੇ ਡਿਜ਼ਾਈਨ ਅਤੇ ਘੱਟ ਕੈਰੇਟ ਵਾਲੇ ਸੋਨੇ ਵੱਲ ਰੁਖ ਕਰ ਰਹੀ ਹੈ। ਦੁਬਈ ਸਥਿਤ ਕੰਪਨੀ ਦੇ ਮੈਨੇਜਿੰਗ ਡਾਇਰੈਕਟਰ ਰਮੇਸ਼ ਵੋਰਾ ਨੇ ਕਿਹਾ ਕਿ ਕੰਪਨੀ ਨੇ ਚਾਲੂ ਵਿੱਤੀ ਸਾਲ ਦੇ ਪਹਿਲੇ 8 ਮਹੀਨਿਆਂ ’ਚ ਭਾਰਤ ਤੋਂ 600-700 ਕਿਲੋਗ੍ਰਾਮ ਗਹਿਣੇ ਦਰਾਮਦ ਕੀਤੇ ਹਨ, ਜਦੋਂਕਿ ਪਿਛਲੇ ਸਮੁੱਚੇ ਸਾਲ ’ਚ ਇਹ ਅੰਕੜਾ 1.2 ਟਨ ਸੀ। ਦਰਾਮਦ ਮੁੱਲ ’ਚ ਵਾਧਾ ਹੋਇਆ ਹੈ ਪਰ ਮਾਤਰਾ ’ਚ 20-30 ਫੀਸਦੀ ਦੀ ਗਿਰਾਵਟ



ਆਈ ਹੈ ਕਿਉਂਕਿ ਸੋਨੇ ਦੀਆਂ ਕੀਮਤਾਂ 3 ਮਹੀਨਿਆਂ ਦੇ ਅੰਦਰ 2,200-2,500 ਡਾਲਰ ਪ੍ਰਤੀ ਔਂਸ ਤੋਂ ਵਧ ਕੇ 3,600 ਡਾਲਰ ਪ੍ਰਤੀ ਔਂਸ ਹੋ ਗਈਆਂ ਹਨ। ਵੋਰਾ ਨੇ ਹਾਲ ਹੀ ’ਚ ਸਾਊਦੀ ਅਰਬ ਗਹਿਣਾ ਪ੍ਰਦਰਸ਼ਨੀ (ਐੱਸ. ਏ. ਜੇ. ਈ. ਐੱਕਸ.) ਦੌਰਾਨ ਗੱਲਬਾਤ ’ਚ ਕਿਹਾ,“ਲੋਕ ਹੁਣ ਇਸ ਨੂੰ ਬਰਦਾਸ਼ਤ ਨਹੀਂ ਕਰ ਸਕਦੇ।ਸਾਡਾ ਮੰਨਣਾ ??ਹੈ ਕਿ ਸੋਨਾ 4,000 ਅਮਰੀਕੀ ਡਾਲਰ ਤਕ ਵੀ ਪਹੁੰਚ ਸਕਦਾ ਹੈ। ਕੰਪਨੀ ਅਗਲੇ ਮਹੀਨੇ 14 ਕੈਰੇਟ ਦੇ ਗਹਿਣੇ ਪੇਸ਼ ਕਰਨ ਦੀ ਯੋਜਨਾ ਬਣਾ ਰਹੀ ਹੈ। ਇਸ ਲਈ ਉਹ ਕੋਲਕਾਤਾ ਅਤੇ ਦਿੱਲੀ ਦੇ ਸਪਲਾਇਰਾਂ ਨਾਲ ਮਿਲ ਕੇ ਕੰਮ ਕਰ ਰਹੀ ਹੈ ਤਾਂਕਿ ਸੋਨੇ ਦੀ ਮਾਤਰਾ ਘੱਟ ਕਰਦੇ ਹੋਏ ਰੰਗ ਦੀ ਗੁਣਵੱਤਾ ਬਰਕਰਾਰ ਰੱਖੀ ਜਾ ਸਕੇ। ਰਣਨੀਤੀ ’ਚ ਇਹ ਬਦਲਾਅ ਗਹਿਣਾ ਦਰਾਮਦਕਾਰਾਂ ਦੇ ਸਾਹਮਣੇ ਆਉਣ ਵਾਲੀਆਂ ਵਿਆਪਕ ਚੁਣੌਤੀਆਂ ਨੂੰ ਦਰਸਾਉਂਦਾ ਹੈ ਕਿਉਂਕਿ ਸੋਨੇ ਦੀਆਂ ਅਸਥਿਰ ਕੀਮਤਾਂ ਕਾਰਨ ਰੋਜ਼ਾਨਾ 50 ਡਾਲਰ ਦਾ ਉਤਰਾਅ-ਚੜ੍ਹਾਅ ਹੁੰਦਾ ਰਹਿੰਦਾ ਹੈ। ਵੋਰਾ ਨੇ ਨਾਲ ਹੀ ਭਾਰਤ ਦੀ ਕਾਰੀਗਰੀ ਦੀ ਤੁਲਨਾ ਇਟਲੀ, ਤੁਰਕੀਏ, ਸਿੰਗਾਪੁਰ ਅਤੇ ਇੰਡੋਨੇਸ਼ੀਆ ਦੇ ਮਸ਼ੀਨ ਨਾਲ ਬਣੇ ਗਹਿਣਿਆਂ ਨਾਲ ਕਰਦੇ ਹੋਏ ਕਿਹਾ,“ਭਾਰਤੀ ਗਹਿਣਿਆਂ ਨੂੰ ਕੋਈ ਟੱਕਰ ਨਹੀਂ ਦੇ ਸਕਦਾ ਕਿਉਂਕਿ ਇਹ ਪੂਰੀ ਤਰ੍ਹਾਂ ਨਾਲ ਹੱਥ ਨਾਲ ਬਣੇ ਹੁੰਦੇ ਹਨ। ਉਨ੍ਹਾਂ ਕਿਹਾ,“ਭਾਰਤੀ ਗਹਿਣੇ ਹੁਣ ਵੀ ਦੁਨੀਆ ’ਚ ਪਹਿਲੀ ਪਸੰਦ ਹਨ ਅਤੇ ਕੋਈ ਵੀ ਉਨ੍ਹਾਂ ਦਾ ਮੁਕਾਬਲਾ ਨਹੀਂ ਕਰ ਸਕਦਾ।”

# ਸਾਬਕਾ ਮੰਤਰੀ ਹਰਮੇਲ ਸਿੰਘ ਟੌਹੜਾ ਦਾ ਸਰਕਾਰੀ ਸਨਮਾਨਾਂ ਨਾਲ ਸਸਕਾਰ

**ਏਜੰਸੀਆਂ**

ਪਟਿਆਲਾ/ਪਾਤੜਾਂ 29 ਸਤੰਬਰ। ਸਾਬਕਾ ਮੰਤਰੀ ਸਵਰਗੀ ਹਰਮੇਲ ਸਿੰਘ ਟੌਹੜਾ (77), ਜਿਨ੍ਹਾਂ ਦਾ ਬੀਤੇ ਦਿਨੀਂ ਦੇਹਾਂਤ ਹੋ ਗਿਆ ਸੀ, ਨੂੰ ਅੱਜ ਅੰਤਿਮ ਸਸਕਾਰ ਮੌਕੇ ਸੇਜਲ ਅੱਖਾਂ ਨਾਲ ਅੰਤਿਮ ਵਿਦਾਈ ਦਿੱਤੀ ਗਈ। ਉਨ੍ਹਾਂ ਦੀ ਮ੍ਰਿਤਕ ਦੇਹ ਦਾ ਅੰਤਿਮ ਸਸਕਾਰ ਪਿੰਡ ਟੌਹੜਾ ਦੇ ਸ਼ਮਸ਼ਾਨਘਾਟ ਵਿਖੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ। ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰਾਂ ਹਰਿੰਦਰਪਾਲ ਸਿੰਘ ਟੌਹੜਾ ਅਤੇ ਕੰਵਰਵੀਰ ਸਿੰਘ ਟੌਹੜਾ ਨੇ ਦਿਖਾਈ। ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਤਰਫ਼ੋਂ ਐੱਸ.ਡੀ.ਐਮ. ਨਾਭਾ ਡਾ. ਇਸਮਤ ਵਿਜੇ ਸਿੰਘ ਨੇ ਮ੍ਰਿਤਕ ਦੇਹ ’ਤੇ ਰੀਥਾਂ ਰੱਖ ਕੇ ਸ਼ਰਧਾਂਜਲੀ ਭੇਂਟ ਕੀਤੀ। ਇਸ ਮੌਕੇ ਪਟਿਆਲਾ ਪੁਲਸ ਦੀ ਟੁੱਕੜੀ ਨੇ ਮਾਤਮੀ ਧੁਨ ਵਜਾਈ ਅਤੇ ਜਵਾਨਾਂ ਨੇ ਹਥਿਆਰ ਉਲਟੇ ਕਰਕੇ ਗਾਰਡ ਆਫ਼ ਆਨਰ ਦਿੰਦਿਆਂ ਫ਼ਾਇਰ ਕਰਕੇ ਸਲਾਮੀ ਦਿੱਤੀ। ਜ਼ਿਕਰਯੋਗ ਹੈ ਕਿ ਹਰਮੇਲ ਸਿੰਘ ਟੌਹੜਾ ਸ਼?ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਲੰਮਾ ਸਮਾਂ ਪ੍ਰਧਾਨ ਰਹੇ ਮਰਹੂਮ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੇ ਦਾਮਾਦ ਸਨ। ਉਹ 21 ਸਤੰਬਰ ਨੂੰ ਆਪਣੀ ਸੁਪਤਨੀ ਤੇ ਐੱਸ.ਜੀ.ਪੀ.ਸੀ. ਮੈਂਬਰ ਬੀਬੀ ਕੁਲਦੀਪ ਕੌਰ ਟੌਹੜਾ, ਸਪੁੱਤਰਾਂ ਹਰਿੰਦਰ ਪਾਲ ਸਿੰਘ ਟੌਹੜਾ ਤੇ ਕੰਵਰਵੀਰ ਸਿੰਘ ਟੌਹੜਾ, ਬੇਟੀਆਂ ਜਸਪ੍ਰੀਤ ਕੌਰ ਤੇ ਗੁਰਮਨਪ੍ਰੀਤ ਕੌਰ ਸਮੇਤ ਹੋਰ ਵੱਡੀ ਗਿਣਤੀ ਪਰਿਵਾਰਕ ਮੈਂਬਰਾਂ ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਸਵਰਗੀ ਹਰਮੇਲ ਸਿੰਘ ਟੌਹੜਾ 1997 ’ਚ ਡਕਾਲਾ ਵਿਧਾਨ ਸਭਾ ਹਲਕਾ (ਹੁਣ ਸਨੌਰ) ਤੋਂ ਵਿਧਾਇਕ ਚੁਣੇ ਗਏ ਸਨ ਅਤੇ ਲੋਕ ਨਿਰਮਾਣ ਵਿਭਾਗ ਦੇ ਕੈਬਨਿਟ ਮੰਤਰੀ ਰਹੇ ਸਨ। ਹਰਮੇਲ ਸਿੰਘ ਟੌਹੜਾ ਦੇ ਅੰਤਿਮ ਸਸਕਾਰ ਮੌਕੇ ਗੁਰਦੁਆਰਾ ਮੋਤੀ ਬਾਗ ਸਾਹਿਬ ਦੇ ਗ੍ਰੰਥੀ ਗਿਆਨੀ ਹਰਵਿੰਦਰ ਸਿੰਘ ਨੇ ਜਪੁਜੀ ਸਾਹਿਬ ਦਾ ਪਾਠ ਅਤੇ ਅਰਦਾਸ ਕੀਤੀ। ਇਸ ਦੌਰਾਨ ਸ਼?ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਸਮੇਤ ਵੱਡੀ ਗਿਣਤੀ ਰਾਜਸੀ, ਸਮਾਜਿਕ ਤੇ ਧਾਰਮਿਕ ਸ਼ਖ਼ਸੀਅਤਾਂ, ਇਲਾਕਾ ਨਿਵਾਸੀਆਂ ਅਤੇ ਸਕੇ ਸਬੰਧੀਆਂ ਸਮੇਤ ਹੋਰਨਾਂ ਅਹਿਮ ਸ਼ਖ਼ਸੀਅਤਾਂ ਵੱਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।

# ਹੜ੍ਹ ਪੀੜਤਾਂ ਲਈ ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਉਪਰਾਲੇ, ਬੰਨ੍ਹਾਂ ਦੀ ਮੁਰੰਮਤ ਲਈ ਡੀਜ਼ਲ ਸਹਾਇਤਾ ਜਾਰੀ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 29 ਸਤੰਬਰ। ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਕੀਤੇ ਜਾ ਰਹੇ ਰਾਹਤ ਕਾਰਜਾਂ ਅਤੇ ਸੰਗਤਾਂ ਵੱਲੋਂ ਭੇਜੀ ਜਾ ਰਹੀ ਵਿੱਤੀ ਸਹਾਇਤਾ ਦੇ ਵੇਰਵਿਆਂ ਨੂੰ ਸ਼ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅਧਿਕਾਰਤ ਵੈੱਬਸਾਈਟ ’ਤੇ ਜਾਰੀ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼?ਰੋਮਣੀ ਕਮੇਟੀ ਹੜ੍ਹਾਂ ਦੌਰਾਨ ਹੋਏ ਨੁਕਸਾਨ ਦੇ ਮੱਦੇਨਜ਼ਰ ਲੋੜਵੰਦਾਂ ਤੱਕ ਲਗਾਤਾਰ ਪਹੁੰਚ ਅਪਣਾ ਰਹੀ ਹੈ ਅਤੇ ਸੰਗਤਾਂ ਦੀ ਮੰਗ ਅਤੇ ਲੋੜਾਂ ਨੂੰ ਮੁੱਖ ਰੱਖਦਿਆਂ ਸਿੱਖ ਸੰਸਥਾ ਵੱਲੋਂ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜਿਥੇ ਸ਼?ਰੋਮਣੀ ਕਮੇਟੀ ਨੇ ਰਾਹਤ ਕਾਰਜਾਂ ਲਈ 20 ਕਰੋੜ ਰੁਪਏ ਰਾਖਵੇਂ ਰੱਖੇ ਹਨ, ਉਥੇ ਸੰਗਤਾਂ ਵੱਲੋਂ ਵੀ ਵੱਡਾ ਸਹਿਯੋਗ ਕੀਤਾ ਜਾ ਰਿਹਾ ਹੈ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ 19 ਸਤੰਬਰ ਤੱਕ ਸ਼?ਰੋਮਣੀ ਕਮੇਟੀ ਮੈਂਬਰ ਸਾਹਿਬਾਨ, ਮੁਲਾਜ਼ਮਾਂ ਅਤੇ ਸੰਗਤਾਂ ਵੱਲੋਂ ਕੀਤੀ ਸਹਾਇਤਾ ਦੇ ਵੇਰਵੇ ਵੈੱਬਸਾਈਟ ’ਤੇ ਪਾਏ ਗਏ ਹਨ, ਜਦਕਿ ਅੱਜ ਤੱਕ 6 ਕਰੋੜ 9 ਲੱਖ 49 ਹਜ਼ਾਰ ਤੋਂ ਵੱਧ ਦੀ ਰਕਮ ਸ਼?ਰੋਮਣੀ ਕਮੇਟੀ ਕੋਲ ਆਈ ਹੈ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ 19 ਸਤੰਬਰ ਤੱਕ ਹੋਏ ਖ਼ਰਚਿਆਂ ਦਾ ਵੇਰਵਾ ਵੀ ਜਨਤਕ ਕੀਤਾ ਗਿਆ ਹੈ, ਜਿਸ ਵਿਚ ਰਾਹਤ ਕਾਰਜਾਂ ਲਈ ਵੱਖ-ਵੱਖ ਗੁਰਦੁਆਰਾ ਸਾਹਿਬਾਨ ਤੋਂ 91 ਲੱਖ 4 ਹਜ਼ਾਰ ਰੁਪਏ ਤੋਂ ਵੱਧ ਦੇ ਖ਼ਰਚਿਆਂ ਦੇ ਨਾਲ-ਨਾਲ 23 ਲੱਖ 26 ਹਜ਼ਾਰ ਤੋਂ ਵੱਧ ਮੈਡੀਕਲ ਸੇਵਾਵਾਂ ਦਾ ਖ਼ਰਚ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਸੰਗਤਾਂ ਵੱਲੋਂ ਚੜ੍ਹਤ ਵਿਚ ਭੇਜੀਆਂ ਰਸਦਾਂ ਅਤੇ ਜ਼ਰੂਰੀ ਸਮਾਨ ਵੀ ਪੀੜਤਾਂ ਤੱਕ ਪੁੱਜਦਾ ਕੀਤਾ ਜਾ ਰਿਹਾ ਹੈ। ਐਡਵੋਕੇਟ ਧਾਮੀ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼?ਰੋਮਣੀ ਕਮੇਟੀ ਵੱਲੋਂ ਹੜ੍ਹਾਂ ਨਾਲ ਨੁਕਸਾਨੇ ਬੰਨ੍ਹਾਂ ਦੀ ਮਜ਼ਬੂਤੀ ਲਈ ਕਾਰਜ ਕਰ ਰਹੀਆਂ ਸੰਗਤਾਂ ਨੂੰ ਹੁਣ ਤੱਕ 22 ਹਜ਼ਾਰ ਲੀਟਰ ਡੀਜ਼ਲ ਦਿੱਤਾ ਜਾ ਚੁੱਕਾ ਹੈ, ਜਿਸ ਵਿਚ ਖੇਮਕਰਨ ਹਲਕੇ ਲਈ 6 ਹਜ਼ਾਰ ਲੀਟਰ, ਡੇਰਾ ਬਾਬਾ ਨਾਨਕ ਲਈ 5 ਹਜ਼ਾਰ ਲੀਟਰ ਅਤੇ ਸੁਲਤਾਨਪੁਰ ਲੋਧੀ ਏਰੀਏ ਲਈ 11 ਹਜ਼ਾਰ ਲੀਟਰ ਡੀਜ਼ਲ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਸੁਲਤਾਨਪੁਰ ਲੋਧੀ ਦੀਆਂ ਸੰਗਤਾਂ ਦੀ ਮੰਗ ਅਨੁਸਾਰ ਆਉਂਦੇ ਦਿਨਾਂ ਵਿਚ 8 ਹਜ਼ਾਰ ਲੀਟਰ ਡੀਜ਼ਲ ਹੋਰ ਦਿੱਤਾ ਜਾਵੇਗਾ। ਸ਼?ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਸੇ ਤਰ੍ਹਾਂ ਕਿਸਾਨਾਂ ਨੂੰ ਕਣਕ ਦੀ ਬਿਜਾਈ ਸਮੇਂ ਡੀਜ਼ਲ ਅਤੇ ਮਿਆਰੀ ਬੀਜ ਦੇਣ ਦਾ ਵੀ ਪ੍ਰਬੰਧ ਕੀਤਾ ਜਾ ਰਿਹਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼?ਰੋਮਣੀ ਕਮੇਟੀ ਵੱਲੋਂ ਪ੍ਰਭਾਵਿਤ ਖੇਤਰਾਂ ਅੰਦਰ ਗੁਰਦੁਆਰਾ ਸਾਹਿਬਾਨ ਦੇ ਹੋਏ ਨੁਕਸਾਨ ਦੇ ਵੇਰਵੇ ਵੀ ਇਕੱਤਰ ਕੀਤੇ ਜਾ ਰਹੇ ਹਨ, ਤਾਂ ਜੋ ਲੋੜ ਅਨੁਸਾਰ ਸਹਾਇਤਾ ਰਾਸ਼ੀ ਦਿੱਤੀ ਜਾ ਸਕੇ। ਉਨ੍ਹਾਂ ਕਿਹਾ ਕਿ ਅੱਗੇ ਸਰਦੀ ਦੇ ਆ ਰਹੇ ਮੌਸਮ ਨੂੰ ਮੁੱਖ ਰੱਖਦਿਆਂ ਸ਼?ਰੋਮਣੀ ਕਮੇਟੀ ਵੱਲੋਂ ਹੜ੍ਹ ਪੀੜਤਾਂ ਨੂੰ ਕੰਬਲ ਤੇ ਗੱਦੇ ਮੁਹੱਈਆ ਕਰਵਾਉਣ ਦੇ ਵੀ ਪ੍ਰਬੰਧ ਕੀਤੇ ਜਾ ਰਹੇ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼?ਰੋਮਣੀ ਕਮੇਟੀ ਪੂਰੀ ਪਾਰਦਰਸ਼ਤਾ ਦੇ ਨਾਲ ਕਾਰਜ ਕਰ ਹੀ ਹੈ ਅਤੇ ਇਸ ਦੇ ਸਾਰੇ ਵੇਰਵੇ ਸ਼?ਰੋਮਣੀ ਕਮੇਟੀ ਵੱਲੋਂ ਜਾਰੀ ’ਤੇ ਦੇਖੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਸ਼?ਰੋਮਣੀ ਕਮੇਟੀ ਸਿੱਖਾਂ ਦੀ ਚੁਣੀ ਹੋਈ ਸੰਸਥਾ ਹੈ, ਜੋ ਨਿਯਮਾਂ ਵਿਚ ਰਹਿ ਕੇ ਕਾਰਜ ਕਰਦੀ ਹੈ। ਉਨ੍ਹਾਂ ਕਿਹਾ ਕਿ ਕੁਝ ਲੋਕਾਂ ਵੱਲੋਂ ਬਿਨਾਂ ਕਾਰਨ ਸ਼?ਰੋਮਣੀ ਕਮੇਟੀ ’ਤੇ ਇਲਜ਼ਾਮ ਲਗਾਉਣੇ ਠੀਕ ਨਹੀਂ ਹਨ, ਸਗੋਂ ਇਸ ਮੁਸੀਬਤ ਸਮੇਂ ਸਾਰਿਆਂ ਨੂੰ ਰਲ ਕੇ ਲੋੜਵੰਦਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਸ਼?ਰੋਮਣੀ ਕਮੇਟੀ ਸ਼?ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਅਮਰੀਕ ਸਿੰਘ ਵਿਛੋਆ, ਮੈਂਬਰ ਰਣਜੀਤ ਸਿੰਘ ਕਾਹਲੋਂ, ਸਤਪਾਲ ਸਿੰਘ ਤਲਵੰਡੀ ਭਾਈ, ਤਰਸੇਮ ਸਿੰਘ ਰਤੀਆ, ਓਐਸਡੀ ਸਤਬੀਰ ਸਿੰਘ ਧਾਮੀ, ਸਕੱਤਰ ਪ੍ਰਤਾਪ ਸਿੰਘ, ਵਧੀਕ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ, ਸੁਪ੍ਰਿੰਟੈਂਡੈਂਟ



ਨਿਸ਼ਾਨ ਸਿੰਘ ਵੀ ਹਾਜ਼ਰ ਸਨ। ਇਸੇ ਦੌਰਾਨ ਸ਼?ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਵਸ ਨੂੰ ਸਮਰਪਿਤ ਅਸਾਮ ਤੋਂ ਆਰੰਭ ਹੋਏ ਸ਼ਹੀਦੀ ਨਗਰ ਕੀਰਤਨ ਦਾ ਅਗਲਾ ਰੂਟ ਵੀ ਜਨਤਕ ਕੀਤਾ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਸੂਬਿਆਂ ਅੰਦਰ ਸੰਗਤਾਂ ਵੱਲੋਂ ਨਗਰ ਕੀਰਤਨ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਰੋਜ਼ਾਨਾ ਵੱਡੀ ਗਿਣਤੀ ਵਿਚ ਸੰਗਤਾਂ ਨਤਮਸਤਕ ਹੋ ਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਵੱਖ-ਵੱਖ ਸੂਬਿਆਂ ’ਚੋਂ ਹੁੰਦਾ ਹੋਇਆ ਇਹ ਨਗਰ ਕੀਰਤਨ ਇਸ ਸਮੇਂ ਮਹਾਰਾਸ਼ਟਰ ਵਿਚ ਪ੍ਰਵੇਸ਼ ਕਰ ਚੁੱਕਾ ਹੈ, ਜਿਥੋਂ ਇਹ 29 ਸਤੰਬਰ ਨੂੰ ਨਾਗਪੁਰ ਤੋਂ ਚੱਲ ਕੇ ਚੰਦਰਪੁਰ ਵਿਖੇ ਵਿਸ਼ਰਾਮ ਕਰੇਗਾ। 29 ਸਤੰਬਰ ਨੂੰ ਨਗਰ ਕੀਰਤਨ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਚੰਦਰਪੁਰ ਤੋਂ, 25 ਨੂੰ ਗੁਰਦੁਆਰਾ ਸਾਹਿਬ ਗੋਬਿੰਦ ਨਗਰ ਕਰੀਮਪੁਰ ਤੇਲੰਗਾਨਾ ਤੋਂ, 29 ਸਤੰਬਰ ਨੂੰ ਗੁਰਦੁਆਰਾ ਬ੍ਰਹਮਬਾਲਾ ਸਾਹਿਬ ਸਿੱਖ ਛਾਉਣੀ ਹੈਦਰਾਬਾਦ ਤੋਂ, 29 ਸਤੰਬਰ ਨੂੰ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਗੁਰੂ ਨਾਨਕ ਕਲੋਨੀ ਵਿਜੈਵਾੜਾ ਤੋਂ, 29 ਸਤੰਬਰ ਨੂੰ ਗੁਰਦੁਆਰਾ ਗੁਰੂ ਨਾਨਕ ਦਰਬਾਰ ਚੇਨਈ ਤਾਮਿਲਨਾਡੂ ਤੋਂ, 29 ਸਤੰਬਰ ਨੂੰ ਗੁਰਦੁਆਰਾ ਸਾਹਿਬ ਉਰਸੂਲ ਬੰਗਲੌਰ ਤੋਂ, 30 ਸਤੰਬਰ ਨੂੰ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਹੁਬਲੀ ਕਰਨਾਟਕਾ ਤੋਂ, 1 ਅਕਤੂਬਰ ਨੂੰ ਗੁਰਦੁਆਰਾ ਗੁਰੂ ਦਰਬਾਰ ਬਾਬਾ ਨਾਨਕ ਕੋਹਲਾਪੁਰ ਮਹਾਰਾਸ਼ਟਰ ਤੋਂ ਚੱਲ ਕੇ ਪੂਨੇ ਮਹਾਰਾਸ਼ਟਰ ਜਾਵੇਗਾ, ਜਿਥੋਂ 3 ਅਕਤੂਬਰ ਨੂੰ ਸੋਲਾਪੁਰ ਮਹਾਰਾਸ਼ਟਰ ਲਈ ਰਵਾਨਾ ਹੋਵੇਗਾ। ਇਸੇ ਤਰ੍ਹਾਂ 4 ਅਕਤੂਬਰ ਨੂੰ ਸੋਲਾਪੁਰ ਤੋਂ ਚਲ ਕੇ ਗੁਰਦੁਆਰਾ ਸ੍ਰੀ ਨਾਨਕ ਝੀਰਾ ਸਾਹਿਬ ਬਿਦਰ ਕਰਨਾਟਕਾ ਪੁੱਜੇਗਾ, ਜਿਥੋਂ 5 ਅਕਤੂਬਰ ਨੂੰ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਅਬਚਲ ਨਗਰ ਨਾਂਦੇੜ ਮਹਾਰਾਸ਼ਟਰ ਪਹੁੰਚੇਗਾ। ਉਨ੍ਹਾਂ ਦੱਸਿਆ ਕਿ 6 ਅਕਤੂਬਰ ਨੂੰ ਨਾਂਦੇੜ ਸਾਹਿਬ ਵਿਖੇ ਗੁਰਮਤਿ ਸਮਾਗਮ ਹੋਵੇਗਾ ਅਤੇ 7 ਅਕਤੂਬਰ ਨੂੰ ਇਹ ਨਗਰ ਕੀਰਤਨ ਔਰੰਗਾਬਾਦ ਮਹਾਰਾਸ਼ਟਰ ਲਈ ਰਵਾਨਾ ਹੋਵੇਗਾ। 8 ਅਕਤੂਬਰ ਨੂੰ ਔਰੰਗਾਬਾਦ ਤੋਂ ਮਨਮਾੜ, 9 ਅਕਤੂਬਰ ਨੂੰ ਮਨਮਾੜ ਤੋਂ ਉਲ੍ਹਾਸਨਗਰ ਮੁੰਬਈ, 10 ਅਕਤੂਬਰ ਨੂੰ ਉਲ੍ਹਾਸਨਗਰ ਤੋਂ ਖਾਲਸਾ ਕਾਲਜ ਮਾਟੂੰਗਾ ਮੁੰਬਈ, 11 ਅਕਤੂਬਰ ਨੂੰ ਮਾਟੂੰਗਾ ਤੋਂ ਗੁਰਦੁਆਰਾ ਨਾਨਕ ਦਰਬਾਰ ਬੋਰੀਵਾਲੀ ਮੁੰਬਈ, 12 ਅਕਤੂਬਰ ਨੂੰ ਬੋਰੀਵਾਲੀ ਤੋਂ ਸੂਰਤ ਗੁਜਰਾਤ, 13 ਅਕਤੂਬਰ ਨੂੰ ਸੂਰਤ ਤੋਂ ਅਹਿਮਦਾਬਾਦ, 14 ਅਕਤੂਬਰ ਨੂੰ ਅਹਿਮਦਾਬਾਦ ਤੋਂ ਇੰਦੌਰ ਮੱਧ ਪ੍ਰਦੇਸ਼ ਜਾਵੇਗਾ